@Qpatrika  @qaumipatrika punjabi  instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Punjabi National Daily

Qaumi Patrika NO.1

ਦਿੱਲੀ, हिमाचल, हरियाणा, पंजाब, उत्तर प्रदेश, उत्तराखण्ड से प्रसारित।

Thursday, 22 October 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਵੀਰਵਾਰ 22 ਅਕਤੂਬਰ 2026, 8 ਕੱਤਕ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 349, qpatrika@gmail.com ਫੋਨ : 9971359517 www.qaumipatrika.org

## ਪ੍ਰਧਾਨ ਮੰਤਰੀ ਦੀਆਂ ਵਿਦੇਸ਼ੀ ਯਾਤਰਾਵਾਂ ਦਾ ਰਿਕਾਰਡ ਨਹੀਂ ਹੋਵੇਗਾ ਜਨਤਕ: ਦਿੱਲੀ ਹਾਈ ਕੋਰਟ ਦਾ ਹੁਕਮ

ਕੌਮੀ ਪਤ੍ਰਿਕਾ
ਸਿੰਮੀ ਕੌਰ ਬੱਬਰ

ਨਵੀਂ ਦਿੱਲੀ 21 ਅਕਤੂਬਰ। ਦਿੱਲੀ ਹਾਈ ਕੋਰਟ ਨੇ ਕੇਂਦਰੀ ਸੂਚਨਾ ਆਯੋਗ ਦੇ ਉਸ ਹੁਕਮ ਨੂੰ ਰੱਦ ਕਰ ਦਿੱਤਾ ਹੈ, ਜਿਸ ਵਿੱਚ ਭਾਰਤੀ ਹਵਾਈ ਫੌਜ ਨੂੰ ਸੂਚਨਾ ਦਾ ਅਧਿਕਾਰ ਐਕਟ ਤਹਿਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦੀਆਂ ਵਿਦੇਸ਼ੀ ਯਾਤਰਾਵਾਂ ਨਾਲ ਜੁੜੇ ਵੇਰਵੇ ਜਨਤਕ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਹਾਈ ਕੋਰਟ ਨੇ ਕਿਹਾ ਕਿ ਅਜਿਹੀ ਜਾਣਕਾਰੀ ਦਾ ਖੁਲਾਸਾ ਕਰਨ ਨਾਲ ਰਾਸ਼ਟਰੀ ਸੁਰੱਖਿਆ ਦੇ ਨਾਲ-ਨਾਲ ਪ੍ਰਧਾਨ ਮੰਤਰੀ ਦੀ ਜਾਨ ਅਤੇ ਸਰੀਰਕ ਸੁਰੱਖਿਆ ਨੂੰ ਖ਼ਤਰਾ ਪੈਦਾ ਹੋ ਸਕਦਾ ਹੈ। ਜਸਟਿਸ ਅਮਿਤ ਮਹਾਜਨ ਨੇ ਫੈਸਲਾ ਸੁਣਾਉਂਦਿਆਂ ਕਿਹਾ ਕਿ ਆਰ.ਟੀ.ਆਈ. ਬਿਨੈਕਾਰ ਰਿਟਾਇਰਡ ਕਮੋਡੋਰ ਲੋਕੇਸ਼ ਬਤਰਾ ਵੱਲੋਂ 'ਸਪੈਸ਼ਲ ਫਲਾਈਟ ਰਿਟਰਨਜ਼' ਦੇ ਭਾਗ-1 ਅਤੇ ਭਾਗ-2 ਸਬੰਧੀ ਜਾਣਕਾਰੀ ਮੰਗੀ ਗਈ ਸੀ। ਇਸ ਵਿੱਚ ਜਹਾਜ਼, ਏਅਰਕ੍ਰਿਊ, ਪੂਰੇ ਡੈਲੀਗੇਸ਼ਨ (ਸਮੂਹ) ਦੇ ਵੇਰਵੇ ਅਤੇ ਪ੍ਰਧਾਨ ਮੰਤਰੀ ਨਾਲ ਯਾਤਰਾ ਕਰਨ ਵਾਲੇ ਸਪੈਸ਼ਲ ਪ੍ਰੋਟੈਕਸ਼ਨ ਗਰੁੱਪ ਦੇ ਜਵਾਨਾਂ ਦੇ ਨਾਂ ਸ਼ਾਮਲ ਸਨ। ਅਦਾਲਤ ਨੇ ਸਪੱਸ਼ਟ




ਕੀਤਾ ਕਿ ਪ੍ਰਧਾਨ ਮੰਤਰੀ ਦੀ ਸੁਰੱਖਿਆ ਦਾ ਮੁਲਾਂਕਣ ਕਰਨਾ ਮੁੱਖ ਤੌਰ 'ਤੇ ਸੁਰੱਖਿਆ ਏਜੰਸੀਆਂ ਦੇ ਅਧਿਕਾਰ ਖੇਤਰ ਵਿੱਚ ਆਉਂਦਾ ਹੈ ਅਤੇ ਹਾਈ ਕੋਰਟ ਜਾਂ ਸੀ.ਆਈ.ਸੀ. ਸੁਰੱਖਿਆ ਏਜੰਸੀਆਂ ਦੇ ਮੁਲਾਂਕਣ ਦੀ ਥਾਂ ਆਪਣਾ ਅੰਦਾਜ਼ਾ ਨਹੀਂ ਲਗਾ ਸਕਦੇ। ਜ਼ਿਕਰਯੋਗ ਹੈ ਕਿ ਇਹ ਮਾਮਲਾ ਜੂਨ 2018 ਵਿੱਚ ਰਿਟਾਇਰਡ ਕਮੋਡੋਰ ਲੋਕੇਸ਼ ਬਤਰਾ ਵੱਲੋਂ ਦਾਖਲ ਕੀਤੀ ਗਈ ਇੱਕ ਆਰ.ਟੀ.ਆਈ. ਅਰਜ਼ੀ ਨਾਲ ਸ਼ੁਰੂ ਹੋਇਆ ਸੀ, ਜਿਸ ਵਿੱਚ ਉਨ੍ਹਾਂ ਨੇ ਅਪ੍ਰੈਲ 2013 ਤੋਂ ਜੂਨ 2018 ਦੇ ਵਿਚਕਾਰ ਹਵਾਈ ਫੌਜ ਦੇ ਜਹਾਜ਼ਾਂ ਰਾਹੀਂ ਭਾਰਤੀ ਪ੍ਰਧਾਨ ਮੰਤਰੀਆਂ ਵੱਲੋਂ ਕੀਤੇ ਗਏ ਵਿਦੇਸ਼ੀ ਦੌਰਿਆਂ ਦੇ ਵੇਰਵੇ ਮੰਗੇ ਸਨ। ਹਵਾਈ ਫੌਜ ਨੇ ਕੁਝ ਜਾਣਕਾਰੀ ਤਾਂ ਦਿੱਤੀ ਸੀ, ਪਰ SFR ਭਾਗ-1 ਅਤੇ ਭਾਗ-2 ਦੇ ਵੇਰਵੇ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਬਾਅਦ ਵਿੱਚ ਸੀ.ਆਈ.ਸੀ. ਨੇ ਹਵਾਈ ਫੌਜ ਨੂੰ ਸੁਰੱਖਿਆ ਕਰਮਚਾਰੀਆਂ ਦੇ ਨਾਂ ਹਟਾ ਕੇ SFR-99 ਦੇ ਰਿਕਾਰਡ ਦੀ ਪ੍ਰਮਾਣਿਤ ਕਾਪੀ ਦੇਣ ਦਾ ਹੁਕਮ ਦਿੱਤਾ ਸੀ, ਜਿਸ ਖ਼?ਲਾਫ਼ ਹਵਾਈ ਫੌਜ ਦੇ CPIO ਨੇ ਹਾਈ ਕੋਰਟ ਦਾ ਰੁੱਖ ਕੀਤਾ ਸੀ। ਬਤਰਾ ਦੇ ਵਕੀਲ ਨੇ ਅਦਾਲਤ ਵਿੱਚ ਦਲੀਲ ਦਿੱਤੀ ਸੀ ਕਿ ਇਹ ਜਾਣਕਾਰੀ ਪ੍ਰਧਾਨ ਮੰਤਰੀ ਦੇ ਵਿਦੇਸ਼ੀ ਦੌਰਿਆਂ 'ਤੇ ਹੋਣ ਵਾਲੇ ਸਰਕਾਰੀ ਖ਼ਰਚੇ ਨਾਲ ਜੁੜੀ ਹੋਣ ਕਰਕੇ ਵੱਡੇ ਜਨਤਕ ਹਿੱਤ ਵਿੱਚ ਹੈ। ਹਾਲਾਂਕਿ, ਅਦਾਲਤ ਨੇ ਇਸ ਦਲੀਲ ਨੂੰ ਖਾਰਜ ਕਰਦਿਆਂ ਕਿਹਾ ਕਿ ਸਿਰਫ਼ ਇਸ ਆਧਾਰ 'ਤੇ ਕਿ ਵਿਦੇਸ਼ੀ ਦੌਰਿਆਂ 'ਤੇ ਸਰਕਾਰੀ ਪੈਸਾ ਖ਼ਰਚ ਹੋਇਆ ਹੈ, ਅਜਿਹੀ ਜਾਣਕਾਰੀ ਜਨਤਕ ਕਰਨ ਨੂੰ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ ਜਿਸ ਨਾਲ ਸੁਰੱਖਿਆ ਇੰਤਜ਼ਾਮਾਂ ਨਾਲ ਸਮਝੌਤਾ ਹੁੰਦਾ ਹੋਵੇ। ਅਦਾਲਤ ਨੇ ਸੀ.ਆਈ.ਸੀ. ਦੇ ਆਦੇਸ਼ ਨੂੰ ਗਲਤ ਠਹਿਰਾਉਂਦਿਆਂ ਉਸ ਨੂੰ ਰੱਦ ਕਰ ਦਿੱਤਾ।

## 'ਰਾਜਨੀਤੀ 'ਚ ਕੁਝ ਵੀ ਸੰਭਵ' - ਸਾਬਕਾ ਮੁੱਖ ਮੰਤਰੀ ਅਮਰਿੰਦਰ ਸਿੰਘ ਦੀ ਕਾਂਗਰਸ 'ਚ ਵਾਪਸੀ 'ਤੇ ਬੋਲੇ ਸਚਿਨ ਪਾਇਲਟ

ਕੌਮੀ ਪਤ੍ਰਿਕਾ

ਚੰਡੀਗੜ੍ਹ 21 ਅਕਤੂਬਰ। ਪੰਜਾਬ ਵਿੱਚ 2027 ਦੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਕਾਂਗਰਸ 'ਚ ਵਾਪਸੀ ਨੂੰ ਲੈ ਕੇ ਇੱਕ ਵਾਰ ਫਿਰ ਚਰਚਾਵਾਂ ਤੇਜ਼ ਹੋ ਗਈਆਂ ਹਨ। ਪੰਜਾਬ ਕਾਂਗਰਸ ਦੇ ਨਵੇਂ ਇੰਚਾਰਜ ਸਚਿਨ ਪਾਇਲਟ ਦੇ ਤਾਜ਼ਾ ਬਿਆਨ ਨੇ ਇਸ ਰਾਜਨੀਤਿਕ ਅਟਕਲਾਂ ਨੂੰ ਫਿਰ ਹਵਾ ਦੇ ਦਿੱਤੀ ਹੈ। ਕੈਪਟਨ ਦੀ ਘਰ ਵਾਪਸੀ ਨਾਲ ਜੁੜੇ ਸਵਾਲ 'ਤੇ ਪਾਇਲਟ ਨੇ ਕਿਹਾ ਕਿ ਸਿਆਸਤ ਵਿੱਚ ਕੁਝ ਵੀ ਸੰਭਵ ਹੈ...। ਕੈਪਟਨ ਅਮਰਿੰਦਰ ਸਿੰਘ ਫਿਲਹਾਲ ਭਾਜਪਾ ਵਿੱਚ ਹਨ। ਪਿਛਲੇ ਵਿਧਾਨ ਸਭਾ ਚੋਣਾਂ ਦੌਰਾਨ ਕਾਂਗਰਸ ਤੋਂ ਵੱਖ ਹੋਣ ਤੋਂ ਬਾਅਦ ਉਨ੍ਹਾਂ ਨੇ ਆਪਣੀ ਪਾਰਟੀ ਬਣਾਈ ਸੀ ਅਤੇ ਬਾਅਦ ਵਿੱਚ ਭਾਜਪਾ ਵਿੱਚ ਸ਼ਾਮਲ ਹੋ ਗਏ ਸਨ। ਪੰਜਾਬ ਦੀ ਰਾਜਨੀਤੀ ਵਿੱਚ ਲੰਬੇ ਸਮੇਂ ਤੱਕ ਕਾਂਗਰਸ ਦਾ ਪ੍ਰਮੁੱਖ ਚਿਹਰਾ ਰਹੇ ਕੈਪਟਨ ਦੀ ਵਾਪਸੀ ਨੂੰ ਲੈ ਕੇ ਪਿਛਲੇ ਕਰੀਬ ਛੇ ਮਹੀਨਿਆਂ ਤੋਂ ਸਮੇਂ-ਸਮੇਂ 'ਤੇ ਚਰਚਾਵਾਂ ਸਾਹਮਣੇ ਆਉਂਦੀਆਂ ਰਹੀਆਂ ਹਨ। ਹੁਣ ਪਾਇਲਟ ਦੇ ਬਿਆਨ ਤੋਂ ਬਾਅਦ ਇਨ੍ਹਾਂ ਅਟਕਲਾਂ ਨੂੰ ਫਿਰ ਬਲ ਮਿਲਿਆ ਹੈ। ਕੈਪਟਨ ਦੀ ਕਾਂਗਰਸ ਵਿੱਚ ਵਾਪਸੀ ਦੀ





ਸੰਭਾਵਨਾ ਨਾਲ ਜੁੜੇ ਸਵਾਲ 'ਤੇ ਸਚਿਨ ਪਾਇਲਟ ਨੇ ਕਿਹਾ ਕਿ ਉਹ ਕੈਪਟਨ ਅਮਰਿੰਦਰ ਸਿੰਘ ਨੂੰ ਕਾਫ਼ੀ ਛੋਟੀ ਉਮਰ ਤੋਂ ਜਾਣਦੇ ਹਨ। ਉਨ੍ਹਾਂ ਨੇ ਕੈਪਟਨ ਨੂੰ ਵੱਡੇ ਕੱਦ ਦਾ ਨੇਤਾ ਦੱਸਦਿਆਂ ਕਿਹਾ ਕਿ ਉਹ ਬਿਨਾਂ ਸ਼ਰਤ ਅਤੇ ਉੱਚੇ ਰੁਤਬੇ ਵਾਲੇ ਨੇਤਾ ਹਨ। ਹਾਲਾਂਕਿ, ਪਾਇਲਟ ਨੇ ਕਿਹਾ ਕਿ ਇਸ ਸਬੰਧ ਵਿੱਚ ਅਜੇ ਉਨ੍ਹਾਂ ਦੀ ਕੈਪਟਨ ਨਾਲ ਕੋਈ ਗੱਲਬਾਤ ਨਹੀਂ ਹੋਈ ਹੈ ਅਤੇ ਰਾਜਨੀਤੀ ਵਿੱਚ ਕੁਝ ਵੀ ਸੰਭਵ ਹੈ। ਕੈਪਟਨ ਦੀ ਕਾਂਗਰਸ 'ਚ ਸੰਭਾਵਿਤ ਵਾਪਸੀ ਦੀ ਚਰਚਾ ਅਜਿਹੇ ਸਮੇਂ 'ਚ ਹੋ ਰਹੀ ਹੈ, ਜਦੋਂ ਪੰਜਾਬ 'ਚ ਸਾਰੇ ਰਾਜਨੀਤਿਕ ਦਲ 2027 ਦੇ ਚੋਣ ਨੂੰ ਧਿਆਨ ਵਿੱਚ ਰੱਖ ਕੇ ਆਪਣੀ ਰਣਨੀਤੀ ਬਣਾਉਣ ਵਿੱਚ ਜੁੱਟੇ ਹਨ। ਕੈਪਟਨ ਦੀ ਭਾਜਪਾ 'ਚ ਭੂਮਿਕਾ ਅਤੇ ਪਾਰਟੀ ਵਿੱਚ ਉਨ੍ਹਾਂ ਨੂੰ ਮਿਲਣ ਵਾਲੀਆਂ ਜ਼ਿੰਮੇਵਾਰੀਆਂ ਨੂੰ ਲੈ ਕੇ ਵੀ ਰਾਜਨੀਤਿਕ ਹਲਕਿਆਂ ਵਿੱਚ ਚਰਚਾ ਹੁੰਦੀ ਰਹੀ ਹੈ।

## ਮਹਾਰਾਸ਼ਟਰ 'ਚ ਪਟਾਕੇ ਪੂਰਾ ਸਾਲ ਬੈਨ

ਮੁੰਬਈ, 21 ਅਕਤੂਬਰ। ਬੰਬੇ ਹਾਈ ਕੋਰਟ ਨੇ ਜਨਤਕ ਸੜਕਾਂ, ਗਲੀਆਂ ਅਤੇ ਫੁੱਟਪਾਥਾਂ 'ਤੇ ਪਟਾਕੇ ਚਲਾਉਣ 'ਤੇ ਲੱਗੀ ਰੋਕ ਪੂਰਾ ਸਾਲ ਲਾਗੂ ਕਰ ਦਿੱਤੀ ਹੈ। ਇਹ ਰੋਕ ਨਰਾਤੇ, ਦੀਵਾਲੀ, ਕ੍ਰਿਸਮਸ ਅਤੇ ਹੋਰ ਸਾਰੇ ਤਿਉਹਾਰਾਂ 'ਤੇ ਲਾਗੂ ਹੋਵੇਗੀ। ਇਹ ਹੁਕਮ ਪੂਰੇ ਮਹਾਰਾਸ਼ਟਰ ਵਿਚ ਤਿਉਹਾਰਾਂ ਦੀਆਂ ਯਾਤਰਾਵਾਂ ਦੌਰਾਨ ਰੌਲੇ ਤੇ ਹਵਾ ਪ੍ਰਦੂਸ਼ਣ ਨੂੰ ਰੋਕਣ ਲਈ ਦਿੱਤਾ ਗਿਆ ਹੈ। ਜਸਟਿਸ ਗਿਰੀਸ਼ ਐੱਸ. ਕੁਲਕਰਣੀ ਅਤੇ ਜਸਟਿਸ ਨੀਲਾ ਕੇ. ਗੋਖਲੇ ਦੀ ਬੈਂਚ ਨੇ ਇਹ ਨਿਰਦੇਸ਼ ਦਿੱਤਾ। ਬੈਂਚ ਨੇ ਕਿਹਾ ਕਿ ਜਦੋਂ ਤੱਕ ਨਾਗਰਿਕ ਸਥਿਤੀ ਦੀ ਲੋੜ ਨੂੰ ਨਹੀਂ ਸਮਝਣਗੇ ਤੇ ਸ਼ਹਿਰਾਂ ਵਿਚ ਰਹਿਣ ਦੇ ਲੰਬੇ ਸਮੇਂ ਦੇ ਖ਼ਤਰਿਆਂ ਪ੍ਰਤੀ ਜਾਗਰੂਕ ਨਹੀਂ ਹੋਣਗੇ, ਉਦੋਂ ਤੱਕ ਸਥਿਤੀ ਵਿਗੜਦੀ ਰਹੇਗੀ। ਅਜਿਹੇ ਵਿਚ ਸ਼ਹਿਰ ਗੈਸ ਚੈਂਬਰ ਵਿਚ ਬਦਲ ਸਕਦੇ ਹਨ। ਅਦਾਲਤ ਨੇ ਮਹਾਰਾਸ਼ਟਰ ਸਰਕਾਰ, ਬੀ. ਐੱਮ. ਸੀ. ਅਤੇ ਐੱਮ. ਪੀ. ਸੀ. ਬੀ. ਨੂੰ ਜਾਗਰੂਕਤਾ ਮੁਹਿੰਮ ਅਤੇ ਸ਼ਿਕਾਇਤ ਪ੍ਰਣਾਲੀ ਸ਼ੁਰੂ ਕਰਨ ਲਈ ਕਿਹਾ ਹੈ। ਹਾਲਾਂਕਿ, ਅਦਾਲਤ ਨੇ ਸਾਫ਼ ਕੀਤਾ ਕਿ ਪਟਾਕਿਆਂ ਬਣਾਉਣ ਅਤੇ ਵਿਕਰੀ 'ਤੇ ਰੋਕ ਨਹੀਂ ਲਗਾਈ ਗਈ ਹੈ। ਅਗਲੀ ਸੁਣਵਾਈ 25 ਨਵੰਬਰ ਨੂੰ ਹੋਵੇਗੀ।

## ਰਾਹੁਲ ਗਾਂਧੀ ਨੂੰ ਲੈ ਕੇ ਮਨਜਿੰਦਰ ਸਿੰਘ ਸਿਰਸਾ ਦਾ ਵੱਡਾ ਬਿਆਨ

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਨਵੀਂ ਦਿੱਲੀ 21 ਅਕਤੂਬਰ। ਦਿੱਲੀ ਦੇ ਵਾਤਾਵਰਣ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਬੁੱਧਵਾਰ ਨੂੰ ਕਾਂਗਰਸ ਨੇਤਾ ਰਾਹੁਲ ਗਾਂਧੀ 'ਤੇ 1984 ਦੇ ਸਿੱਖ ਵਿਰੋਧੀ ਦੰਗਿਆਂ ਦੀ ਤਰਜ਼ 'ਤੇ ਦੇਸ਼ 'ਚ ਅਰਾਜਕਤਾ ਫੈਲਾਉਣ ਦੀ ਕੋਸ਼ਿਸ਼ ਕਰਨ ਦਾ ਦੋਸ਼ ਲਗਾਇਆ। ਉਨ੍ਹਾਂ ਨੇ ਇਹ ਟਿੱਪਣੀ 1 ਨਵੰਬਰ ਨੂੰ ਦਿੱਲੀ ਦੇ ਰਾਮਲੀਲਾ ਮੈਦਾਨ 'ਚ ਵਿਰੋਧੀ ਗਠਜੋੜ 'ਇੰਡੀਆਜ' ਦੀ ਪ੍ਰਸਤਾਵਿਤ ਰੈਲੀ ਤੋਂ ਪਹਿਲਾਂ ਕੀਤੀ। ਸਿਰਸਾ ਨੇ ਦੋਸ਼ ਲਗਾਇਆ ਕਿ ਰਾਹੁਲ ਗਾਂਧੀ ਆਪਣੇ ਪਿਤਾ ਅਤੇ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਅਤੇ ਆਪਣੀ ਦਾਦੀ ਤੇ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਰਸਤੇ 'ਤੇ ਚੱਲ ਰਹੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਕਾਂਗਰਸ ਨੇਤਾ ਰਾਜਨੀਤਿਕ ਲਾਭ ਲਈ ਦੇਸ਼ ਨੂੰ ਅਸਥਿਰ ਕਰਨਾ ਚਾਹੁੰਦੇ ਹਨ। ਸਿਰਸਾ ਨੇ ਕਿਹਾ,ਰਾਹੁਲ ਗਾਂਧੀ ਨੇ ਆਪਣੇ ਪਿਤਾ ਅਤੇ ਦਾਦੀ ਵਾਂਗ ਕੰਮ ਕਰਨ ਦਾ ਤਰੀਕਾ ਅਪਣਾਇਆ ਹੈ। ਉਹ ਦੇਸ਼ ਨੂੰ ਨੁਕਸਾਨ ਪਹੁੰਚਾਉਣ ਦੇ ਉਸੇ ਰਸਤੇ 'ਤੇ ਚੱਲ ਰਹੇ ਹਨ। 1 ਨਵੰਬਰ ਨੂੰ ਪ੍ਰਸਤਾਵਿਤ ਰੈਲੀ ਦਾ ਜ਼ਿਕਰ ਕਰਦੇ ਹੋਏ ਉਨ੍ਹਾਂ ਨੇ ਰਾਹੁਲ ਗਾਂਧੀ 'ਤੇ ਰਾਜਨੀਤਿਕ ਲਾਭ ਲਈ ਅਸ਼ਾਂਤੀ



ਫੈਲਾਉਣ ਅਤੇ ਵਿਦਿਆਰਥੀਆਂ ਸਮੇਤ ਨਿਰਦੋਸ਼ ਲੋਕਾਂ ਦੀ ਜਾਨ ਨੂੰ ਖ਼ਤਰੇ 'ਚ ਪਾਉਣ ਦਾ ਦੋਸ਼ ਲਗਾਇਆ। ਸਿਰਸਾ ਨੇ ਦੋਸ਼ ਲਗਾਇਆ,ਹੁਣ ਇਕ ਵਾਰ ਫਿਰ 1 ਨਵੰਬਰ ਨੂੰ ਰਾਹੁਲ ਗਾਂਧੀ ਦੇਸ਼ 'ਚ ਅਰਾਜਕਤਾ ਫੈਲਾ ਰਹੇ ਹਨ। ਸੱਤਾ ਦੇ ਲਾਲਚ 'ਚ ਉਹ ਨਿਰਦੋਸ਼ ਬੱਚਿਆਂ ਅਤੇ ਉਨ੍ਹਾਂ ਦੀਆਂ ਮਾਵਾਂ ਨੂੰ ਆਪਣਾ ਸ਼ਿਕਾਰ ਬਣਾ ਰਹੇ ਹਨ। ਉਨ੍ਹਾਂ ਨੇ ਰਾਹੁਲ ਗਾਂਧੀ ਦੀ 'ਸੱਤਾ ਤਬਦੀਲੀ' ਸੰਬੰਧੀ ਟਿੱਪਣੀਆਂ 'ਤੇ ਵੀ ਸਵਾਲ ਚੁੱਕੇ। ਉਨ੍ਹਾਂ ਦਾਅਵਾ ਕੀਤਾ ਕਿ ਚੁਣੀਆਂ ਹੋਈਆਂ ਸਰਕਾਰਾਂ ਨੂੰ ਅਸਥਿਰ ਕਰਨ ਦੀਆਂ ਕੋਸ਼ਿਸ਼ਾਂ 'ਚ ਵਿਦੇਸ਼ੀ ਪੈਸੇ ਦੀ ਵਰਤੋਂ ਹੋ ਸਕਦੀ ਹੈ। ਹਾਲਾਂਕਿ, ਉਨ੍ਹਾਂ ਨੇ ਆਪਣੇ ਦੋਸ਼ ਦੇ ਸਮਰਥਨ 'ਚ ਕੋਈ ਸਬੂਤ ਨਹੀਂ ਦਿੱਤਾ। ਸਿਰਸਾ ਨੇ ਕਿਹਾ,ਅਸੀਂ ਇਸ ਦੀ ਨਿੰਦਾ ਕਰਦੇ ਹਾਂ ਅਤੇ ਵਿਰੋਧ ਕਰਦੇ ਹਾਂ। ਤੁਸੀਂ 1984 ਦੇ ਸਿੱਖ ਪੀੜਤਾਂ ਦੇ ਜ਼ਖ਼ਮਾਂ 'ਤੇ ਲੂਣ ਛਿੜਕ ਰਹੇ ਹੋ। ਤੁਸੀਂ ਦੇਸ਼ ਨੂੰ ਅੱਗ ਲਗਾਉਣ ਅਤੇ ਇਸ ਨੂੰ ਤੋੜਨ ਲਈ ਉਸੇ ਦਿਨ ਯਾਨੀ 1 ਨਵੰਬਰ ਨੂੰ ਚੁਣ ਰਹੇ ਹੋ।

## ਚੀਨ ਨਾਲ ਆਮ ਸਬੰਧਾਂ ਲਈ ਅਸਲ ਕੰਟਰੋਲ ਰੇਖਾ 'ਤੇ ਸਥਿਰਤਾ ਜ਼ਰੂਰੀ : ਜੈਸ਼ੰਕਰ

ਨਵੀਂ ਦਿੱਲੀ 21 ਅਕਤੂਬਰ। ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਕਿਹਾ ਹੈ ਕਿ ਭਾਰਤ ਅਤੇ ਚੀਨ ਵਿਚਾਲੇ ਸਬੰਧ ਆਮ ਬਣਾਉਣ ਲਈ ਅਸਲ ਕੰਟਰੋਲ ਰੇਖਾ (ਐੱਲ. ਏ. ਸੀ.) 'ਤੇ ਸਥਿਤੀ ਦਾ ਸਥਿਰ ਰਹਿਣਾ ਜ਼ਰੂਰੀ ਹੈ ਅਤੇ ਸਰਹੱਦ 'ਤੇ ਕਿਸੇ ਵੀ ਤਰ੍ਹਾਂ ਦੀ ਗੜਬੜੀ ਦਾ ਅਸਰ ਦੋਵਾਂ ਦੇਸ਼ਾਂ ਦੇ ਸਬੰਧਾਂ 'ਤੇ ਪਵੇਗਾ। ਜੈਸ਼ੰਕਰ ਨੇ ਦੋਵਾਂ ਦੇਸ਼ਾਂ ਵਿਚਾਲੇ ਵਪਾਰ ਅਤੇ ਨਿਵੇਸ਼ ਸਬੰਧਾਂ ਦੇ ਵਿਸਥਾਰ ਨੂੰ ਵੀ ਸਰਹੱਦ 'ਤੇ ਸ਼ਾਂਤੀ ਅਤੇ ਸਥਿਰਤਾ ਬਣਾਏ ਰੱਖਣ ਨਾਲ ਜੋੜਿਆ। ਉਨ੍ਹਾਂ ਕਿਹਾ, "ਅਸੀਂ ਚੀਨ ਨੂੰ ਇਹੋ ਕਹਿੰਦੇ ਹਾਂ ਕਿ ਜੇ ਤੁਸੀਂ ਆਮ ਸਬੰਧ ਚਾਹੁੰਦੇ ਹੋ ਅਤੇ ਹੋਰ ਖੇਤਰਾਂ ਵਿਚ ਵੀ ਸਬੰਧਾਂ ਨੂੰ ਅੱਗੇ ਵਧਾਉਣਾ ਚਾਹੁੰਦੇ ਹੋ, ਤਾਂ ਇਹ ਸਪੱਸ਼ਟ ਗੱਲ ਹੈ ਕਿ ਸਰਹੱਦ 'ਤੇ ਸਥਿਤੀ ਸਥਿਰ ਰਹਿਣੀ ਚਾਹੀਦੀ ਹੈ ਅਤੇ ਸਾਨੂੰ ਸਰਹੱਦੀ ਖੇਤਰਾਂ ਵਿਚ ਸ਼ਾਂਤੀ ਅਤੇ ਸਥਿਰਤਾ ਦੀ ਲੋੜ ਹੈ।" ਜੈਸ਼ੰਕਰ ਨੇ ਮੰਗਲਵਾਰ ਸ਼ਾਮ 'ਬਲੂਮਬਰਗ ਨਿਊ ਇਕਾਨਮੀ ਫੋਰਮ' 'ਚ ਕਿਹਾ ਕਿ 2024 ਤੋਂ ਬਾਅਦ ਐੱਲ. ਏ. ਸੀ. 'ਤੇ ਸਥਿਤੀ ਕਾਫ਼ੀ ਹੱਦ ਤੱਕ ਆਮ ਹੋਈ ਹੈ ਅਤੇ 'ਉਸ ਦੇ ਅਨੁਸਾਰ ਦੋਵਾਂ ਦੇਸ਼ਾਂ ਦੇ ਸਬੰਧ ਵੀ ਆਮ ਹੋਣ ਦੀ ਦਿਸ਼ਾ' ਵਿਚ ਅੱਗੇ ਵਧ ਰਹੇ ਹਨ। ਦੋਵਾਂ ਦੇਸ਼ਾਂ ਨੇ ਆਪਸੀ ਸਬੰਧ ਸੁਧਾਰਨ ਲਈ ਪਿਛਲੇ ਕੁਝ ਮਹੀਨਿਆਂ ਵਿਚ ਵਿਸ਼ਵਾਸ ਬਹਾਲੀ ਦੇ ਕਈ ਕਦਮ ਚੁੱਕੇ ਹਨ।

## ਭਾਰਤੀ ਫ਼ੌਜ ਨੂੰ ਮਿਲਣਗੇ ਆਧੁਨਿਕ ਰਾਡਾਰ, 770 ਕਰੋੜ ਰੁਪਏ ਦਾ ਹੋਇਆ ਕਰਾਰ

ਨਵੀਂ ਦਿੱਲੀ 21 ਅਕਤੂਬਰ। ਰੱਖਿਆ ਮੰਤਰਾਲਾ ਨੇ ਭਾਰਤੀ ਫ਼ੌਜ ਲਈ ਕਰੀਬ 770 ਕਰੋੜ ਰੁਪਏ ਦੀ ਲਾਗਤ ਨਾਲ ਬਿਹਤਰ ਸਮਰੱਥਾ ਵਾਲੇ ਹਲਕੇ ਰਾਡਾਰ ਖਰੀਦਣ ਦਾ ਕਰਾਰ ਕੀਤਾ ਹੈ। ਰੱਖਿਆ ਮੰਤਰਾਲਾ ਨੇ ਬੁੱਧਵਾਰ ਨੂੰ ਦੱਸਿਆ ਕਿ ਇਨ੍ਹਾਂ ਰਾਡਾਰ ਦੀ ਮਦਦ ਨਾਲ ਲੜਾਕੂ ਜਹਾਜ਼ਾਂ ਦੇ ਆਕਾਰ ਵਾਲੇ ਹਵਾਈ ਟੀਚਿਆਂ ਨਾਲ ਛੋਟੇ ਅਤੇ ਬੇਹੱਦ ਛੋਟੇ ਡਰੋਨ ਦਾ ਵੀ ਪਤਾ ਲਗਾਇਆ ਜਾ ਸਕੇਗਾ। ਇਸ ਨਾਲ ਫ਼ੌਜ ਨੂੰ ਮਨੁੱਖ ਰਹਿਤ ਹਵਾਈ ਪ੍ਰਣਾਲੀਆਂ ਨਾਲ ਨਜਿੱਠਣ 'ਚ ਮਦਦ ਮਿਲੇਗੀ। ਰੱਖਿਆ ਮੰਤਰਾਲਾ ਨੇ ਅੱਜ ਇੱਥੇ ਭਾਰਤੀ ਇਲੈਕਟ?ਰਾਨਿਕਸ ਲਿਮਟਿਡ (ਬੀਈਐੱਲ) ਨਾਲ ਇਹ ਕਰਾਰ ਕੀਤਾ। ਇਸ ਦੌਰਾਨ ਰੱਖਿਆ ਸਕੱਤਰ ਰਾਜੇਸ਼ ਕੁਮਾਰ ਸਿੰਘ ਵੀ ਮੌਜੂਦ ਸਨ। ਇਨ੍ਹਾਂ ਰਾਡਾਰ 'ਚ ਹਵਾਈ ਟੀਚਿਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖਣ ਦੇ ਨਾਲ ਉਨ੍ਹਾਂ ਨੂੰ ਪਹਿਲ ਦੇ ਆਧਾਰ 'ਤੇ ਪਛਾਣਨ ਦੀ ਸਮਰੱਥਾ ਵੀ ਹੋਵੇਗੀ। ਇਸ ਨਾਲ ਫ਼ੌਜ ਦੀ ਹਵਾਈ ਸੁਰੱਖਿਆ ਵਿਵਸਥਾ ਨੂੰ ਮਜ਼ਬੂਤ ਕਰਨ 'ਚ ਮਦਦ ਮਿਲੇਗੀ।

## ਬੰਬੇ ਹਾਈ ਕੋਰਟ ਦਾ ਰੁੱਖ ਕਰਨਗੇ ਅਦਾਕਾਰ ਇਮਰਾਨ ਖ਼ਾਨ: ਮੁੰਬਈ ਪੁਲਿਸ 28 ਅਕਤੂਬਰ ਤੱਕ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਨਵੀਂ ਦਿੱਲੀ 21 ਅਕਤੂਬਰ। ਅਦਾਕਾਰ ਇਮਰਾਨ ਖ਼ਾਨ ਨੇ ਮੁੰਬਈ ਪੁਲਿਸ ਵੱਲੋਂ ਜਾਰੀ ਕੀਤੇ ਗਏ ਨੋਟਿਸ ਦੇ ਖ਼?ਲਾਫ਼ ਬੰਬੇ ਹਾਈ ਕੋਰਟ ਦਾ ਰੁੱਖ ਕੀਤਾ ਹੈ। ਅਦਾਕਾਰ ਨੂੰ ਗਿਆਨੇਸ਼ ਕੁਮਾਰ ਦੇ ਖ਼?ਲਾਫ਼ ਪ੍ਰਦਰਸ਼ਨ ਦੀ ਵਜਹਾ ਕਰਕੇ 28 ਅਕਤੂਬਰ 2026 ਤੱਕ ਦੇਸ਼ ਛੱਡਣ ਦਾ ਆਦੇਸ਼ ਦਿੱਤਾ ਗਿਆ ਸੀ। ਹੁਣ ਇਸ ਪੂਰੇ ਮਾਮਲੇ 'ਤੇ ਅਪਡੇਟ ਦਿੰਦੇ ਹੋਏ ਹਾਲ ਹੀ ਵਿੱਚ ਇਮਰਾਨ ਦੇ ਵਕੀਲ ਨੇ ਦੱਸਿਆ ਕਿ ਉਹ ਇਸ ਨੋਟਿਸ ਨੂੰ ਅਦਾਲਤ ਵਿੱਚ ਚੁਣੌਤੀ ਦੇਣਗੇ। ਨਿਊਜ਼ ਏਜੰਸੀ ਪੀਟੀਆਈ ਦੀਆਂ ਰਿਪੋਰਟਾਂ ਦੇ ਅਨੁਸਾਰ, ਅਮਰੀਕੀ ਨਾਗਰਿਕ ਇਮਰਾਨ ਖਾਨ ਆਪਣੇ ਐਮਜ਼ੈਡਐਮ ਵਕੀਲ ਜ਼ੁਲਫਿਕਾਰ ਮੇਮਨ ਰਾਹੀਂ ਸ਼ੁੱਕਰਵਾਰ ਜਾਂ ਸੋਮਵਾਰ ਤੱਕ ਬੰਬੇ ਹਾਈ ਕੋਰਟ 'ਚ ਇੱਕ ਪਟੀਸ਼ਨ ਦਾਇਰ ਕਰਨਗੇ, ਜਿਸ 'ਚ ਮੁੰਬਈ ਪੁਲਿਸ ਦੇ ਭਾਰਤ ਛੱਡਣ ਦੇ ਹੁਕਮ ਨੂੰ ਚੁਣੌਤੀ ਦਿੱਤੀ ਜਾਵੇਗੀ। ਉਸਦੀ ਪਟੀਸ਼ਨ ਦੇ ਅਨੁਸਾਰ, ਭਾਰਤੀ ਕਾਨੂੰਨ ਜਾਂ ਕਿਸੇ ਨਿਯਮ ਵਿੱਚ ਅਜਿਹਾ ਕੋਈ ਪ੍ਰਬੰਧ ਨਹੀਂ ਹੈ ਜੋ ਓਵਰਸੀਜ਼ ਸਿਟੀਜ਼ਨ ਆਫ਼ ਇੰਡੀਆ ਕਾਰਡ ਰੱਖਣ ਵਾਲਿਆਂ ਨੂੰ ਵਿਰੋਧ ਪ੍ਰਦਰਸ਼ਨਾਂ ਵਿੱਚ ਹਿੱਸਾ ਲੈਣ ਤੋਂ ਰੋਕ ਸਕੇ। ਪਟੀਸ਼ਨ 'ਚ ਮੁੰਬਈ ਪੁਲਿਸ ਵੱਲੋਂ ਭੇਜੇ ਗਏ ਨੋਟਿਸ ਵਿੱਚ 43 ਸਾਲਾ ਅਦਾਕਾਰ ਨੂੰ ਭਾਰਤ ਛੱਡਣ ਦਾ ਆਦੇਸ਼ ਦੇਣ ਨੂੰ ਵੀ ਕਾਫ਼ੀ ਸਖ਼ਤ ਦੱਸਿਆ



ਗਿਆ ਹੈ। ਰਿਪੋਰਟਾਂ ਮੁਤਾਬਕ, ਸ਼ੁੱਕਰਵਾਰ ਜਾਂ ਸੋਮਵਾਰ ਤੱਕ ਜਿਵੇਂ ਹੀ ਬੰਬੇ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਹੋਵੇਗੀ, ਤੁਰੰਤ ਇਸ ਨੂੰ ਸੁਣਵਾਈ ਲਈ ਚੀਫ਼ ਜਸਟਿਸ ਮਹੇਸ਼ ਚੰਦਰ ਤ੍ਰਿਪਾਠੀ ਅਤੇ ਜਸਟਿਸ ਅਦਵੈਤ ਸੇਠਨਾ ਦੀ ਬੈਂਚ ਦੇ ਸਾਹਮਣੇ ਪੇਸ਼ ਕੀਤਾ ਜਾਵੇਗਾ, ਤਾਂ ਜੋ ਇਸ 'ਤੇ ਜਲਦੀ ਤੋਂ ਜਲਦੀ ਫ਼ੈਸਲਾ ਹੋ ਸਕੇ। ਜਿਨ੍ਹਾਂ ਨੂੰ ਇਸ ਮਾਮਲੇ ਬਾਰੇ ਨਹੀਂ ਪਤਾ, ਉਨ੍ਹਾਂ ਨੂੰ ਦੱਸ ਦੇਈਏ ਕਿ ਇਮਰਾਨ ਖ਼ਾਨ ਆਪਣੀ ਗਰਲਫ਼ਰੈਂਡ ਲੇਖਾ ਵਾਸ਼ਿੰਗਟਨ ਅਤੇ ਕਜ਼ਨ ਸਿਸਟਰ ਨਾਲ 10 ਅਕਤੂਬਰ 2026 ਨੂੰ ਮੁੰਬਈ ਦੇ ਅਗਸਤ ਕ੍ਰਾਂਤੀ ਮੈਦਾਨ 'ਚ ਹੋਏ ਪ੍ਰਦਰਸ਼ਨ ਦਾ ਹਿੱਸਾ ਬਣੇ ਸਨ। CJP ਨੇ ਇਹ ਪ੍ਰੋਟੈਸਟ ਚੀਫ਼ ਕਮਿਸ਼ਨਰ ਆਫ਼ ਇੰਡੀਆ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਨੂੰ ਲੈ ਕੇ ਕੀਤਾ ਸੀ। ਇਮਰਾਨ ਖ਼ਾਨ ਨੂੰ ਪ੍ਰਦਰਸ਼ਨ ਦੌਰਾਨ ਮੁੰਬਈ ਪੁਲਿਸ ਨੇ ਹਿਰਾਸਤ ਵਿੱਚ ਵੀ ਲਿਆ ਸੀ। ਇਮਰਾਨ ਖ਼ਾਨ ਦੇ ਖ਼?ਲਾਫ਼ ਬੀ.ਜੇ.ਪੀ. ਨੇਤਾ ਕਿਰੀਟ ਸੋਮਈਆ ਨੇ ਸ਼ਿਕਾਇਤ ਦਰਜ ਕਰਵਾਉਂਦੇ ਹੋਏ ਕਿਹਾ ਹੈ ਕਿ ਉਹ ਭਾਰਤੀ ਨਾਗਰਿਕ ਨਹੀਂ ਹਨ ਅਤੇ ਉਨ੍ਹਾਂ ਕੋਲ ਅਮਰੀਕਾ ਦੀ ਸਿਟੀਜ਼ਨਸ਼ਿਪ ਹੈ। ਅਜਿਹੇ ਵਿੱਚ ਉਨ੍ਹਾਂ ਨੇ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਨੂੰ ਲੈ ਕੇ ਹੋ ਰਹੇ ਪ੍ਰੋਟੈਸਟ ਵਿੱਚ ਹਿੱਸਾ ਲੈ ਕੇ ਨਾਗਰਿਕਤਾ ਐਕਟ ਦੀ ਉਲੰਘਣਾ ਕੀਤੀ ਹੈ।



# ਅੰਮ੍ਰਿਤਸਰ ’ਚ ਦਿਲ ਦਹਿਲਾ ਦੇਣ ਵਾਲੀ ਵਾਰਦਾਤ: ਮਾਸੂਮ ’ਤੇ ਗੁਆਂਢ ’ਚ ਰਹਿੰਦੀ ਕੁੜੀ ਵੱਲੋਂ ਜਾਨਲੇਵਾ ਹਮਲਾ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 21 ਅਕਤੂਬਰ। ਅੰਮ੍ਰਿਤਸਰ ਦੇ ਜੋੜਾ ਫਾਟਕ ਨੇੜੇ ਦਸ਼ਮੇਸ਼ ਨਗਰ ਦੀ ਗਲੀ ਨੰਬਰ 2 ’ਚ ਇਕ ਹੈਰਾਨ ਕਰਨ ਵਾਲਾ ਮਾਮਲਾ ਸਾਹਮਣੇ ਆਇਆ ਹੈ। ਇੱਥੇ 8 ਸਾਲਾ ਮਾਸੂਮ ਬੱਚੀ ਮਾਨਿਆ ਤੇ ਉਸ ਦੀ ਮਾਂ ਪ੍ਰਿਯੰਕਾ ’ਤੇ ਗੁਆਂਢ ਰਹਿਣ ਵਾਲੀ ਇੱਕ ਕੁੜੀ ਵੱਲੋਂ ਕਥਿਤ ਤੌਰ ’ਤੇ ਹਮਲਾ ਕਰ ਦਿੱਤਾ ਗਿਆ। ਪੂਰੀ ਘਟਨਾ ਇਲਾਕੇ ’ਚ ਲੱਗੇ ਸੀਸੀਟੀਵੀ ਕੈਮਰੇ ਵਿੱਚ ਕੈਦ ਹੋ ਗਈ। ਘਟਨਾ ਤੋਂ ਬਾਅਦ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ। ਪੀੜਤ ਬੱਚੀ ਦੀ ਮਾਂ ਪ੍ਰਿਯੰਕਾ ਨੇ ਦੱਸਿਆ ਕਿ ਉਹ ਸ਼ਾਮ ਸਮੇਂ ਆਪਣੇ ਬੱਚਿਆਂ ਨੂੰ ਗਲੀ ਦੀ ਦੁਕਾਨ ਤੋਂ ਸਾਮਾਨ ਦਿਵਾਉਣ ਲਈ ਗਈ ਸੀ। ਵਾਪਸੀ ਦੌਰਾਨ ਗੁਆਂਢ ਵਿੱਚ ਰਹਿਣ ਵਾਲੀ ਅਨਮੋਲ ਨਾਮਕ ਕੁੜੀ ਆਪਣੇ ਘਰ ਦੇ ਦਰਵਾਜ਼ੇ ’ਤੇ ਖੜ੍ਹੀ ਸੀ। ਪਰਿਵਾਰ ਮੁਤਾਬਕ, ਉਸ ਨੇ ਬੱਚੀ ਦੀ ਮਾਂ ਨੂੰ ਕਥਿਤ ਤੌਰ ’ਤੇ ਧਮਕੀ ਦਿੰਦਿਆਂ ਰੁਕਣ ਲਈ ਕਿਹਾ। ਡਰ ਕਾਰਨ ਜਦੋਂ ਮਾਂ ਨੇ ਰੌਲਾ ਪਾਇਆ ਅਤੇ ਪਰਿਵਾਰ ਨੂੰ ਮਦਦ ਲਈ ਬੁਲਾਉਣ ਵਾਸਤੇ ਦੌੜੀ ਤਾਂ ਕਥਿਤ ਤੌਰ ’ਤੇ ਕੁੜੀ ਨੇ ਪਿੱਛੋਂ 8 ਸਾਲਾ ਮਾਨਿਆ ’ਤੇ ਹਮਲਾ ਕਰ ਦਿੱਤਾ। ਬੱਚੀ ਨੂੰ ਬਚਾਉਣ ਲਈ



ਜਦੋਂ ਉਸ ਦੀ ਮਾਂ ਵਾਪਸ ਦੌੜੀ ਤਾਂ ਕਥਿਤ ਹਮਲਾਵਰ ਕੁੜੀ ਨੇ ਉਸ ’ਤੇ ਵੀ ਹਮਲਾ ਕਰ ਦਿੱਤਾ ਅਤੇ ਉਸ ਨੂੰ ਹੇਠਾਂ ਸੁੱਟ ਦਿੱਤਾ। ਪਰਿਵਾਰ ਦੇ ਦੋਸ਼ਾਂ ਅਨੁਸਾਰ ਇਸ ਤੋਂ ਬਾਅਦ ਬੱਚੀ ਨੂੰ ਬੁਰੀ ਤਰ੍ਹਾਂ ਕੁੱਟਿਆ ਗਿਆ, ਉਸ ਦਾ ਗਲਾ ਦਬਾਉਣ ਅਤੇ ਚਿਹਰੇ ਤੇ ਗੀੜ੍ਹ ਦੀ ਹੱਡੀ ’ਤੇ ਮੁੱਕੇ ਮਾਰਨ ਦੇ ਵੀ ਦੋਸ਼ ਲਗਾਏ ਗਏ ਹਨ। ਪਰਿਵਾਰ ਦਾ ਕਹਿਣਾ ਹੈ ਕਿ ਬੱਚੀ ਨੂੰ ਘਸੀਟ ਕੇ ਘਰ ਵੱਲ ਲਿਜਾਣ ਦੀ ਕੋਸ਼ਿਸ਼ ਵੀ ਕੀਤੀ ਗਈ। ਚਸ਼ਮਦੀਦਾਂ ਅਤੇ ਪਰਿਵਾਰਕ ਮੈਂਬਰਾਂ ਮੁਤਾਬਕ, ਹਮਲਾਵਰ ਵੱਲੋਂ ਕਥਿਤ ਤੌਰ ’ਤੇ ਬੱਚੀ ਨੂੰ ਇੱਟ ਨਾਲ ਮਾਰ ਕੇ ਜਾਨੋਂ ਮਾਰਨ ਦੀ ਧਮਕੀ ਵੀ ਦਿੱਤੀ ਜਾ ਰਹੀ ਸੀ। ਚੀਕਾਂ ਸੁਣ ਕੇ ਆਸ-ਪਾਸ ਦੇ ਲੋਕ ਮੌਕੇ ’ਤੇ ਪਹੁੰਚੇ ਅਤੇ ਕਿਸੇ ਤਰ੍ਹਾਂ ਬੱਚੀ ਅਤੇ ਉਸ ਦੀ ਮਾਂ ਨੂੰ ਛੁਡਵਾਇਆ। ਇਸ ਘਟਨਾ ਵਿੱਚ ਬੱਚੀ ਅਤੇ ਉਸ ਦੀ ਮਾਂ ਦੇ ਜ਼ਖ਼ਮੀ ਹੋਣ ਦੀ ਗੱਲ ਪਰਿਵਾਰ ਵੱਲੋਂ ਕਹੀ ਗਈ ਹੈ। ਬੱਚੀ ਦੇ ਪਿਤਾ ਪੰਕਜ ਨੇ ਦੱਸਿਆ ਕਿ ਉਨ੍ਹਾਂ ਦੀ ਧੀ ਪਹਿਲੀ ਜਮਾਤ ਵਿੱਚ ਪੜ੍ਹਦੀ ਹੈ ਅਤੇ ਉਸ ਨੂੰ ਪਹਿਲਾਂ ਤੋਂ ਹੀ ਨਸਾਂ ਨਾਲ ਸਬੰਧਤ ਸਮੱਸਿਆ ਹੈ, ਜਿਸ ਦਾ ਪਿਛਲੇ ਕਈ ਸਾਲਾਂ ਤੋਂ ਇਲਾਜ ਚੱਲ ਰਿਹਾ ਹੈ। ਪੰਕਜ ਮੁਤਾਬਕ, ਉਨ੍ਹਾਂ ਦਾ ਪਰਿਵਾਰ ਸਾਲ 1978 ਤੋਂ ਇਸ ਇਲਾਕੇ ਵਿੱਚ ਰਹਿ ਰਿਹਾ ਹੈ ਅਤੇ ਇਸ ਤੋਂ ਪਹਿਲਾਂ ਕਿਸੇ ਗੁਆਂਢੀ ਨਾਲ ਕੋਈ ਵਿਵਾਦ ਜਾਂ ਰੰਜਿਸ਼ ਨਹੀਂ ਰਹੀ। ਪਰਿਵਾਰ ਨੇ ਦੋਸ਼ ਲਗਾਇਆ ਕਿ ਮੁਲਜ਼ਮ ਕੁੜੀ ਦੇ ਪਰਿਵਾਰਕ ਮੈਂਬਰ ਉਸ ਨੂੰ ਰੋਕਣ ਦੀ ਬਜਾਏ ਉਸ ਦਾ ਬਚਾਅ ਕਰਦੇ ਹਨ ਅਤੇ ਬਾਅਦ ਵਿੱਚ ਇਹ ਕਹਿ ਕੇ ਮਾਮਲੇ ਤੋਂ ਪੱਲਾ ਝਾੜ ਲੈਂਦੇ ਹਨ ਕਿ ਕੁੜੀ ਮਾਨਸਿਕ ਤੌਰ ’ਤੇ ਬਿਮਾਰ ਹੈ ਅਤੇ ਉਸ ਕੋਲ ਮੈਂਟਲ ਹਸਪਤਾਲ ਨਾਲ ਸਬੰਧਤ ਦਸਤਾਵੇਜ਼ ਹਨ। ਪਰਿਵਾਰ ਨੇ ਸਵਾਲ ਕੀਤਾ ਕਿ ਜੇਕਰ ਕੁੜੀ ਦੀ ਮਾਨਸਿਕ ਸਿਹਤ ਸਬੰਧੀ ਸਮੱਸਿਆ ਹੈ ਤਾਂ ਉਸ ਨੂੰ ਹੋਰਨਾਂ ਲੋਕਾਂ ’ਤੇ ਹਮਲਾ ਕਰਨ ਤੋਂ ਰੋਕਣ ਲਈ ਪਰਿਵਾਰ ਵੱਲੋਂ ਉਚਿਤ ਕਦਮ ਕਿਉਂ ਨਹੀਂ ਚੁੱਕੇ ਜਾਂਦੇ। ਪੀੜਤ ਪਰਿਵਾਰ ਨੇ ਪ੍ਰਸ਼ਾਸਨ ਤੋਂ ਸੁਰੱਖਿਆ ਅਤੇ ਇਨਸਾਫ਼ ਦੀ ਮੰਗ ਕੀਤੀ ਹੈ। ਉੱਧਰ, ਮਾਮਲੇ ਸਬੰਧੀ ਪੁਲਸ ਅਧਿਕਾਰੀ ਨੇ ਦੱਸਿਆ ਕਿ ਪੰਕਜ ਵੱਲੋਂ ਸ਼ਿਕਾਇਤ ਪ੍ਰਾਪਤ ਹੋਈ ਹੈ। ਪੁਲਸ ਨੇ ਸ਼ਿਕਾਇਤ ਦੇ ਆਧਾਰ ’ਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਘਟਨਾ ਨਾਲ ਸਬੰਧਤ ਸਬੰਧਤ ਸਮੱਸਿਆ ਹੈ, ਜਿਸ ਦਾ ਪਿਛਲੇ ਕਈ ਸਾਲਾਂ ਤੋਂ ਇਲਾਜ ਚੱਲ ਰਿਹਾ ਹੈ। ਪੰਕਜ ਮੁਤਾਬਕ, ਉਨ੍ਹਾਂ ਦਾ ਪਰਿਵਾਰ ਸਾਲ 1978 ਤੋਂ ਇਸ ਇਲਾਕੇ ਵਿੱਚ ਰਹਿਸੀਸੀਟੀਵੀ ਫੁਟੇਜ ਨੂੰ ਵੀ ਜਾਂਚ ਵਿੱਚ ਸ਼ਾਮਲ ਕੀਤਾ ਗਿਆ ਹੈ। ਪੁਲਸ ਅਨੁਸਾਰ ਜੇਕਰ ਮੁਲਜ਼ਮ ਕੁੜੀ ਦੇ ਮਾਨਸਿਕ ਤੌਰ ’ਤੇ ਅਸਵਸਥ ਹੋਣ ਦੀ ਪੁਸ਼ਟੀ ਹੁੰਦੀ ਹੈ ਤਾਂ ਉਸ ਦੇ ਮੈਡੀਕਲ ਰਿਕਾਰਡ ਅਤੇ ਹਸਪਤਾਲ ਨਾਲ ਸਬੰਧਤ ਦਸਤਾਵੇਜ਼ਾਂ ਦੀ ਵੀ ਜਾਂਚ ਕੀਤੀ ਜਾਵੇਗੀ। ਪੁਲਸ ਨੇ ਕਿਹਾ ਕਿ ਪੂਰੇ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਤੱਥਾਂ ਅਤੇ ਕਾਨੂੰਨ ਅਨੁਸਾਰ ਅਗਲੀ ਕਾਰਵਾਈ ਕੀਤੀ ਜਾਵੇਗੀ।

# ਬਿਜਲੀ ਦਾ ਬਕਾਇਆ ਬਿੱਲ ਵਸੂਲਣ ਨੂੰ ਲੈ ਕੇ ਪੈ ਗਿਆ ਰੌਲਾ, ਕੀ ਹੈ ਪੂਰਾ ਮਾਮਲਾ

**ਕੌਮੀ ਪਤ੍ਰਿਕਾ**

ਸ੍ਰੀ ਮੁਕਤਸਰ ਸਾਹਿਬ 21 ਅਕਤੂਬਰ। ਸ੍ਰੀ ਮੁਕਤਸਰ ਸਾਹਿਬ ਦੇ ਪੰਡਤ ਜੈ ਦਿਆਲ ਸਟਰੀਟ ਇਲਾਕੇ ਵਿਚ ਬਿਜਲੀ ਦਾ ਬਕਾਇਆ ਬਿੱਲ ਵਸੂਲਣ ਗਏ ਬਿਜਲੀ ਵਿਭਾਗ ਦੇ ਅਧਿਕਾਰੀਆਂ ਅਤੇ ਸਟਾਫ਼ ਨਾਲ ਕਥਿਤ ਰੂਪ ਵਿਚ ਗਾਲੀ-ਗਲੋਚ ਕਰਨ, ਕਹੀ ਨਾਲ ਹਮਲਾ ਕਰਨ ਦੀ ਕੋਸ਼ਿਸ਼ ਅਤੇ ਰਿਵਾਲਵਰ ਨਾਲ ਗੋਲੀ ਮਾਰਨ ਦੀ ਧਮਕੀ ਦੇਣ ਦੇ ਦੋਸ਼ ਹੇਠ ਇਕ ਵਿਅਕਤੀ ਖ਼?ਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ?ਮਿਲੀ ਜਾਣਕਾਰੀ ਅਨੁਸਾਰ ਇਸ ਸਬੰਧੀ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਵਿਖੇ ਸਿਟੀ ਥਾਣਾ ਮੁਕਤਸਰ ਵਿਖੇ ਨੰਬਰ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਸਹਾਇਕ ਇੰਜੀਨੀਅਰ ਵੰਡ ਉਪ-ਮੰਡਲ (ਸ਼ਹਿਰੀ) ਸ੍ਰੀ ਮੁਕਤਸਰ ਸਾਹਿਬ ਵੱਲੋਂ ਭੇਜੇ ਪੱਤਰ ਨੰਬਰ 1929 (ਮਿਤੀ 28.09.2026) ਅਨੁਸਾਰ, ਦਫ਼ਤਰੀ ਹੁਕਮਾਂ ਦੀ ਪਾਲਣਾ ਕਰਦਿਆਂ ਇਕ ਟੀਮ ਗਠਿਤ ਕੀਤੀ ਗਈ ਸੀ। ਇਸ ਟੀਮ ਵਿਚ ਇੰਜੀਨੀਅਰ ਸੁਖਪਾਲ ਸਿੰਘ (ਏ.ਈ.), ਸ਼ਮਿੰਦਰ ਸਿੰਘ (ਜੇ.ਈ.), ਗੁਰਜੀਤ ਸਿੰਘ (ਜੇ.ਈ.), ਮਨਜੀਤ ਸਿੰਘ (ਲਾਈਨਮੈਨ) ਅਤੇ ਵਿਕਾਸ ਸਿੰਘ (ਲਾਈਨਮੈਨ) ਸ਼ਾਮਲ ਸਨ, ਜੋ ਪੰਡਤ ਜੈ ਦਿਆਲ ਸਟਰੀਟ ਵਿਖੇ ਬਕਾਇਆ ਰਕਮ ਦੀ ਉਗਰਾਹੀ ਲਈ ਗਏ ਸਨ। ਟੀਮ ਨੇ ?ਜਦੋਂ ਮੀਟਰ ਖਾਤਾ ਨੰਬਰ 4055144000 ਦੇ ਖਪਤਕਾਰ ਕੁਲਬੀਰ ਸਿੰਘ (ਪੁੱਤਰ ਜਸਵੰਤ ਸਿੰਘ, ਵਾਸੀ ਸ੍ਰੀ ਮੁਕਤਸਰ ਸਾਹਿਬ – ਮੋਸਟ ਵੈਲਕਮ ਇਲੈਕਟ?ਰੋਨਿਕਸ) ਨੂੰ ਉਸ ਦਾ ਬਕਾਇਆ ਬਿੱਲ 1,42,966 ਜਮ?ਹਾਂ ਕਰਵਾਉਣ ਲਈ ਕਿਹਾ ਤਾਂ ਉਹ ਭੜਕ ਗਿਆ। ਸ਼ਿਕਾਇਤ ਅਨੁਸਾਰ ਖਪਤਕਾਰ ਕੁਲਬੀਰ ਸਿੰਘ ਨੇ ਜੇ.ਈ. ਸ਼ਮਿੰਦਰ ਸਿੰਘ ਅਤੇ ਬਾਕੀ ਸਟਾਫ਼ ਨਾਲ ਗਾਲੀ-ਗਲੋਚ ਕੀਤਾ। ਇੰਨਾ ਹੀ ਨਹੀਂ, ਉਸ ਨੇ ਨੇੜੇ ਕੰਮ ਕਰ ਰਹੇ ਮਜ਼ਦੂਰਾਂ





ਦੀ ਕਹੀ ਚੁੱਕ ਕੇ ਜੇ.ਈ. ਸ਼ਮਿੰਦਰ ਸਿੰਘ ’ਤੇ ਮਾਰਨ ਦੀ ਕੋਸ਼ਿਸ਼ ਕੀਤੀ ਅਤੇ ਰਿਵਾਲਵਰ ਨਾਲ ਗੋਲੀ ਮਾਰਨ ਦੀਆਂ ਧਮਕੀਆਂ ਦਿੱਤੀਆਂ। ਮੌਕੇ ’ਤੇ ਮੌਜੂਦ ਸਾਥੀਆਂ ਨੇ ਵਿਚ-ਬਚਾਅ ਕਰਕੇ ਜੇ.ਈ. ਨੂੰ ਬਚਾਇਆ। ?ਪੁਲਸ ਨੇ ਪ੍ਰਾਪਤ ਸ਼ਿਕਾਇਤ ਦੇ ਆਧਾਰ ’ਤੇ ਕੁਲਬੀਰ ਸਿੰਘ ਵਿਰੁੱਧ ਕਾਨੂੰਨੀ ਕਾਰਵਾਈ ਕਰਦਿਆਂ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਡਿਊਟੀ ਵੇਲੇ ਮੁਲਾਜ਼ਮਾਂ ’ਤੇ ਲੱਗੀ ਵੱਡੀ ਪਾਬੰਦੀ, ਆਇਆ ਨਵਾਂ ਫ਼ਰਮਾਨ, CTU ਨੇ ਚੁੱਕਿਆ ਸਖ਼ਤ ਕਦਮ

ਚੰਡੀਗੜ੍ਹ 21 ਅਕਤੂਬਰ। ਚੰਡੀਗੜ੍ਹ ਟਰਾਂਸਪੋਰਟ ਅੰਡਰਟੇਕਿੰਗ (ਸੀ. ਟੀ. ਯੂ.) ਨੇ ਯਾਤਰੀਆਂ ਦੀ ਸੁਰੱਖਿਆ ਨੂੰ ਧਿਆਨ ’ਚ ਰੱਖਦੇ ਹੋਏ ਇੱਕ ਸਖ਼ਤ ਨਿਯਮ ਲਾਗੂ ਕੀਤਾ ਹੈ, ਜਿਸ ਤਹਿਤ ਡਰਾਈਵਰ ਅਤੇ ਕੰਡਕਟਰ ਸਮੇਤ ਸਾਰੇ ਮੁਲਾਜ਼ਮਾਂ ਦੇ ਡਿਊਟੀ ਦੌਰਾਨ ਰੀਲਾਂ ਬਣਾਉਣ ’ਤੇ ਪੂਰਨ ਤੌਰ ’ਤੇ ਰੋਕ ਲਗਾ ਦਿੱਤੀ ਗਈ ਹੈ। ਸੀ. ਟੀ. ਯੂ. ਅਤੇ ਸੀ. ਸੀ. ਬੀ. ਐੱਸ. ਐੱਸ. ਦੇ ਡਰਾਈਵਰ, ਕੰਡਕਟਰ, ਇੰਸਪੈਕਟਰ ਸਮੇਤ ਸਾਰੇ ਰੂਟ ਅਤੇ ਫੀਲਡ ਮੁਲਾਜ਼ਮ ਡਿਊਟੀ ’ਤੇ ਤਾਇਨਾਤ ਰਹਿੰਦੇ ਹੋਏ ਨਿੱਜੀ ਮਕਸਦ ਲਈ ਕਿਸੇ ਵੀ ਕਿਸਮ ਦੀ ਵੀਡੀਓ ਜਾਂ ਕੰਟੈਂਟ ਇੰਟਰਨੈੱਟ ਮੀਡੀਆ ’ਤੇ ਪੋਸਟ ਨਹੀਂ ਕਰ ਸਕਣਗੇ। ਮੰਡਲ ਪ੍ਰਬੰਧਕ ਸੀ. ਟੀ. ਯੂ. ਅਤੇ ਡਾਇਰੈਕਟਰ ਟਰਾਂਸਪੋਰਟ



ਦੇ ਦਫ਼ਤਰ ਵੱਲੋਂ ਇਸ ਸਬੰਧੀ ਬਕਾਇਦਾ ਹੁਕਮ ਜਾਰੀ ਕਰ ਦਿੱਤੇ ਗਏ ਹਨ। ਜਾਰੀ ਹੁਕਮਾਂ ’ਚ ਸਪੱਸ਼ਟ ਕੀਤਾ ਗਿਆ ਹੈ ਕਿ ਬੱਸ ਚਲਾਉਂਦੇ ਸਮੇਂ ਜਾਂ ਬੱਸ ’ਚ ਡਿਊਟੀ ਦੌਰਾਨ ਰੀਲ ਜਾਂ ਵੀਡੀਓ ਬਣਾਉਣ ’ਤੇ ਵਿਸ਼ੇਸ਼ ਤੌਰ ’ਤੇ ਪਾਬੰਦੀ ਰਹੇਗੀ। ਇਸ ਤੋਂ ਇਲਾਵਾ ਵਰਦੀ ’ਚ ਵੀ ਨਿੱਜੀ ਕੰਟੈਂਟ ਬਣਾਉਣ ਦੀ ਸਖ਼ਤ ਮਨਾਹੀ ਹੈ, ਜਿਸ ਦਾ ਅਧਿਕਾਰਤ ਡਿਊਟੀ ਨਾਲ ਕੋਈ ਸਬੰਧ ਨਹੀਂ ਹੈ। ਵਿਭਾਗ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਸੀ. ਟੀ. ਯੂ. ਅਤੇ ਸੀ. ਸੀ. ਬੀ. ਐੱਸ. ਐੱਸ. ਦੀਆਂ ਬੱਸਾਂ, ਬੱਸ ਸਟੈਂਡ, ਡਿਪੂ, ਦਫ਼ਤਰ, ਵਰਕਸ਼ਾਪ ਅਤੇ ਯਾਤਰੀ ਸਹੂਲਤਾਂ ਦੀ ਵਰਤੋਂ ਨਿੱਜੀ ਜਾਂ ਵਪਾਰਕ ਕੰਟੈਂਟ ਬਣਾਉਣ ਲਈ ਪੂਰਵ ਪ੍ਰਵਾਨਗੀ ਤੋਂ ਬਿਨਾਂ ਨਹੀਂ ਕੀਤੀ ਜਾ ਸਕੇਗੀ। ਪ੍ਰਸ਼ਾਸਨ ਵੱਲੋਂ ਚਿਤਾਵਨੀ ਦਿੱਤੀ ਗਈ ਹੈ ਕਿ ਇਨ੍ਹਾਂ ਹੁਕਮਾਂ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ, ਨਹੀਂ ਤਾਂ ਨਿਯਮ ਤੋੜਨ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਸਕਦੀ ਹੈ।

# ਆਈ.ਕੇ. ਗੁਜਰਾਲ ਪੀ.ਟੀ.ਯੂ. ਵਧਾਈ ਗਈ ਪ੍ਰੀਖਿਆ ਫੀਸ ਤੁਰੰਤ ਵਾਪਸ ਲਵੇ: ਰਿਆ

**ਕੌਮੀ ਪਤ੍ਰਿਕਾ**

ਫਤਹਿਗੜ੍ਹ ਸਾਹਿਬ 21 ਅਕਤੂਬਰ। ਸ਼੍ਰੋਮਣੀ ਅਕਾਲੀ ਦਲ ਦੇ ਐੱਸ. ਸੀ. ਵਿੰਗ ਦੇ ਸੀਨੀਅਰ ਮੀਤ ਪ੍ਰਧਾਨ ਅਵਤਾਰ ਸਿੰਘ ਰਿਆ ਨੇ ਆਈ. ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ (ਆਈ.ਕੇ.ਜੀ.ਪੀ.ਟੀ.ਯੂ.) ਵੱਲੋਂ ਪ੍ਰੀਖਿਆ ਸਬੰਧੀ ਫੀਸ ’ਚ ਕੀਤੇ ਵਾਧੇ ਦੀ ਆਲੋਚਨਾ ਕਰਦਿਆਂ ਇਸ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਇਸ ਮਾਮਲੇ ’ਚ ਜਵਾਬਦੇਹੀ ਤੈਅ ਕਰਨ ਅਤੇ ਫੀਸ ਨਿਰਧਾਰਨ ਦਾ ਪੂਰਾ ਵਿੱਤੀ ਹਿਸਾਬ ਜਨਤਕ ਕਰਨ ਦੀ ਮੰਗ ਕੀਤੀ। ਜਥੇਦਾਰ ਰਿਆ ਨੇ ਕਿਹਾ ਕਿ ਅਪ੍ਰੈਲ 2026 ਦੀ ਯੂਨੀਵਰਸਿਟੀ ਦੀ ਇਕ ਫੀਸ ਰਸੀਦ ਅਨੁਸਾਰ ਬੀ.ਸੀ.ਏ. ਦੇ ਇਕ ਵਿਦਿਆਰਥੀ ਤੋਂ ਕੁੱਲ 4,600 ਰੁਪਏ ਵਸੂਲੇ ਗਏ ਹਨ, ਜਿਸ ’ਚ 3,000 ਰੁਪਏ ਪ੍ਰੀਖਿਆ ਫੀਸ ਅਤੇ 1,600 ਰੁਪਏ ਯੂਨੀਵਰਸਿਟੀ ਸਬੰਧੀ ਫੀਸ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਜਦੋਂ ਵਿਦਿਆਰਥੀ ਦੀ ਟਿਊਸ਼ਨ ਫੀਸ 15,000 ਰੁਪਏ ਹੈ ਤਾਂ ਵਾਧੂ 4,600 ਰੁਪਏ ਦਾ ਬੋਝ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ, ਮਾਪਿਆਂ ਅਤੇ ਆਮ ਲੋਕਾਂ ਵੱਲੋਂ ਇਸ ਫੀਸ ਵਾਧੇ ਨੂੰ ਲੈ ਕੇ ਲਗਾਤਾਰ ਪ੍ਰਤੀਕਿਰਿਆ ਮਿਲ ਰਹੀ ਹੈ ਅਤੇ ਵਿਦਿਆਰਥੀਆਂ ਵਿਚ ਰੋਸ ਹੈ। ਉਨ੍ਹਾਂ ਕਿਹਾ ਕਿ ਮਾਮਲਾ ਸਿਰਫ਼ ਫੀਸ ਵਧਾਉਣ ਤੱਕ ਸੀਮਤ ਨਹੀਂ ਹੈ, ਸਗੋਂ ਗਰੀਬ ਅਤੇ ਮੱਧ ਵਰਗ ਦੇ ਵਿਦਿਆਰਥੀਆਂ ਲਈ ਤਕਨੀਕੀ ਸਿੱਖਿਆ ਦੀ ਪਹੁੰਚ ਨਾਲ ਵੀ ਜੁੜਿਆ ਹੋਇਆ ਹੈ। ਉਨ੍ਹਾਂ ਸਵਾਲ ਕੀਤਾ ਕਿ ਜੇਕਰ ਪਿਛਲੇ ਲਗਭਗ ਇਕ ਦਹਾਕੇ ਤੋਂ ਕਾਲਜਾਂ ਦੀ ਟਿਊਸ਼ਨ ਫੀਸ ਵਿਚ



ਵੱਡਾ ਵਾਧਾ ਨਹੀਂ ਹੋਇਆ ਅਤੇ ਨਿਗਰਾਨੀ ਕਰਨ ਵਾਲੇ ਕਰਮਚਾਰੀਆਂ ਅਤੇ ਉੱਤਰ ਪੁਸਤਕਾਂ ਦੀ ਜਾਂਚ ਦੇ ਮਾਨਦੇਹ ਵਿਚ ਵੀ ਇਸੇ ਅਨੁਪਾਤ ਵਿਚ ਵਾਧਾ ਨਹੀਂ ਹੋਇਆ, ਤਾਂ ਪ੍ਰੀਖਿਆ ਫੀਸ ਵਿਚ ਇੰਨਾ ਵੱਡਾ ਵਾਧਾ ਕਿਸ ਆਧਾਰ ’ਤੇ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਨੂੰ ਫੀਸ ਵਾਧੇ ਦਾ ਪੂਰਾ ਵਿੱਤੀ ਆਧਾਰ ਜਨਤਕ ਕਰਨਾ ਚਾਹੀਦਾ ਹੈ। ਉਨ੍ਹਾਂ ਵਿਸ਼ੇਸ਼ ਤੌਰ ’ਤੇ ਐੱਸ. ਸੀ. ਵਰਗ ਦੇ ਗਰੀਬ ਵਿਦਿਆਰਥੀਆਂ ਦੀ ਸਮੱਸਿਆ ਉਠਾਉਂਦਿਆਂ ਕਿਹਾ ਕਿ ਸਰਕਾਰੀ ਸਕਾਲਰਸ਼ਿਪ ਅਤੇ ਫੀਸ ਸਹਾਇਤਾ ਜਾਰੀ ਹੋਣ ਵਿਚ ਦੇਰੀ ਕਾਰਨ ਵਿਦਿਆਰਥੀਆਂ ਅਤੇ ਕਾਲਜਾਂ ’ਤੇ ਵਾਧੂ ਵਿੱਤੀ ਦਬਾਅ ਪੈਂਦਾ ਹੈ। ਉਨ੍ਹਾਂ ਮੰਗ ਕੀਤੀ ਕਿ ਯੋਗ ਵਿਦਿਆਰਥੀਆਂ ਨੂੰ ਸਰਕਾਰੀ ਸਹਾਇਤਾ ਮਿਲਣ ਤੱਕ ਫੀਸ ਦੀ ਅਗਾਊਂ ਅਦਾਇਗੀ ਤੋਂ ਉਚਿਤ ਰਾਹਤ ਦਿੱਤੀ ਜਾਵੇ।

## ਜਲੰਧਰ ’ਚ ਕਿਸਾਨ ਨਾਲ ਲੁੱਟ, ਹਥਿਆਰਾਂ ਦੇ ਜ਼ੋਰ ’ਤੇ ਇਲੈਕਟ੍ਰਿਕ ਸਕੂਟਰੀ ਤੇ ਫੋਨ ਲੁੱਟ ਕੇ ਫਰਾਰ ਹੋਏ ਲੁਟੇਰੇ

ਜਲੰਧਰ 21 ਅਕਤੂਬਰ। ਮਹਾਨਗਰ ਜਲੰਧਰ ’ਚ ਲੁੱਟਖੋਹ ਦੀਆਂ ਘਟਨਾਵਾਂ ਰੁਕਣ ਦਾ ਨਾਂ ਨਹੀਂ ਲੈ ਰਹੀਆਂ। ਤਾਜ਼ਾ ਮਾਮਲਾ ਜਲੰਧਰ ਦਿਹਾਤੀ ਤੋਂ ਸਾਹਮਣੇ ਆਇਆ ਹੈ, ਜਿੱਥੇ ਹਥਿਆਰਾਂ ਦੀ ਨੋਕ ’ਤੇ ਦੇਰ ਰਾਤ ਲੁਟੇਰਿਆਂ ਨੇ ਕਿਸਾਨ ਨੂੰ ਨਿਸ਼ਾਨਾ ਬਣਾ ਕੇ ਵਾਰਦਾਤ ਨੂੰ ਅੰਜਾਮ ਦਿੱਤਾ। ਪਿੰਡ ਗੋਰਾਇਆ ਦੇ ਬੋਪਾਰਾਏ ’ਚ ਲੁੱਟ ਦੀ ਘਟਨਾ ਸਾਹਮਣੇ ਆਈ ਹੈ। ਜੰਡ ਰੋਡ ਦੀ ਪੁਲੀ ’ਤੇ ਕਿਸਾਨ ਨੂੰ ਲੁਟੇਰਿਆਂ ਨੇ ਘੇਰ ਲਿਆ। ਤੇਜ਼ਧਾਰ ਹਥਿਆਰਾਂ ਦੀ ਨੋਕ ’ਤੇ ਇਲੈਕਟ੍ਰਿਕ ਸਕੂਟਰੀ, ਮੋਬਾਇਲ ਫੋਨ ਅਤੇ ਹੋਰ ਦਸਤਾਵੇਜ਼ ਲੈ ਕੇ ਫਰਾਰ ਹੋ ਗਏ। ਪੀੜਤ ਜਸਵੀਰ ਸਿੰਘ ਨੇ ਦੱਸਿਆ ਕਿ ਉਹ ਗੋਰਾਇਆ ਦਾ ਰਹਿਣ ਵਾਲਾ ਹੈ। ਦੇਰ ਰਾਤ ਕਰੀਬ ਸਵਾ 8 ਵਜੇ ਉਹ ਘਰ ਜਾ ਰਿਹਾ ਸੀ। ਇਸ ਦੌਰਾਨ 3 ਵਿਅਕਤੀਆਂ ਨੇ ਉਸ ਨੂੰ ਦਾਤਰ, ਡੰਡਾ ਵਿਖਾ ਕੇ ਘੇਰ ਲਿਆ ਅਤੇ ਹਮਲਾ ਕਰਨ ਦੀ ਨੀਅਤ ਨਾਲ ਡਰਾਉਣ ਲੱਗੇ। ਪੀੜਤ ਨੇ ਦੱਸਿਆ ਕਿ ਲੁਟੇਰੇ ਉਸ ਕੋਲੋਂ ਇਲੈਕਟ੍ਰਿਕ ਸਕੂਟਰੀ, ਫੋਨ ਅਤੇ ਦਸਤਾਵੇਜ਼ ਖੋਹ ਕੇ ਫਰਾਰ ਹੋ ਗਏ। ਘਟਨਾ ਤੋਂ ਬਾਅਦ ਦੇਰ ਰਾਤ ਸਾਢੇ 10 ਵਜੇ ਪੁਲਸ ਨੂੰ ਸ਼ਿਕਾਇਤ ਦਿੱਤੀ ਗਈ। ਪੀੜਤ ਅਨੁਸਾਰ ਸਕੂਟਰੀ ’ਚ ਜ਼ਿਆਦਾ ਚਾਰਜ ਨਹੀਂ ਸੀ, ਇਸ ਲਈ ਸਕੂਟਰੀ ਸਿਰਫ਼ 5 ਤੋਂ 6 ਕਿਲੋਮੀਟਰ ਤੱਕ ਹੀ ਜਾ ਸਕਦੀ ਹੈ। ਪੀੜਤ ਨੇ ਦਾਅਵਾ ਕੀਤਾ ਕਿ ਉਹ ਇਕ ਲੁਟੇਰੇ ਨੂੰ ਪਛਾਣ ਸਕਦਾ ਹੈ, ਕਿਉਂਕਿ ਹੱਥੋਪਾਈ ਦੌਰਾਨ ਉਸ ਦਾ ਚਿਹਰਾ ਵੇਖ ਲਿਆ ਸੀ, ਜਦਕਿ ਬਾਕੀ ਦੋ ਲੁਟੇਰਿਆਂ ਦੇ ਮੂੰਹ ਢਕੇ ਹੋਏ ਸਨ।

## ਜੰਮੂ ’ਚ ਧਮਾਕਾ ! ਗੁਬਾਰੇ ਭਰਨ ਵਾਲਾ ਸਿਲੰਡਰ ਫਟਣ ਨਾਲ 3 ਪੁਲਸ ਮੁਲਾਜ਼ਮ ਜ਼ਖਮੀ

ਨੈਸ਼ਨਲ ਡੈਸਕ 21 ਅਕਤੂਬਰ। ਜੰਮੂ ਦੇ ਸੈਕਟਰ ਘਰੋਟਾ ਵਿੱਚ ਮਥਵਾਰ ਬਾਬਾ ਬੱਲੋ ਦੇਵ ਅਸਥਾਨ ਵਿਖੇ ਇੱਕ ਕੁਸ਼ਤੀ ਮੁਕਾਬਲੇ ਦੌਰਾਨ ਉਸ ਸਮੇਂ ਸਨਸਨੀ ਫੈਲ ਗਈ, ਜਦੋਂ ਗੁਬਾਰੇ ਭਰਨ ਵਾਲਾ ਸਿਲੰਡਰ ਜ਼ੋਰ ਨਾਲ ਬਲਾਸਟ ਹੋ ਗਿਆ। ਇਸ ਘਟਨਾ ਕਾਰਨ ਤਿੰਨ ਲੋਕ ਜ਼ਖਮੀ ਹੋ ਗਏ। ਜ਼ਖਮੀਆਂ ਨੂੰ ਇਲਾਜ ਲਈ ਜੀਐਮਸੀਐਚ ਜੰਮੂ ਵਿੱਚ ਦਾਖਲ ਕਰਵਾਇਆ ਗਿਆ ਹੈ। ਰਿਪੋਰਟਾਂ ਅਨੁਸਾਰ, ਇਹ ਘਟਨਾ ਇੱਕ ਕੁਸ਼ਤੀ ਮੁਕਾਬਲੇ ਦੌਰਾਨ ਵਾਪਰੀ ਹੈ। ਇਸ ਹਾਦਸੇ ਵਿੱਚ ਘਰੋਟਾ ਪੁਲਸ ਸਟੇਸ਼ਨ ਵਿੱਚ ਤਾਇਨਾਤ ਤਿੰਨ ਪੁਲਸ ਕਰਮਚਾਰੀ ਜ਼ਖਮੀ ਹੋ ਗਏ। ਜ਼ਖਮੀਆਂ ਦੀ ਪਛਾਣ ਐਸਜੀਸੀਟੀ ਖੇਮ ਕਰਨ ਸ਼ਰਮਾ (38) ਵਾਸੀ ਰਾਜਪੁਰਾ ਕੈਂਪ ਕਾਨਾ ਚੱਕ, ਏਐਸਆਈ ਵੇਦ ਰਾਜ (52) ਵਾਸੀ ਜੰਡਿਆਲ ਠੱਠੀ ਅਤੇ ਐਸਪੀਓ ਰਾਜ ਕੁਮਾਰ (31) ਵਾਸੀ ਗਲੀ ਮੱਠਵਾੜ ਵਜੋਂ ਹੋਈ ਹੈ। ਘਟਨਾ ਤੋਂ ਬਾਅਦ ਤਿੰਨੋਂ ਜ਼ਖਮੀਆਂ ਨੂੰ ਜੀਐਮਸੀਐਚ ਜੰਮੂ ਲਿਜਾਇਆ ਗਿਆ, ਜਿੱਥੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ। ਹਾਦਸੇ ਦੇ ਹਾਲਾਤ ਬਾਰੇ ਵੇਰਵੇ ਅਜੇ ਜਾਰੀ ਨਹੀਂ ਕੀਤੇ ਗਏ ਹਨ।

## ਫਗਵਾੜਾ ਰੇਲਵੇ ਸਟੇਸ਼ਨ ’ਤੇ ਡਿਜੀਟਲ ਲਾਕਰ ਸੁਵਿਧਾ ਸ਼ੁਰੂ

ਫਿਰੋਜ਼ਪੁਰ 21 ਅਕਤੂਬਰ। ਫਿਰੋਜ਼ਪੁਰ ਮੰਡਲ ਵੱਲੋਂ ਯਾਤਰੀਆਂ ਨੂੰ ਸੁਰੱਖਿਅਤ, ਬਿਹਤਰ ਅਤੇ ਆਧੁਨਿਕ ਸੁਵਿਧਾਵਾਂ ਉਪਲੱਬਧ ਕਰਵਾਉਣ ਦੇ ਮਕਸਦ ਨਾਲ ਮਿਤੀ 16 ਅਕਤੂਬਰ 2026 ਤੋਂ ਫਗਵਾੜਾ ਰੇਲਵੇ ਸਟੇਸ਼ਨ ’ਤੇ ਡਿਜੀਟਲ ਲਾਕਰ ਸੁਵਿਧਾ ਸ਼ੁਰੂ ਕੀਤੀ ਗਈ ਹੈ। ਡਿਜੀਟਲ ਲਾਕਰ ਵਿੱਚ ਯਾਤਰੀ ਆਪਣੇ ਬੈਗ ਅਤੇ ਹੋਰ ਸਮਾਨ ਨੂੰ ਸੁਰੱਖਿਅਤ ਰੂਪ ਵਿਚ ਰੱਖ ਸਕਣਗੇ। ਇਸ ਨਾਲ ਯਾਤਰੀਆਂ ਨੂੰ ਆਪਣੇ ਸਮਾਨ ਦੇ ਨਾਲ ਹਰ ਸਮੇਂ ਘੁੰਮਣ ਦੀ ਅਸੁਵਿਧਾ ਤੋਂ ਮੁਕਤੀ ਮਿਲੇਗੀ। ਵਿਸ਼ੇਸ਼ ਤੌਰ ’ਤੇ ਉਹ ਯਾਤਰੀ ਜਿਨ੍ਹਾਂ ਨੇ ਟਰੇਨ ਦੀ ਉਡੀਕ ਕਰਨੀ ਹੁੰਦੀ ਹੈ ਜਾਂ ਕੁੱਝ ਸਮੇਂ ਲਈ ਸਟੇਸ਼ਨ ਤੋਂ ਬਾਹਰ ਜਾਣਾ ਹੁੰਦਾ ਹੈ। ਡਿਜੀਟਲ ਲਾਕਰ ਸੁਵਿਧਾ ਦੇ ਤਹਿਤ ਯਾਤਰੀ, ਆਪਣੀ ਲੋੜ ਅਨੁਸਾਰ, ਲਾਕਰ ਨੂੰ ਨਿਰਧਾਰਿਤ ਸਮੇਂ ਲਈ ਬੁੱਕ ਕਰ ਸਕਣਗੇ। ਕਿਰਾਇਆ ਵੀ ਸਮੇਂ ਦੀ ਮਿਆਦ ਦੇ ਅਨੁਸਾਰ ਹੀ ਲਿਆ ਜਾਵੇਗਾ। ਯਾਤਰੀ ਨੂੰ, ਲਾਕਰ ਪੈਨਲ ’ਤੇ, ਆਪਣਾ ਮੋਬਾਇਲ ਨੰਬਰ ਦਰਜ ਕਰਕੇ ਓ. ਟੀ. ਪੀ. ਪ੍ਰਾਪਤ ਕਰਨਾ ਹੋਵੇਗਾ। ਉਸ ਤੋਂ ਬਾਅਦ ਲਾਕਰ ਦੀ ਚੋਣ ਕਰਕੇ, ਕਿਊ.ਆਰ. ਕੋਡ ਸਕੈਨ ਕਰਕੇ, ਆਨਲਾਈਨ ਭੁਗਤਾਨ ਕੀਤਾ ਜਾ ਸਕੇਗਾ। ਫਗਵਾੜਾ ਰੇਲਵੇ ਸਟੇਸ਼ਨ ’ਤੇ ਇਸ ਸੁਵਿਧਾ ਦੇ ਸ਼ੁਰੂ ਹੋਣ ਨਾਲ ਯਾਤਰੀਆਂ ਨੂੰ ਆਧੁਨਿਕ ਸੁਵਿਧਾਵਾਂ ਦਾ ਲਾਭ ਮਿਲੇਗਾ

## ਡਿਵਾਈਡਰ ਨਾਲ ਕਾਰ ਟਕਰਾਉਣ ਕਾਰਨ ਵਿਦਿਆਰਥੀ ਦੀ ਮੌਤ, 1 ਜ਼ਖ਼ਮੀ

ਨੋਇਡਾ 21 ਅਕਤੂਬਰ। ਨੋਇਡਾ ’ਚ ਸ਼ਨੀਵਾਰ ਸਵੇਰੇ ਇਕ ਕਾਰ ਦੇ ਕੰਟਰੋਲ ਤੋਂ ਬਾਹਰ ਹੋ ਕੇ ਡਿਵਾਈਡਰ ਨਾਲ ਟਕਰਾਉਣ ਕਾਰਨ ਇਕ ਵਿਦਿਆਰਥੀ ਦੀ ਮੌਤ ਹੋ ਗਈ ਅਤੇ ਇੱਕ ਹੋਰ ਵਿਅਕਤੀ ਗੰਭੀਰ ਜ਼ਖਮੀ ਹੋ ਗਿਆ, ਜਿਸ ਦੀ ਜਾਣਕਾਰੀ ਪੁਲਸ ਨੇ ਦਿੱਤੀ। ਪੁਲਸ ਅਨੁਸਾਰ, ਇਹ ਹਾਦਸਾ ਸੈਕਟਰ 39 ਪੁਲਸ ਸਟੇਸ਼ਨ ਖੇਤਰ ’ਚ ਆਰਕਿਊਬ ਮੋਨਾਡ ਮਾਲ ਨੇੜੇ ਵਾਪਰਿਆ ਜਦੋਂ ਇਕ ਕਾਰ ਕੰਟਰੋਲ ਗੁਆ ਬੈਠੀ ਅਤੇ ਡਿਵਾਈਡਰ ਨਾਲ ਟਕਰਾ ਗਈ। ਸਟੇਸ਼ਨ ਹਾਊਸ ਅਫ਼ਸਰ ਡੀਪੀ ਸ਼ੁਕਲਾ ਨੇ ਦੱਸਿਆ ਕਿ ਹਾਦਸੇ ’ਚ ਕਾਰ ਸਵਾਰ ਨਿਤਿਨ (18) ਅਤੇ ਮਨੋਹਰ ਝਾਅ (18) ਗੰਭੀਰ ਜ਼ਖਮੀ ਹੋ ਗਏ। ਉਨ੍ਹਾਂ ਕਿਹਾ ਕਿ ਦੋਵਾਂ ਨੂੰ ਨੋਇਡਾ ਜ਼ਿਲ੍ਹਾ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਨਿਤਿਨ ਨੂੰ ਮ੍ਰਿਤਕ ਐਲਾਨ ਦਿੱਤਾ। ਮਨੋਹਰ ਝਾਅ ਦੀ ਹਾਲਤ ਨਾਜ਼ੁਕ ਹੋਣ ਕਾਰਨ ਉਨ੍ਹਾਂ ਨੂੰ ਤੁਰੰਤ ਇੱਕ ਉੱਚ ਮੈਡੀਕਲ ਸੰਸਥਾ ’ਚ ਲਿਜਾਇਆ ਗਿਆ। ਸ਼ੁਕਲਾ ਨੇ ਕਿਹਾ ਕਿ ਨਿਤਿਨ ਗ੍ਰੇਟਰ ਨੋਇਡਾ ਦੇ ਇਕ ਨਿੱਜੀ ਸਕੂਲ ’ਚ 12ਵੀਂ ਜਮਾਤ ਦਾ ਵਿਦਿਆਰਥੀ ਸੀ। ਸਟੇਸ਼ਨ ਇੰਚਾਰਜ ਨੇ ਕਿਹਾ ਕਿ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

## ਸ਼ਾਜਾਪੁਰ ’ਚ ਬੱਸ ਡਿਵਾਈਡਰ ਨਾਲ ਟਕਰਾਈ, 30 ਤੋਂ ਵੱਧ ਯਾਤਰੀ ਜ਼ਖਮੀ

ਨੈਸ਼ਨਲ ਡੈਸਕ 21 ਅਕਤੂਬਰ। ਐਤਵਾਰ ਸਵੇਰੇ ਮੱਧ ਪ੍ਰਦੇਸ਼ ਦੇ ਸ਼ਾਜਾਪੁਰ ਜ਼ਿਲ੍ਹੇ ਵਿੱਚ ਰਾਸ਼ਟਰੀ ਰਾਜਮਾਰਗ 52 ’ਤੇ ਇੱਕ ਨਿੱਜੀ ਯਾਤਰੀ ਬੱਸ ਡਿਵਾਈਡਰ ਨਾਲ ਟਕਰਾ ਕੇ ਪਲਟ ਗਈ, ਜਿਸ ਕਾਰਨ 30 ਤੋਂ ਵੱਧ ਯਾਤਰੀ ਜ਼ਖਮੀ ਹੋ ਗਏ। ਉਨ੍ਹਾਂ ਕਿਹਾ ਕਿ ਉਨ੍ਹਾਂ ਵਿੱਚੋਂ ਦੋ ਦੀ ਹਾਲਤ





ਗੰਭੀਰ ਦੱਸੀ ਜਾ ਰਹੀ ਹੈ। ਇੱਕ ਪੁਲਸ ਅਧਿਕਾਰੀ ਨੇ ਦੱਸਿਆ ਕਿ ਬੱਸ ਗੁਨਾ ਤੋਂ ਇੰਦੌਰ ਜਾ ਰਹੀ ਸੀ ਅਤੇ ਐਤਵਾਰ ਸਵੇਰੇ 4 ਵਜੇ ਦੇ ਕਰੀਬ ਸ਼ਾਜਾਪੁਰ ਬਾਈਪਾਸ ’ਤੇ ਟੁਕਰਾਣਾ ਜੋੜ ਪਿੰਡ ਦੇ ਨੇੜੇ ਕੰਟਰੋਲ ਗੁਆ ਬੈਠੀ ਅਤੇ ਡਿਵਾਈਡਰ ਨਾਲ ਟਕਰਾ ਗਈ। ਉਨ੍ਹਾਂ ਕਿਹਾ ਕਿ ਹਾਦਸੇ ਵਿੱਚ ਗੰਭੀਰ ਜ਼ਖਮੀ ਹੋਏ ਬੱਸ ਡਰਾਈਵਰ ਅਤੇ ਉਸਦੇ ਸਹਾਇਕ ਨੂੰ ਬਿਹਤਰ ਇਲਾਜ ਲਈ ਇੰਦੌਰ ਦੇ ਇੱਕ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਸ਼ਾਜਾਪੁਰ ਜ਼ਿਲ੍ਹਾ ਹਸਪਤਾਲ ਦੇ ਡਾਕਟਰ ਵਿਨੋਦ ਗੁਰਜਰ ਨੇ ਦੱਸਿਆ ਕਿ ਐਤਵਾਰ ਸਵੇਰੇ 30 ਤੋਂ 35 ਯਾਤਰੀਆਂ ਨੂੰ ਹਸਪਤਾਲ ਲਿਆਂਦਾ ਗਿਆ, ਜਿਨ੍ਹਾਂ ਵਿੱਚੋਂ ਦੋ ਗੰਭੀਰ ਜ਼ਖਮੀ ਸਨ ਅਤੇ ਉਨ੍ਹਾਂ ਨੂੰ ਇੰਦੌਰ ਤਬਦੀਲ ਕਰ ਦਿੱਤਾ ਗਿਆ, ਜਦੋਂ ਕਿ ਬਾਕੀ ਜ਼ਖਮੀਆਂ ਨੂੰ ਮੁੱਢਲੀ ਸਹਾਇਤਾ ਤੋਂ ਬਾਅਦ ਛੁੱਟੀ ਦੇ ਦਿੱਤੀ ਗਈ। ਅਧਿਕਾਰੀ ਨੇ ਕਿਹਾ ਕਿ ਕੋਤਵਾਲੀ ਥਾਣੇ ਵਿੱਚ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

# ਪੰਜਾਬ ਦੇ ਇਸ ਵੱਡੇ ਸ਼ਹਿਰ ਦੇ ਸਪਾ ਸੈਂਟਰ ’ਚ ਚੱਲ ਰਿਹਾ ਸੀ ਦੇਹ ਵਪਾਰ, ਪੁਲਸ ਜਾਂਚ ’ਚ ਹੋਇਆ ਵੱਡਾ ਖ਼ੁਲਾਸਾ

**ਕੌਮੀ ਪਤ੍ਰਿਕਾ**

ਮੋਹਾਲੀ 21 ਅਕਤੂਬਰ। ਮੋਹਾਲੀ ਦੇ ਸਪਾ ਸੈਂਟਰਾ ’ਚ ਚੱਲ ਰਹੇ ਦੇਹ ਵਪਾਰ ਦੇ ਧੰਦੇ ਦੀ ਭਿਣਕ ਪੈਂਦਿਆਂ ਹੀ ਥਾਣਾ ਫੇਜ਼-11 ਦੀ ਪੁਲਸ ਵੱਲੋਂ ਸੈਕਟਰ 66 ਵਿਖੇ ਪਹਿਲੀ ਮੰਜ਼ਲ ’ਤੇ ਛਾਪਾ ਮਾਰ ਕੇ ਤਿੰਨ ਲੜਕੀਆਂ ਨੂੰ ਰੈਸਕਿਊ ਕੀਤਾ ਗਿਆ। ਮੋਹਾਲੀ ਪੁਲਸ ਵੱਲੋਂ ਸ਼ਹਿਰ ’ਚ ਸਪਾ ਸੈਂਟਰਾਂ ’ਤੇ ਇਹ ਤੀਜੀ ਛਾਪੇਮਾਰੀ ਸੀ। ਇਸ ਤੋਂ ਪਹਿਲਾਂ ਥਾਣਾ ਫੇਜ਼-8 ਅਤੇ ਥਾਣਾ ਸੋਹਾਣਾ ਦੀ ਪੁਲਸ ਵੱਲੋਂ ਛਾਪਾ ਮਾਰ ਕੇ ਕਈ ਲੜਕੀਆਂ ਨੂੰ ਇਨਾਂ ਸਪਾ ਸੈਂਟਰਾਂ ਦੇ ਮਾਲਕਾਂ ਦੀ ਚੁੰਗਲ ’ਚੋਂ ਛੁਡਾ ਕੇ ਉਨ੍ਹਾਂ ਦੇ ਪਰਿਵਾਰ ਹਵਾਲੇ ਕੀਤਾ ਤੇ ਸਪਾ ਸੈਂਟਰ ਚਲਾਉਣ ਵਾਲਿਆਂ ਨੂੰ ਸਲਾਖਾਂ ਪਿੱਛੇ ਭੇਜਿਆ ਗਿਆ। ਪੁਲਸ ਨੇ ਸੈਕਟਰ 66 ’ਚ ਕੀਤੀ ਕਾਰਵਾਈ ਦੌਰਾਨ ਕ੍ਰਿਸ਼ਨਾ ਪਦਮ ਸ਼ਰਮਾ ਵਾਸੀ ਸੈਕਟਰ 66 ਅਤੇ ਰਾਜੇਸ਼ ਮਹਿਤਾ ਸੈਕਟਰ 46 ਬੀ ਚੰਡੀਗੜ੍ਹ ਖ਼?ਲਾਫ਼





ਮਾਮਲਾ ਦਰਜ ਕਰਕੇ ਦੋਵਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਤੇ ਸਪਾ ਸੈਂਟਰ ਨੂੰ ਸੀਲ ਕਰ ਦਿੱਤਾ ਗਿਆ ਹੈ। ਇਸ ਸਬੰਧੀ ਥਾਣਾ ਫੇਜ਼-11 ਦੇ ਮੁਖੀ ਇੰਸਪੈਕਟਰ ਅਮਨ ਬੈਦਵਾਣ ਨੇ ਦੱਸਿਆ ਕਿ ਐੱਸ.ਐੱਸ.ਪੀ. ਵਰੁਣ ਸ਼ਰਮਾ ਦੀਆਂ ਹਦਾਇਤਾਂ ਤੇ ਡੀ.ਐੱਸ.ਪੀ ਸਿਟੀ 2 ਹਰਸਿਮਰਨ ਸਿੰਘ ਬੱਲ ਦੇ ਹੁਕਮਾਂ ਮੁਤਾਬਕ ਉਹ ਪੁਲਸ ਪਾਰਟੀ ਸਮੇਤ ਸੈਕਟਰ-66 ਵਿਖੇ ਗਸ਼ਤ ਕਰ ਰਹੇ ਸਨ। ਇਸ ਦੌਰਾਨ ਗੁਪਤ ਸੂਚਨਾ ਮਿਲੀ ਕਿ ਸੈਕਟਰ 66 ’ਚ ਸਪਾ ਸੈਂਟਰ ਦੀ ਆੜ ’ਚ ਦੇਹ ਵਪਾਰ ਦਾ ਧੰਦਾ ਚੱਲ ਰਿਹਾ ਹੈ। ਉਕਤ ਸੂਚਨਾ ਦੇ ਅਧਾਰ ’ਤੇ ਸਪਾ ਸੈਂਟਰ ’ਚ ਛਾਪਾ ਮਾਰਿਆ ਗਿਆ ਅਤੇ ਤਿੰਨ ਲੜਕੀਆਂ ਜੋ ਰੈਸਕਿਊ ਕਰਕੇ ਛੁਡਵਾਇਆ ਗਿਆ। ਇਸ ਦੌਰਾਨ ਮੌਕੇ ’ਤੇ ਫਾਰੈਂਸਿਕ ਟੀਮ ਨੂੰ ਵੀ ਬੁਲਾਇਆ ਗਿਆ। ਇੰਸਪੈਕਟਰ ਅਮਨ ਬੈਦਵਾਣ ਨੇ ਦੱਸਿਆ ਕਿ ਜਾਂਚ ਦੌਰਾਨ ਪਤਾ ਚੱਲਿਆ ਕਿ ਸਪਾ ਸੈਂਟਰ ਦੇ ਸੰਚਾਲਕ ਹੋਰਨਾਂ ਸੂਬਿਆਂ ਦੀਆਂ ਕੁੜੀਆਂ ਨੂੰ ਰੁਜ਼ਗਾਰ ਤੇ ਚੰਗੀ ਕਮਾਈ ਦਾ ਲਾਲਚ ਦੇ ਕੇ ਲਿਆਇਆ ਜਾਂਦਾ ਹੈ ਤੇ ਬਾਅਦ ’ਚ ਉਨਾਂ ਕੋਲੋਂ ਸਪਾ ਸੈਂਟਰ ਦੀ ਆੜ ’ਚ ਦੇਹ ਵਪਾਰ ਦਾ ਧੰਦਾ ਕਰਵਾਇਆ ਜਾਂਦਾ ਸੀ। ਉਨ੍ਹਾਂ ਦੱਸਿਆ ਕਿ ਲੜਕੀਆਂ ਨੂੰ ਉਨ੍ਹਾਂ ਦੇ ਪਰਿਵਾਰਾਂ ਨੂੰ ਸੌਂਪ ਦਿੱਤਾ ਗਿਆ ਹੈ।

## ਪੰਜਾਬ ’ਚ ਬੇਮੌਸਮੀ ਬਰਸਾਤ ਨੇ ਰੋਲੇ ਕਿਸਾਨਾਂ ਦੇ ਅਰਮਾਨ, ਝੋਨੇ ਦੀ ਫ਼ਸਲ ਹੋਈ ਤਬਾਹ

ਹਾਜੀਪੁਰ 21 ਅਕਤੂਬਰ। ਪਿਛਲੇ ਇਕ ਹਫ਼ਤੇ ਤੋਂ ਲਗਾਤਾਰ ਹੋ ਰਹੀ ਬੇਮੌਸਮੀ ਅਤੇ ਭਾਰੀ ਬਰਸਾਤ ਨੇ ਖੇਤਰ ਦੇ ਕਿਸਾਨਾਂ ’ਤੇ ਕਹਿਰ ਢਾਹਿਆ ਹੈ। ਅੰਨਦਾਤੇ ਵੱਲੋਂ ਪੁੱਤਾਂ ਵਾਂਗ ਪਾਲ ਕੇ ਤਿਆਰ ਕੀਤੀ ਗਈ ਝੋਨੇ ਦੀ ਪੱਕੀ-ਪਕਾਈ ਫ਼ਸਲ ਖੇਤਾਂ ’ਚ ਹੀ ਵਿੱਛ ਕੇ ਤਬਾਹ ਹੋ ਚੁੱਕੀ ਹੈ, ਜਿਸ ਨਾਲ ਫ਼ਸਲ ਦੇ ਖੇਤਾਂ ’ਚ ਹੀ ਗਲਣ-ਸੜਨ ਦਾ ਗੰਭੀਰ ਖ਼ਤਰਾ ਪੈਦਾ ਹੋ ਗਿਆ ਹੈ। ਇਸ ਕੁਦਰਤੀ ਆਫ਼ਤ ਨੇ ਕਿਸਾਨਾਂ ਦੀ ਮਿਹਨਤ ਅਤੇ ਉਮੀਦਾਂ ’ਤੇ ਪਾਣੀ ਫੇਰ ਦਿੱਤਾ ਹੈ, ਜਿਸ ਨਾਲ ਉਹ ਹੋਰ ਡੂੰਘੇ ਆਰਥਿਕ ਸੰਕਟ ਅਤੇ ਕਰਜ਼ੇ ਦੀ ਦਲਦਲ ਵਿੱਚ ਫ਼ਸਣ ਲਈ ਮਜਬੂਰ ਹੋ ਗਏ ਹਨ। ਬਰਸਾਤ ਕਾਰਨ ਹੋਏ ਭਾਰੀ ਨੁਕਸਾਨ ਤੋਂ ਪੀੜਤ ਕਿਸਾਨ ਲੰਬੜਦਾਰ ਯੂਨੀਅਨ ਤਹਿਸੀਲ ਪ੍ਰਧਾਨ ਦੇਸ ਰਾਜ ਦਗਨ,ਚੌਧਰੀ ਵਰਿੰਦਰ ਸਰਿਆਣਾ, ਸਾਬਕਾ ਸਰਪੰਚ ਹਰਦੀਪ ਕੁਮਾਰ,ਆੜ੍ਹਤੀ ਵਰਿੰਦਰ ਕੁਮਾਰ, ਰਜਤ ਸਵਰਾਜ,ਮੁਨੀਸ਼ ਗੇਰਾ,ਸਾਬਕਾ ਸੰਮਤੀ ਮੈਂਬਰ ਸ਼ਮਸ਼ੇਰ ਸਿੰਘ ਰੈਲੀ, ਰਾਕੇਸ਼ ਕੁਮਾਰ,ਸ਼ਸ਼ੀ ਪਾਲ ਸਵਾਰ ਅਤੇ ਲੰਬੜਦਾਰ ਰਛਪਾਲ ਸਿੰਘ ਸਰਕਾਰ ਤੱਕ ਆਪਣੀ ਦਰਦਭਰੀ ਆਵਾਜ਼ ਪਹੁੰਚਾਉਂਦਿਆਂ ਮੰਗ ਕੀਤੀ ਹੈ ਕਿ ਬਿਨਾਂ ਕਿਸੇ ਦੇਰੀ ਦੇ ਪ੍ਰਭਾਵਿਤ ਖੇਤਾਂ ਦੀ ਵਿਸ਼ੇਸ਼ ਗਿਰਦਾਵਰੀ ਕਰਵਾਈ ਜਾਵੇ। ਕਿਸਾਨਾਂ ਨੇ ਮੰਗ ਕੀਤੀ ਕਿ ਨੁਕਸਾਨੀ ਗਈ ਫ਼ਸਲ ਦਾ ਬਣਦਾ ਉਚਿਤ ਮੁਆਵਜ਼ਾ ਤੁਰੰਤ ਜਾਰੀ ਕੀਤਾ ਜਾਵੇ ਅਤੇ ਇਸ ਔਖੀ ਘੜੀ ’ਚ ਕਿਸਾਨਾਂ ਦੀ ਬਾਂਹ ਫੜਦਿਆਂ ਵਿਸ਼ੇਸ਼ ਬੋਨਸ ਦਿੱਤਾ ਜਾਵੇ। ਕਿਸਾਨ ਆਗੂਆਂ ਨੇ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਖ਼ਰਾਬ ਮੌਸਮ ਅਤੇ ਕੁਦਰਤੀ ਮਾਰ ਸਹਿ ਰਹੇ ਅੰਨਦਾਤੇ ਦੀ ਆਰਥਿਕ ਹਾਲਤ ਸੁਧਾਰਨ ਲਈ ਪ੍ਰਸ਼ਾਸਨ ਤੁਰੰਤ ਹਰਕਤ ਵਿੱਚ ਆਵੇ ਅਤੇ ਹਰ ਪੀੜਤ ਕਿਸਾਨ ਤੱਕ ਬਿਨਾਂ ਦੇਰੀ ਵਿੱਤੀ ਰਾਹਤ ਪਹੁੰਚਾਏ।

# ਖਾਲਿਸਤਾਨੀ ਨਾਅਰੇ ਲਿਖਣ ਤੇ ਹੁਸ਼ਿਆਰਪੁਰ ’ਚ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਭੰਨਤੋੜ ਕਰਨ ਵਾਲੇ ਗ੍ਰਿਫ਼ਤਾਰ

**ਕੌਮੀ ਪਤ੍ਰਿਕਾ**

ਜਲੰਧਰ 21 ਅਕਤੂਬਰ। ਕਮਿਸ਼ਨਰੇਟ ਪੁਲਸ ਜਲੰਧਰ ਨੇ ਵੱਡੀ ਸਫ਼ਲਤਾ ਹਾਸਲ ਕਰਦੇ ਪਾਬੰਦੀਸ਼ੁਦਾ ਜਥੇਬੰਦੀ ’ਸਿੱਖਸ ਫਾਰ ਜਸਟਿਸ’ (ਐੱਸ. ਐੱਫ. ਜੇ) ਦੇ ਦੋ ਕਾਰਕੁਨਾਂ ਨੂੰ ਜਲੰਧਰ ਸਥਿਤ ਰੈੱਡ ਕਰਾਸ ਭਵਨ ਦੀ ਕੰਧ ’ਤੇ ਖਾਲਿਸਤਾਨ-ਪੱਖੀ ਨਾਅਰੇ ਲਿਖਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਪੁਲਸ ਕਮਿਸ਼ਨਰ ਸਤਿੰਦਰ ਸਿੰਘ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਸੁਖਪ੍ਰੀਤ ਸਿੰਘ ਅਤੇ ਰਾਜਦੀਪ ਸਿੰਘ ਦੋਵੇਂ ਵਾਸੀ ਪਿੰਡ ਨਿਹਾਲੂਵਾਲ, ਜਲੰਧਰ ਦਿਹਾਤੀ ਵਜੋਂ ਹੋਈ ਹੈ। ਦੋਵਾਂ ਮੁਲਜ਼ਮਾਂ ਦਾ ਅਪਰਾਧਿਕ ਪਿਛੋਕੜ ਰਿਹਾ ਹੈ ਅਤੇ ਉਨ੍ਹਾਂ ਵਿਰੁੱਧ ਅਸਲਾ ਐਕਟ ਅਤੇ ਐੱਨ. ਡੀ. ਪੀ. ਐੱਸ. ਐਕਟ ਆਦਿ ਤਹਿਤ ਕਈ ਮਾਮਲੇ ਦਰਜ ਹਨ। ਪੁਲਸ ਨੇ ਵਾਰਦਾਤ ’ਚ ਵਰਤਿਆ ਜਾਣ ਵਾਲਾ ਹੀਰੋ ਸਪਲੈਂਡਰ ਵੀ ਬਰਾਮਦ ਕੀਤਾ ਹੈ। ਜਾਣਕਾਰੀ ਮੁਤਾਬਕ 29 ਸਤੰਬਰ 2026 ਨੂੰ ਇਥੇ ਰੈੱਡ ਕਰਾਸ ਭਵਨ ਦੀ ਬਾਹਰੀ ਕੰਧ ’ਤੇ ਖਾਲਿਸਤਾਨ-ਪੱਖੀ ਨਾਅਰੇ ਲਿਖੇ ਹੋਏ ਮਿਲੇ ਸਨ। ਬਾਅਦ ’ਚ ਪਾਬੰਦੀਸ਼ੁਦਾ ਜਥੇਬੰਦੀ ਦੇ ਮੁੱਖ ਸਾਜ਼ਿਸ਼ਕਰਤਾ ਗੁਰਪਤਵੰਤ ਸਿੰਘ ਪੰਨੂ ਨੇ ਇਸ ਸਬੰਧੀ ਸੋਸ਼ਲ ਮੀਡੀਆ ਪਲੇਟਫਾਰਮਾਂ ’ਤੇ ਇੱਕ ਵੀਡੀਓ ਵੀ ਵਾਇਰਲ ਕੀਤੀ ਸੀ। ਪੁਲਸ ਕਮਿਸ਼ਨਰ ਜਲੰਧਰ ਸਤਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਟੀਮਾਂ ਨੇ ਤੁਰੰਤ ਕਾਰਵਾਈ ਕਰਦੇ ਇਕ ਐੱਫ. ਆਈ. ਆਰ. ਦਰਜ ਕੀਤੀ ਅਤੇ ਡੀ. ਸੀ. ਪੀ. ਸਿਟੀ ਆਦਿਤਿਆ ਐੱਸ ਵਾਰੀਅਰ IPS ਅਤੇ ਡੀ. ਸੀ. ਪੀ. ਇਨਵੈਸਟੀਗੇਸ਼ਨ ਮਨਪ੍ਰੀਤ ਸਿੰਘ ਢਿੱਲੋਂ ਡੀ. ਸੀ. ਪੀ. ਦੀ ਨਿਗਰਾਨੀ ਹੇਠ ਜਾਂਚ ਸ਼ੁਰੂ ਕੀਤੀ। ਉਨ੍ਹਾਂ



ਦੱਸਿਆ ਕਿ ਪੁਲਸ ਟੀਮਾਂ ਨੇ ਸਫਲਤਾਪੂਰਵਕ ਦੋਵਾਂ ਸ਼ੱਕੀਆਂ ਦੀ ਪਛਾਣ ਕਰਕੇ ਗ੍ਰਿਫ਼ਤਾਰ ਕਰ ਲਿਆ। ਪੁਲਸ ਕਮਿਸ਼ਨਰ ਜਲੰਧਰ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਗ੍ਰਿਫ਼ਤਾਰ ਮੁਲਜ਼ਮਾਂ ਨੇ ਖ਼ੁਲਾਸਾ ਕੀਤਾ ਕਿ 14 ਅਤੇ 15 ਸਤੰਬਰ 2026 ਦੀ ਦਰਮਿਆਨੀ ਰਾਤ ਨੂੰ ਉਨ੍ਹਾਂ ਨੇ ਹੁਸ਼ਿਆਰਪੁਰ ਦੇ ਚੱਬੇਵਾਲ ਨੇੜਲੇ ਪਿੰਡ ਬਾੜੀਆਂ ਕਲਾਂ ਵਿਖੇ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਬੁੱਤ ਦੀ ਭੰਨ-ਤੋੜ ਵੀ ਕੀਤੀ ਸੀ। ਇਸ ਸਬੰਧ ’ਚ ਥਾਣਾ ਚੱਬੇਵਾਲ ਵਿਖੇ ਭਾਰਤੀ ਨਿਆ ਸੰਹਿਤਾ (ਬੀ. ਐੱਨ. ਐੱਸ) ਦੀ ਧਾਰਾ 298 ਤਹਿਤ ਮਿਤੀ 15.09.2026 ਨੂੰ ਐੱਫ. ਆਈ. ਆਰ. ਨੰਬਰ 130 ਪਹਿਲਾਂ ਹੀ ਦਰਜ ਹੈ। ਇਸ ਸਬੰਧੀ ਬੀ. ਐੱਨ. ਐੱਸ. ਦੀਆਂ ਧਾਰਾਵਾਂ 147, 152, 196, 61(2) ਅਤੇ ਆਈ. ਟੀ. ਐਕਟ ਦੀ ਧਾਰਾ 66 ਐੱਫ. ਤਹਿਤ ਜਲੰਧਰ ਦੀ ਪੁਲਸ ਡਿਵੀਜ਼ਨ ਨੰਬਰ 6 ਵਿਖੇ ਐੱਫ. ਆਈ. ਆਰ. ਦਰਜ ਕੀਤੀ ਗਈ ਹੈ। ਦੋਵਾਂ ਮੁਲਜ਼ਮਾਂ ਨੂੰ ਸਥਾਨਕ ਅਦਾਲਤ ’ਚ ਪੇਸ਼ ਕਰਕੇ ਪੁਲਸ ਰਿਮਾਂਡ ਦੀ ਮੰਗ ਕੀਤੀ ਜਾਵੇਗੀ ਤਾਂ ਜੋ ਇਸ ਮਾਮਲੇ ਨਾਲ ਜੁੜੀਆਂ ਪਿਛਲੀਆਂ ਅਤੇ ਅਗਲੀਆਂ ਕੜੀਆਂ ਦਾ ਪਤਾ ਲਗਾਇਆ ਜਾ ਸਕੇ ਅਤੇ ਇਸ ਸਾਜ਼ਿਸ਼ ’ਚ ਸ਼ਾਮਲ ਹੋਰ ਸਾਥੀਆਂ ਦੀ ਪਛਾਣ ਕੀਤੀ ਜਾ ਸਕੇ।

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਫੇਜ਼ ਰੋਡ ਕਰੋਲ ਬਾਗ ਇਲਾਕੇ ਵਿੱਚ ਦੁਸਹਿਰੇ ’ਤੇ ਰਾਵਣ ਦਾ ਪੁਤਲਾ ਸਾੜਨ ਦਾ ਆਯੋਜਨ ਕੀਤਾ ਗਿਆ।

## ਬਾਸੂਰੀ ਸਵਰਾਜ ਨੇ ਦੇਸ਼ ਵਾਸੀਆਂ ਨੂੰ ਦੁਸਹਿਰੇ ਦੀਆਂ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ।

ਨਵੀਂ ਦਿੱਲੀ। ਦੁਸਹਿਰੇ ’ਤੇ, ਫੇਜ਼ ਰੋਡ ਕਰੋਲ ਬਾਗ ਖੇਤਰ ਵਿੱਚ ਰਾਵਣ ਦਾ ਪੁਤਲਾ ਸਾੜਿਆ ਗਿਆ। ਇਸ ਪ੍ਰੋਗਰਾਮ ਦੇ ਪ੍ਰਬੰਧਕ, ਸਮਾਜ ਸੇਵਕ



ਚਰਨਜੀਵ ਮਲਹੋਤਰਾ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਪ੍ਰੋਗਰਾਮ ਦੇ ਮੁੱਖ ਮਹਿਮਾਨ ਪ੍ਰਸਿੱਧ ਸੰਸਦ ਮੈਂਬਰ ਬਾਸੂਰੀ ਸਵਰਾਜ ਸਨ ਅਤੇ ਇਲਾਕੇ ਦੇ ਵਿਧਾਇਕ, ਨਗਰ ਕੌਂਸਲਰ ਅਤੇ ਭਾਰਤੀ ਜਨਤਾ ਪਾਰਟੀ ਦੇ ਅਧਿਕਾਰੀ ਅਤੇ ਵਰਕਰ ਵੀ ਮੌਜੂਦ ਸਨ। ਅਤੇ ਸੰਘ ਦੇ 75ਵੇਂ ਸਥਾਪਨਾ ਦਿਵਸ ’ਤੇ, ਹਿੰਦੂ ਰੀਤੀ-ਰਿਵਾਜਾਂ ਅਨੁਸਾਰ ਹਥਿਆਰਾਂ ਦੀ ਪੂਜਾ ਕੀਤੀ ਗਈ, ਲੋਕ ਸੰਗੀਤ ਦਾ ਆਯੋਜਨ ਕੀਤਾ ਗਿਆ ਅਤੇ ਫਿਰ ਦੁਸਹਿਰੇ ’ਤੇ ਬਾਸੂਰੀ ਸਵਰਾਜ ਆਈ, ਉਸਨੇ ਦੇਸ਼ ਵਾਸੀਆਂ ਨੂੰ ਦੁਸਹਿਰੇ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਅਧਰਮ ਉੱਤੇ ਧਰਮ ਦੀ ਜਿੱਤ ਹੈ ਅਤੇ ਪ੍ਰੋਗਰਾਮ ਵਿੱਚ, ਇਲਾਕਾ ਜੈ ਸ਼੍ਰੀ ਰਾਮ ਦੇ ਨਾਅਰਿਆਂ ਨਾਲ ਗੂੰਜ ਉੱਠਿਆ, ਦੁਸਹਿਰਾ ਮਨਾਉਣ ਦਾ ਮਾਹੌਲ ਹੈ ਅਤੇ ਫਿਰ ਰਾਵਣ ਦਹਿਨ ਕੀਤਾ ਗਿਆ। ਮਲਹੋਤਰਾ ਨੇ ਕਿਹਾ ਕਿ ਕਾਕਰੋਚ ਪਾਰਟੀ ਦਾ ਬਿਆਨ ਭਾਰਤ ਦੇ ਲੋਕਾਂ ਵਿੱਚ ਹਫੜਾ-ਦਫੜੀ ਫੈਲਾ ਰਿਹਾ ਹੈ। ਸਾਡਾ ਜਸ਼ਨ ਉਸਦੀ ਚੌਕਸੀ ਵਿੱਚ ਵਿਸ਼ਵਾਸ ’ਤੇ ਟਿਕਿਆ ਹੋਇਆ ਹੈ। ਉਸਦੇ ਨਾਲ, ਉਸਦੇ ਪਰਿਵਾਰ ਦਾ ਸਬਰ ਅਤੇ ਸਮਰਪਣ ਵੀ ਸ਼ਲਾਘਾਯੋਗ ਹੈ। ਸੈਨਿਕਾਂ, ਬਹਾਦਰ ਔਰਤਾਂ ਅਤੇ ਫੌਜੀ ਪਰਿਵਾਰਾਂ ਦਾ ਸਤਿਕਾਰ ਸਾਡੀ ਰਾਸ਼ਟਰੀ ਚੇਤਨਾ ਦਾ ਇੱਕ ਅਨਿੱਖੜਵਾਂ ਅੰਗ ਹੋਣਾ ਚਾਹੀਦਾ ਹੈ। ਉਨ੍ਹਾਂ ਦੀ ਕੁਰਬਾਨੀ ਨੂੰ ਯਾਦ ਰੱਖਣ ਨਾਲ ਸਾਨੂੰ ਆਪਣੀਆਂ ਨਾਗਰਿਕ ਜ਼ਿੰਮੇਵਾਰੀਆਂ ਪ੍ਰਤੀ ਵਧੇਰੇ ਜਾਗਰੂਕ ਕੀਤਾ ਜਾਂਦਾ ਹੈ। ਦਿੱਲੀ ਵਿੱਚ ਚੰਗੇ ਸ਼ਾਸਨ ਲਈ ਸਾਡੇ ਯਤਨ ਸਾਡੇ ਨਾਗਰਿਕਾਂ ਦੇ ਸਤਿਕਾਰ, ਸੁਰੱਖਿਆ ਅਤੇ ਭਲਾਈ ’ਤੇ ਕੇਂਦ੍ਰਿਤ ਹਨ। ਸਾਡਾ ਸੰਕਲਪ ਇਹ ਯਕੀਨੀ ਬਣਾਉਣਾ ਹੈ ਕਿ ਮਾਵਾਂ ਅਤੇ ਭੈਣਾਂ ਨੂੰ ਇੱਕ ਨਿਡਰ ਵਾਤਾਵਰਣ ਮਿਲੇ, ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਨੂੰ ਨਿਖਾਰਨ ਦੇ ਮੌਕੇ ਮਿਲਣ, ਕਿਸਾਨਾਂ ਦੀ ਸਖ਼ਤ ਮਿਹਨਤ ਖੁਸ਼ਹਾਲੀ ਵਿੱਚ ਬਦਲੇ, ਅਤੇ ਸਰਕਾਰੀ ਸਹਾਇਤਾ ਲੋੜਵੰਦਾਂ ਤੱਕ ਪਹੁੰਚੇ। ਸ਼ਾਸਨ ਦੀ ਤਾਕਤ ਦੀ ਅਸਲ ਪਰੀਖਿਆ ਉਹ ਸਕਾਰਾਤਮਕ ਤਬਦੀਲੀ ਹੈ ਜੋ ਇਹ ਹੇਠਲੇ ਪੱਧਰ ਦੇ ਲੋਕਾਂ ਦੇ ਜੀਵਨ ਵਿੱਚ ਲਿਆਉਂਦੀ ਹੈ। ਜਦੋਂ ਨਾਗਰਿਕਾਂ ਨੂੰ ਸਮੇਂ ਸਿਰ ਨਿਆਂ, ਆਸਾਨ ਸੇਵਾ ਅਤੇ ਤਰੱਕੀ ਦਾ ਮੌਕਾ ਮਿਲਦਾ ਹੈ, ਤਾਂ ਰਾਮਰਾਜ ਦੀ ਭਾਵਨਾ ਜਨਤਕ ਜੀਵਨ ਵਿੱਚ ਆਕਾਰ ਲੈਂਦੀ ਹੈ। ਵਿਜੇਦਸ਼ਮੀ ਸਾਨੂੰ ਆਤਮ-ਨਿਰੀਖਣ ਦਾ ਮੌਕਾ ਵੀ ਦਿੰਦੀ ਹੈ। ਰਾਵਣ ਨੂੰ ਸਾੜਨ ਦੇ ਨਾਲ-ਨਾਲ, ਆਪਣੇ ਆਪ ਨੂੰ ਹੰਕਾਰ, ਲਾਲਚ, ਭੇਦਭਾਵ ਅਤੇ ਫਰਜ਼ ਪ੍ਰਤੀ ਉਦਾਸੀਨਤਾ ਤੋਂ ਮੁਕਤ ਕਰਨ ਦਾ ਸੰਕਲਪ ਲੈਣਾ ਜ਼ਰੂਰੀ ਹੈ। ਇਮਾਨਦਾਰੀ ਨੂੰ ਵਿਵਹਾਰ ਵਿੱਚ, ਰਿਸ਼ਤਿਆਂ ਵਿੱਚ ਸਦਭਾਵਨਾ ਨੂੰ ਅਤੇ ਅਨੁਸ਼ਾਸਨ ਨੂੰ ਰੋਜ਼ਾਨਾ ਦੇ ਕੰਮ ਵਿੱਚ ਸ਼ਾਮਲ ਕਰਨਾ ਚਾਹੀਦਾ ਹੈ। ਸਮਾਜਿਕ ਏਕਤਾ ਸਾਡੀ ਸਭ ਤੋਂ ਵੱਡੀ ਤਾਕਤ ਹੈ। ਹਰੇਕ ਨਾਗਰਿਕ ਦਾ ਸਤਿਕਾਰ ਅਤੇ ਰਾਸ਼ਟਰੀ ਹਿੱਤਾਂ ਪ੍ਰਤੀ ਸਾਂਝਾ ਸਮਰਪਣ ਭਾਰਤ ਨੂੰ ਅਜਿੱਤ ਆਤਮ-ਵਿਸ਼ਵਾਸ ਪ੍ਰਦਾਨ ਕਰਦਾ ਹੈ। ਇਸ ਵਿਜੇਦਸ਼ਮੀ ’ਤੇ, ਆਓ ਹਥਿਆਰਾਂ ਦੀ ਪੂਜਾ ਨਾਲ ਆਪਣੇ ਸੰਕਲਪ ਨੂੰ ਤਿੱਖਾ ਕਰੀਏ। ਭਗਵਾਨ ਸ਼੍ਰੀ ਰਾਮ ਦੀ ਸ਼ਾਨ, ਮਾਤਾ ਦੁਰਗਾ ਦੀ ਸ਼ਕਤੀ, ਅਤੇ ਬਹਾਦਰ ਸੈਨਿਕਾਂ ਦੀ ਹਿੰਮਤ ਸਾਡੇ ਮਾਰਗ ਨੂੰ ਰੌਸ਼ਨ ਕਰੇ। ਆਓ ਸੱਚ ਲਈ ਖੜ੍ਹੇ ਹੋਈਏ, ਨਿਆਂ ਲਈ ਕੰਮ ਕਰੀਏ, ਅਤੇ ਆਪਣੇ ਫਰਜ਼ ਦੁਆਰਾ ਰਾਸ਼ਟਰ ਨੂੰ ਸਸ਼ਕਤ ਬਣਾਈਏ। ਸੁਰੱਖਿਆ ਤਾਕਤ ਤੋਂ, ਖੁਸ਼ਹਾਲੀ ਸ਼ਕਤੀ ਤੋਂ ਅਤੇ ਜਿੱਤ ਸੱਚ ਤੋਂ ਆਉਂਦੀ ਹੈ। ਇਸ ਸੰਕਲਪ ਨਾਲ, ਆਓ ਆਪਾਂ ਭਾਰਤ ਲਈ ਇੱਕ ਸ਼ਾਨਦਾਰ ਭਵਿੱਖ ਬਣਾਈਏ। ਵਿਜੇਦਸ਼ਮੀ ਦੀਆਂ ਸਾਰੇ ਰਾਜ ਵਾਸੀਆਂ ਨੂੰ ਹਾਰਦਿਕ ਸ਼ੁਭਕਾਮਨਾਵਾਂ।

### NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

### NAME CHANGE
I, S BHASKARA VIJAY KUMAR residing at-H NO-6-225/6, PADMAN-ABHANAGAR, VENKATAPURAM, NEAR RAMALAYAM, VISAKHAP-ATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE
I, SWETA RAI BHUTIA Wife of No. 5458488P Rank-NK Name-TSHER-ING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

### PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

### PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

### NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

### NAME CHANGE
It is for general information that I ASHISH KUMAR SINHA S/o KHA-GEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BAL-JEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PER-ALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

### NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

### NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

### NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

### NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

### NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

### NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

### NAME CHANGE
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DIN-DAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

### PUBLIC NOTICE
It is for general information that I, NIDHI AGGARWAL YADAV D/o VIRENDER KUMAR AGGARW-AL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.


### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.


### NAME CHANGE
I, ANITA BANSAL W/O PAWAN BANSAL residing at B-504, MAYUR-DHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POON-AM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

### NAME CHANGE
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

### NAME CHANGE
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

### NAME CHANGE
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

### NAME CHANGE
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I, SANJAY KUMAR CHOUDHARY S/o LATE SH. LAXMAN CHAUD-HARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

### NAME CHANGE
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.


### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)



### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BAL-JEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.


### NAME CHANGE
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.


### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.



## ਉੱਤਰ ਰੇਲਵੇ

### ਕੋਟੇਸ਼ਨ ਸੱਦੇ ਦੀ ਸੂਚਨਾ (NIQ)

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ, ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ ਮਾਲਭਾੜਾ, ਉੱਤਰ ਰੇਲਵੇ, ਦਿੱਲੀ ਮੰਡਲ, ਆਨੰਦ ਵਿਹਾਰ ਟਰਮੀਨਲ ਤੇ ਬਾਹਰ ਜਾਣ ਵਾਲੇ ਪਾਰਸਲਾਂ (ਯਾਨੀ ਲੀਜ਼ ਤੇ ਬੁਕ ਕੀਤੇ ਗਏ ਅਤੇ ਰੇਲਵੇ ਦੁਆਰਾ ਬੁਕ ਕੀਤੇ ਗਏ ਪਾਰਸਲਾਂ) ਦੀ ਸਕੈਨਿੰਗ ਲਈ 04 ਪਾਰਸਲ ਸਕੈਨਰ ਮਸ਼ੀਨਾਂ ਦੀ ਸਪਲਾਈ, ਇੰਸਟਾਲੇਸ਼ਨ ਰਖਰਖਾਅ ਅਤੇ ਸਕੈਨਿੰਗ ਦੇ ਲਈ ਕੋਟੇਸ਼ਨ ਮੰਗ ਕਰਦੇ ਹਨ।

| ਕੰਮ ਦੀ ਮਿਆਦ: | ਮਿਤੀ: 07.11.2026 ਦੇ 00:00 ਵਜੇ ਤੋਂ ਤਿੰਨ ਮਹੀਨੇ ਤਕ ਦੇ ਲਈ। |
|---|---|
| ਵਧੇਰੇ ਜਾਣਕਾਰੀ ਅਤੇ ਹੋਰ ਜਾਣਕਾਰੀ ਦੇ ਲਈ ਕਿਰਪਾ ਉੱਤਰ ਰੇਲਵੇ ਦੀ ਵੈਬਸਾਈਟ ਵੇਖੋ: | |
| www.nr.indianrailway.gov.in ਜਾਂ 9717631962 ਉੱਤੇ ਸੰਪਰਕ ਕਰੋ। | |
| NIQ ਜਮਾ ਕਰਨ ਦੀ ਅੰਤਮ ਮਿਤੀ : | 28.10.2026 ਨੂੰ 12:00 ਵਜੇ ਤਕ। |

No.C9-Parcel-Quotation-Parcel Scanner ANVT-2026 Date: 21.10.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 3664/2026


# ਸੀਮਿੰਟ ਦੇ ਕੰਟੇਨਰ ’ਚ ਹਰਿਆਣਾ ਤੋਂ ਲਿਆਂਦੀ 1 ਕਰੋੜ ਰੁਪਏ ਦੀ ਸ਼ਰਾਬ

ਅਲੀਰਾਜਪੁਰ 21 ਅਕਤੂਬਰ। ਮੱਧ ਪ੍ਰਦੇਸ਼ ਦੇ ਅਲੀਰਾਜਪੁਰ ਜ਼ਿਲ੍ਹੇ ਵਿੱਚ ਪੁਲਸ ਨੇ ਹਰਿਆਣਾ ਤੋਂ ਗੁਜਰਾਤ ਲਿਜਾਈ ਜਾ ਰਹੀ ਲਗਭਗ ?1 ਕਰੋੜ (ਲਗਭਗ 1 ਕਰੋੜ ਰੁਪਏ) ਦੀ ਨਾਜਾਇਜ਼ ਸ਼ਰਾਬ ਜ਼ਬਤ ਕੀਤੀ ਹੈ। ਇੱਕ ਪੁਲਸ ਅਧਿਕਾਰੀ ਨੇ ਸੋਮਵਾਰ ਨੂੰ ਇਸ ਦੀ ਜਾਣਕਾਰੀ ਦਿੱਤੀ। ਅਧਿਕਾਰੀ ਦੇ ਅਨੁਸਾਰ ਰਾਜਸਥਾਨ ਵਿੱਚ ਰਜਿਸਟਰਡ ਇੱਕ ਸੀਮਿੰਟ ਕੰਟੇਨਰ ਸ਼ਰਾਬ ਦੀ ਅੰਤਰਰਾਜੀ ਤਸਕਰੀ ਲਈ ਵਰਤਿਆ ਜਾ ਰਿਹਾ ਸੀ। ਉਨ੍ਹਾਂ ਕਿਹਾ ਕਿ ਐਤਵਾਰ ਦੇਰ ਰਾਤ ਪੁਲਸ ਨੇ ਖੰਡਵਾ-ਬੜੋਦਾ ਹਾਈਵੇਅ ’ਤੇ ਇੱਕ ਕੰਟੇਨਰ ਤੋਂ ਵੱਖ-ਵੱਖ ਕੰਪਨੀਆਂ ਦੀਆਂ ਵਿਸਕੀ ਦੇ 1,426 ਡੱਬੇ ਜ਼ਬਤ ਕੀਤੇ ਅਤੇ ਰਾਜਸਥਾਨ ਤੋਂ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ। ਅਧਿਕਾਰੀ ਨੇ ਦੱਸਿਆ ਕਿ ਜ਼ਬਤ ਕੀਤੀ ਗਈ ਸ਼ਰਾਬ ਦੀ ਖੇਪ ਦੀ ਕੀਮਤ ਲਗਭਗ 1 ਕਰੋੜ ਰੁਪਏ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਹੇਮਾਰਾਮ ਜਾਟ (30) ਵਜੋਂ ਹੋਈ ਹੈ, ਜੋ ਕਿ ਰਾਜਸਥਾਨ ਦੇ ਬਾੜਮੇਰ ਜ਼ਿਲ੍ਹੇ ਦਾ ਰਹਿਣ ਵਾਲਾ ਹੈ। ਅਧਿਕਾਰੀ ਦੇ ਅਨੁਸਾਰ ਮੁਲਜ਼ਮ ਨੇ ਪੁੱਛਗਿੱਛ ਦੌਰਾਨ ਪੁਲਸ ਨੂੰ ਦੱਸਿਆ ਕਿ ਸ਼ਰਾਬ ਹਰਿਆਣਾ ਦੇ ਨਰਵਾਣਾ ਤੋਂ ਰਾਜਸਥਾਨ ਅਤੇ ਮੱਧ ਪ੍ਰਦੇਸ਼ ਰਾਹੀਂ ਗੁਜਰਾਤ ਦੇ ਵਡੋਦਰਾ ਲਿਜਾਈ ਜਾ ਰਹੀ ਸੀ। ਗੁਜਰਾਤ ਵਿੱਚ ਕਈ ਸਾਲਾਂ ਤੋਂ ਸ਼ਰਾਬ ਦੀ ਤਸਕਰੀ ’ਤੇ ਪਾਬੰਦੀ ਲਾਗੂ ਹੈ। ਮੱਧ ਪ੍ਰਦੇਸ਼ ਪੁਲਸ ਸ਼ਰਾਬ ਤਸਕਰੀ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ।

### NAME CHANGE
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

### NAME CHANGE
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

### PUBLIC NOTICE
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

### NAME CHANGE
I, SIDDHARATH RANA S/O BHAG-WAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

### NAME CHANGE
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.


### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.


### NAME CHANGE
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

### NAME CHANGE
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

### NAME CHANGE
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.


### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.


### PUBLIC NOTICE
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

**Shyam Sharma (Adv)**

### PUBLIC NOTICE
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

### NAME CHANGE
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

### NAME CHANGE
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

### NAME CHANGE
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHA-TOON for all future purposes. Vide Affidavit Dated 16/07/2025 Before Notary Public New Delhi.

### NAME CHANGE
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHAN-DANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

### NAME CHANGE
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

### NAME CHANGE
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

### NAME CHANGE
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

### NAME CHANGE
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

### NAME CHANGE
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

### NAME CHANGE
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

### NAME CHANGE
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

### NAME CHANGE
I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAM-PREET KAUR.


### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.



### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



### NAME CHANGE
I, ANITA BANSAL W/O PAWAN BANSAL residing at B-504, MAYUR-DHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.



### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.



### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POON-AM DEVI for all future purposes vide Affidavit Dated 30/09/2023 before Executive Magistrate, Delhi.


### NAME CHANGE
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUD-DHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

### NAME CHANGE
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

### NAME CHANGE
I, ANITA W/o NO- 2806617A HAV TANGADKAR SUBHASH SITARAM R/o VPO-GHAR-GAON, TEH-SANGAMNER, DISTT-AHMADNAGAR, MAHA-RASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

### NAME CHANGE
I, DATTATRAY NAGOJI PATIL father of NO-JC-379904X SUB MAJ PATIL MAHENDRA DAT-TATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

### PUBLIC NOTICE
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

**PINKI LAMBA MANN**
ADVOCATE
OFF. A-205A, NORTH EX.MALL, SECTOR-9,
ROHINI, NEW DELHI



# ਦੇਸ਼ ਦੀ ਵੰਡ ਤੋਂ ਪਹਿਲਾਂ ਸਿੱਖਾਂ ਨੇ ਕਿਉਂ ਕੀਤਾ ਪਾਕਿਸਤਾਨ ਦਾ ਵਿਰੋਧ?



## 1946 ਵਿੱਚ ਸ਼੍ਰੋਮਣੀ ਕਮੇਟੀ ਨੇ ਉਠਾਈ ਸੀ ਵੱਖਰੇ ਸਿੱਖ ਰਾਜ ਦੀ ਮੰਗ

**'ਅਸੀਂ ਪੰਜਾਬ ਨੂੰ ਪਾਕਿਸਤਾਨ ਨਹੀਂ ਬਣਨ ਦਿਆਂਗੇ' ਮਾਸਟਰ ਤਾਰਾ ਸਿੰਘ ਦੀ ਅਗਵਾਈ ਹੇਠ ਚੱਲੀ ਸਿਆਸੀ ਮੁਹਿੰਮ ਤੋਂ ਲੈ ਕੇ ਆਜ਼ਾਦ ਪੰਜਾਬ, ਪੰਜਾਬੀ ਸੂਬਾ ਅਤੇ ਅਨੰਦਪੁਰ ਸਾਹਿਬ ਦੇ ਮਤੇ ਤੱਕ ਦਾ ਇਤਿਹਾਸ**

**ਪਵਨ ਉਪਰੇਤੀ**

ਪੰਜਾਬ ਦੇ ਇਤਿਹਾਸ ਵਿੱਚ ਵੱਖਰੇ ਸਿੱਖ ਰਾਜ ਦੀ ਮੰਗ ਅਤੇ ਪਾਕਿਸਤਾਨ ਦੀ ਸਥਾਪਨਾ ਦੇ ਵਿਰੋਧ ਦਾ ਮੁੱਦਾ ਬਹੁਤ ਮਹੱਤਵਪੂਰਨ ਰਿਹਾ ਹੈ। ਸਿੱਖਾਂ ਲਈ ਵੱਖਰੇ ਰਾਸ਼ਟਰ, ਭਾਵ ਖ਼ਾਲਿਸਤਾਨ ਦੀ ਮੰਗ ਨੂੰ ਲੈ ਕੇ ਪੰਜਾਬ ਵਿੱਚ ਲੰਮੇ ਸਮੇਂ ਤੱਕ ਤਣਾਅਪੂਰਨ ਮਾਹੌਲ ਬਣਿਆ ਰਿਹਾ। ਇੱਕ ਸਮਾਂ ਅਜਿਹਾ ਵੀ ਆਇਆ ਜਦੋਂ ਪੰਜਾਬ ਵਿੱਚ ਹਿੰਸਾ, ਬੰਬ ਧਮਾਕਿਆਂ ਅਤੇ ਹਥਿਆਰਬੰਦ ਟਕਰਾਅ ਦੀਆਂ ਘਟਨਾਵਾਂ ਆਮ ਖ਼ਬਰਾਂ ਬਣ ਗਈਆਂ ਸਨ। ਪਰ ਸਿੱਖਾਂ ਲਈ ਵੱਖਰੇ ਰਾਜ ਦੀ ਮੰਗ ਪਹਿਲੀ ਵਾਰ ਕਦੋਂ ਉੱਠੀ ਅਤੇ ਉਸ ਸਮੇਂ ਪੰਜਾਬ ਤੇ ਦੇਸ਼ ਵਿੱਚ ਕਿਹੜੀਆਂ ਵੱਡੀਆਂ ਸਿਆਸੀ ਘਟਨਾਵਾਂ ਵਾਪਰ ਰਹੀਆਂ ਸਨ?

ਇਸ ਸਵਾਲ ਦਾ ਜਵਾਬ ਲੱਭਣ ਲਈ ਸਾਨੂੰ ਭਾਰਤ ਦੀ ਆਜ਼ਾਦੀ ਤੋਂ ਪਹਿਲਾਂ ਦੇ ਦਹਾਕਿਆਂ ਵੱਲ ਮੁੜਨਾ ਪਵੇਗਾ।

### 9 ਮਾਰਚ 1946 ਨੂੰ ਸ਼੍ਰੋਮਣੀ ਕਮੇਟੀ ਨੇ ਪਾਸ ਕੀਤਾ ਮਤਾ

ਭਾਰਤ ਦੀ ਆਜ਼ਾਦੀ ਤੋਂ ਪਹਿਲਾਂ 9 ਮਾਰਚ 1946 ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਇੱਕ ਅਹਿਮ ਮੀਟਿੰਗ ਹੋਈ ਸੀ। ਇਹ ਮੀਟਿੰਗ ਅੰਮ੍ਰਿਤਸਰ ਵਿਖੇ ਸ੍ਰੀ ਹਰਿਮੰਦਰ ਸਾਹਿਬ ਦੇ ਨੇੜੇ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਵਿੱਚ ਹੋਈ।

ਇਸ ਮੀਟਿੰਗ ਦੌਰਾਨ ਸਿੱਖਾਂ ਲਈ ਵੱਖਰੇ ਰਾਜ ਦੀ ਸਥਾਪਨਾ ਸਬੰਧੀ ਮਤਾ ਪਾਸ ਕੀਤਾ ਗਿਆ ਸੀ।

ਸ਼੍ਰੋਮਣੀ ਕਮੇਟੀ ਵੱਲੋਂ 1946 ਵਿੱਚ ਵੱਖਰੇ ਸਿੱਖ ਰਾਜ ਦੀ ਮੰਗ ਉਠਾਉਣ ਤੋਂ ਪਹਿਲਾਂ ਵੀ ਕਈ ਮਹੱਤਵਪੂਰਨ ਸਿਆਸੀ ਘਟਨਾਵਾਂ ਵਾਪਰ ਚੁੱਕੀਆਂ ਸਨ। ਉਸ ਸਮੇਂ ਜਿਵੇਂ-ਜਿਵੇਂ ਪਾਕਿਸਤਾਨ ਬਣਨ ਦੀ ਸੰਭਾਵਨਾ ਮਜ਼ਬੂਤ ਹੋ ਰਹੀ ਸੀ, ਸਿੱਖ ਆਗੂਆਂ ਵਿੱਚ ਆਪਣੇ ਧਾਰਮਿਕ, ਸਿਆਸੀ ਅਤੇ ਸਮਾਜਿਕ ਭਵਿੱਖ ਨੂੰ ਲੈ ਕੇ ਚਿੰਤਾਵਾਂ ਵਧ ਰਹੀਆਂ ਸਨ।

ਇਸੇ ਪਿਛੋਕੜ ਵਿੱਚ ਵੱਖਰੇ ਸਿੱਖ ਰਾਜ ਦੀ ਮੰਗ ਨੂੰ ਅੱਗੇ ਵਧਾਇਆ ਗਿਆ। ਹਾਲਾਂਕਿ ਉਸ ਸਮੇਂ ਦੀਆਂ ਵੱਖਰੇ ਸਿੱਖ ਰਾਜ ਦੀਆਂ ਤਜਵੀਜ਼ਾਂ ਨੂੰ ਬਾਅਦ ਦੇ ਖ਼ਾਲਿਸਤਾਨ ਅੰਦੋਲਨ ਦੇ ਬਿਲਕੁਲ ਬਰਾਬਰ ਨਹੀਂ ਮੰਨਿਆ ਜਾ ਸਕਦਾ। ਖ਼ਾਲਿਸਤਾਨ ਦਾ ਨਾਂ ਅਤੇ ਇਸ ਨਾਲ ਜੁੜੀ ਸਿਆਸੀ ਮੰਗ ਬਾਅਦ ਦੇ ਦਹਾਕਿਆਂ, ਖ਼ਾਸ ਕਰਕੇ 1970 ਦੇ ਦਹਾਕੇ ਦੌਰਾਨ, ਵਧੇਰੇ ਚਰਚਾ ਵਿੱਚ ਆਈ।

### ਸ਼੍ਰੋਮਣੀ ਕਮੇਟੀ ਦੇ ਮਤੇ ਵਿੱਚ ਕੀ ਕਿਹਾ ਗਿਆ ਸੀ?

ਸ਼੍ਰੋਮਣੀ ਕਮੇਟੀ ਦੇ ਮਤੇ ਵਿੱਚ ਕਿਹਾ ਗਿਆ ਸੀ ਕਿ ਦੇਸ਼ ਵਿੱਚ ਤੇਜ਼ੀ ਨਾਲ ਬਦਲ ਰਹੇ ਸਿਆਸੀ ਹਾਲਾਤ ਅਤੇ ਸਿੱਖ ਪਛਾਣ ਦੀ ਰਾਖੀ ਦੀ ਲੋੜ ਨੂੰ ਧਿਆਨ ਵਿੱਚ ਰੱਖਦਿਆਂ ਸਿੱਖਾਂ ਲਈ ਵੱਖਰੇ ਰਾਜ ਦੀ ਸਥਾਪਨਾ ਜ਼ਰੂਰੀ ਹੈ।

ਮਤੇ ਅਨੁਸਾਰ ਸਿੱਖ ਧਰਮ ਦੇ ਪ੍ਰਮੁੱਖ ਇਤਿਹਾਸਕ ਗੁਰਧਾਮਾਂ, ਧਾਰਮਿਕ ਰੀਤੀ-ਰਿਵਾਜਾਂ, ਸਿੱਖਾਂ ਦੇ ਸਵੈਮਾਣ, ਗੌਰਵ, ਸਿਆਸੀ ਪ੍ਰਭੂਸੱਤਾ ਅਤੇ ਭਵਿੱਖ ਦੀ ਸੁਰੱਖਿਆ ਲਈ ਵੱਖਰੇ ਸਿੱਖ ਰਾਜ ਦੀ ਲੋੜ ਮਹਿਸੂਸ ਕੀਤੀ ਗਈ ਸੀ।

ਇਸ ਮਤੇ ਰਾਹੀਂ ਸਿੱਖ ਭਾਈਚਾਰੇ ਨੂੰ ਵੱਖਰੇ ਰਾਜ ਦੀ ਸਥਾਪਨਾ ਲਈ ਯਤਨ ਕਰਨ ਦੀ ਅਪੀਲ ਵੀ ਕੀਤੀ ਗਈ।

ਉਸ ਸਮੇਂ ਭਾਰਤ ਉੱਤੇ ਅੰਗਰੇਜ਼ਾਂ ਦਾ ਰਾਜ ਸੀ ਅਤੇ ਮੁਸਲਿਮ ਲੀਗ ਵੱਲੋਂ ਪਾਕਿਸਤਾਨ ਦੀ ਮੰਗ ਲਗਾਤਾਰ ਜ਼ੋਰ ਫੜ ਰਹੀ ਸੀ।

ਅਣਵੰਡੇ ਪੰਜਾਬ ਵਿੱਚ ਮੁਸਲਮਾਨਾਂ ਦੀ ਆਬਾਦੀ ਬਹੁਗਿਣਤੀ ਵਿੱਚ ਸੀ, ਜਦਕਿ ਸਿੱਖਾਂ ਦੀ ਆਬਾਦੀ ਲਗਭਗ 13 ਫ਼ੀਸਦੀ ਸੀ।

ਸਿੱਖ ਆਗੂਆਂ ਨੂੰ ਖ਼ਦਸ਼ਾ ਸੀ ਕਿ ਜੇਕਰ ਭਾਰਤ ਦੀ ਵੰਡ ਹੋਈ ਅਤੇ ਪੰਜਾਬ ਦਾ ਵੱਡਾ ਹਿੱਸਾ ਪਾਕਿਸਤਾਨ ਵਿੱਚ ਸ਼ਾਮਲ ਹੋ ਗਿਆ ਤਾਂ ਸਿੱਖਾਂ ਦੇ ਧਾਰਮਿਕ, ਸਿਆਸੀ ਅਤੇ ਸਮਾਜਿਕ ਅਧਿਕਾਰ ਪ੍ਰਭਾਵਿਤ ਹੋ ਸਕਦੇ ਹਨ।

1936 ਵਿੱਚ ਅਕਾਲੀ ਦਲ ਅਤੇ ਖ਼ਾਲਸਾ ਦਰਬਾਰ ਦੀ ਮੀਟਿੰਗ

14 ਜੂਨ 1936 ਨੂੰ ਸ਼੍ਰੋਮਣੀ ਅਕਾਲੀ ਦਲ ਅਤੇ ਖ਼ਾਲਸਾ ਦਰਬਾਰ ਵਿਚਾਲੇ ਇੱਕ ਮਹੱਤਵਪੂਰਨ ਮੀਟਿੰਗ ਹੋਈ ਸੀ।

ਖ਼ਾਲਸਾ ਦਰਬਾਰ ਲਾਹੌਰ ਵਿੱਚ ਵੱਖ-ਵੱਖ ਸਿੱਖ ਜਥੇਬੰਦੀਆਂ ਦੀ ਨੁਮਾਇੰਦਗੀ ਕਰਦਾ ਸੀ। ਇਸ ਮੀਟਿੰਗ ਦੌਰਾਨ 19 ਨੁਕਤਿਆਂ ਵਾਲਾ ਐਲਾਨਨਾਮਾ ਪੇਸ਼ ਕੀਤਾ ਗਿਆ, ਜਿਸ ਵਿੱਚ 'ਪੂਰਨ ਸਵਰਾਜ' ਦੀ ਮੰਗ ਕੀਤੀ ਗਈ ਸੀ।

ਇਹ ਉਹ ਦੌਰ ਸੀ ਜਦੋਂ ਭਾਰਤ ਦੀ ਆਜ਼ਾਦੀ ਦੀ ਲਹਿਰ ਤੇਜ਼ ਹੋ ਰਹੀ ਸੀ ਅਤੇ ਵੱਖ-ਵੱਖ ਧਾਰਮਿਕ ਤੇ ਸਿਆਸੀ ਭਾਈਚਾਰੇ ਆਪਣੇ ਭਵਿੱਖ ਦੀ ਸੁਰੱਖਿਆ ਲਈ ਯੋਜਨਾਵਾਂ ਬਣਾ ਰਹੇ ਸਨ।

ਫਰਵਰੀ 1940 ਵਿੱਚ ਸ਼੍ਰੋਮਣੀ ਅਕਾਲੀ ਦਲ ਨੇ ਪਾਕਿਸਤਾਨ ਦੀ ਤਜਵੀਜ਼ ਦਾ ਵਿਰੋਧ ਕੀਤਾ ਅਤੇ ਪੂਰਨ ਸਵਰਾਜ ਦੀ ਮੰਗ ਮੁੜ ਦੁਹਰਾਈ।

ਇਸੇ ਦੌਰਾਨ ਅਕਾਲੀ ਦਲ ਅਤੇ ਕਾਂਗਰਸ ਦੇ ਸਬੰਧਾਂ ਵਿੱਚ ਵੀ ਤਣਾਅ ਪੈਦਾ ਹੋਣਾ ਸ਼ੁਰੂ ਹੋ ਗਿਆ ਸੀ।

### ਮਹਾਰਾਜਾ ਰਣਜੀਤ ਸਿੰਘ ਦੇ ਰਾਜ ਦੀ ਤਰਜ਼ ਉੱਤੇ ਖ਼ਾਲਸਾ ਰਾਜ ਦੀ ਮੰਗ

19 ਮਈ 1940 ਨੂੰ ਅੰਮ੍ਰਿਤਸਰ ਵਿੱਚ 100 ਤੋਂ ਵੱਧ ਸਿੱਖ ਆਗੂ ਇਕੱਠੇ ਹੋਏ।

ਇਸ ਇਕੱਠ ਦੌਰਾਨ ਮਹਾਰਾਜਾ ਰਣਜੀਤ ਸਿੰਘ ਦੇ ਸਿੱਖ ਰਾਜ ਦੀ ਤਰਜ਼ ਉੱਤੇ ਖ਼ਾਲਸਾ ਰਾਜ ਦੀ ਸਥਾਪਨਾ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਮਕਸਦ ਲਈ 21 ਮੈਂਬਰੀ ਕਮੇਟੀ ਵੀ ਬਣਾਈ ਗਈ।

ਸਿੱਖ ਆਗੂਆਂ ਦਾ ਮੰਨਣਾ ਸੀ ਕਿ ਅੰਗਰੇਜ਼ਾਂ ਦੇ ਭਾਰਤ ਛੱਡਣ ਤੋਂ ਬਾਅਦ ਬਣਨ ਵਾਲੀ ਨਵੀਂ ਸਿਆਸੀ ਵਿਵਸਥਾ ਵਿੱਚ ਸਿੱਖਾਂ ਦੇ ਹਿੱਤਾਂ ਦੀ ਰਾਖੀ ਲਈ ਠੋਸ ਪ੍ਰਬੰਧ ਹੋਣੇ ਚਾਹੀਦੇ ਹਨ।

### 'ਅਸੀਂ ਪੰਜਾਬ ਨੂੰ ਪਾਕਿਸਤਾਨ ਨਹੀਂ ਬਣਨ ਦਿਆਂਗੇ'

10 ਅਤੇ 11 ਫਰਵਰੀ 1941 ਨੂੰ ਅਟਾਰੀ ਵਿਖੇ ਸ਼੍ਰੋਮਣੀ ਅਕਾਲੀ ਦਲ ਦਾ ਸੰਮੇਲਨ ਹੋਇਆ।

ਇਸ ਸੰਮੇਲਨ ਵਿੱਚ ਤਿੰਨ ਮਹੱਤਵਪੂਰਨ ਮਤੇ ਪਾਸ ਕੀਤੇ ਗਏ। ਇਨ੍ਹਾਂ ਵਿੱਚੋਂ ਇੱਕ ਮਤੇ ਰਾਹੀਂ ਪਾਕਿਸਤਾਨ ਦੀ ਸਥਾਪਨਾ ਦੀ ਤਜਵੀਜ਼ ਦਾ ਵਿਰੋਧ ਕੀਤਾ ਗਿਆ, ਜਦਕਿ ਦੂਜੇ ਮਤੇ ਵਿੱਚ ਪੂਰਨ ਸਵਰਾਜ ਦੀ ਮੰਗ ਦੁਹਰਾਈ ਗਈ।

ਇਸ ਤੋਂ ਬਾਅਦ 8 ਅਪ੍ਰੈਲ 1942 ਨੂੰ ਅੰਮ੍ਰਿਤਸਰ ਵਿੱਚ ਸਰਬ-ਪਾਰਟੀ ਸਿੱਖ ਸੰਮੇਲਨ ਹੋਇਆ।

ਇਸ ਸੰਮੇਲਨ ਦੌਰਾਨ ਇੱਕ ਮਤਾ ਪਾਸ ਕੀਤਾ ਗਿਆ, ਜਿਸ ਵਿੱਚ ਸਪੱਸ਼ਟ ਐਲਾਨ ਕੀਤਾ ਗਿਆ ਸੀ ਕਿ 'ਅਸੀਂ ਪੰਜਾਬ ਨੂੰ ਪਾਕਿਸਤਾਨ ਨਹੀਂ ਬਣਨ ਦਿਆਂਗੇ।'

ਇਹ ਐਲਾਨ ਉਸ ਸਮੇਂ ਦੇ ਸਿੱਖ ਆਗੂਆਂ ਦੀਆਂ ਸਿਆਸੀ ਚਿੰਤਾਵਾਂ ਅਤੇ ਪਾਕਿਸਤਾਨ ਦੀ ਤਜਵੀਜ਼ ਵਿਰੁੱਧ ਉਨ੍ਹਾਂ ਦੇ ਵਿਰੋਧ ਨੂੰ ਦਰਸਾਉਂਦਾ ਸੀ।

### 1943 ਵਿੱਚ ਉੱਠੀ 'ਆਜ਼ਾਦ ਪੰਜਾਬ' ਦੀ ਮੰਗ

6 ਜੂਨ 1943 ਨੂੰ ਲਾਹੌਰ ਸਥਿਤ ਸਿੱਖ ਨੈਸ਼ਨਲ ਕਾਲਜ ਵੱਲੋਂ 'ਆਜ਼ਾਦ ਪੰਜਾਬ' ਸਬੰਧੀ ਇੱਕ ਐਲਾਨਨਾਮਾ ਜਾਰੀ ਕੀਤਾ ਗਿਆ।

ਇਸੇ ਮਹੀਨੇ ਸ਼੍ਰੋਮਣੀ ਅਕਾਲੀ ਦਲ ਨੇ ਵੀ ਆਜ਼ਾਦ ਪੰਜਾਬ ਦੀ ਮੰਗ ਦੇ ਸਮਰਥਨ ਵਿੱਚ ਮਤਾ ਪਾਸ ਕੀਤਾ।

ਉਸ ਸਮੇਂ ਦੇ ਪ੍ਰਮੁੱਖ ਅਕਾਲੀ ਆਗੂ ਮਾਸਟਰ ਤਾਰਾ ਸਿੰਘ ਨੇ ਕਿਹਾ ਸੀ ਕਿ ਆਜ਼ਾਦ ਪੰਜਾਬ ਦੀ ਤਜਵੀਜ਼ ਅਕਾਲੀ ਦਲ ਵੱਲੋਂ 20 ਮਾਰਚ 1931 ਨੂੰ ਮਹਾਤਮਾ ਗਾਂਧੀ ਨੂੰ ਸੌਂਪੇ ਗਏ 17 ਨੁਕਤਿਆਂ ਵਾਲੇ ਮੰਗ ਪੱਤਰ ਤੋਂ ਵੱਖਰੀ ਨਹੀਂ ਸੀ।

1943 ਵਿੱਚ ਤੇਜਾ ਸਿੰਘ ਸਮੁੰਦਰੀ ਹਾਲ ਵਿੱਚ 500 ਤੋਂ ਵੱਧ ਸਿੱਖ ਆਗੂਆਂ ਦੀ ਇੱਕ ਮੀਟਿੰਗ ਵੀ ਹੋਈ ਸੀ, ਜਿਸ ਵਿੱਚ ਵੱਖਰੇ ਸਿੱਖ ਰਾਜ ਦੀ ਮੰਗ ਦੇ ਸਮਰਥਨ ਵਿੱਚ ਮਤਾ ਪਾਸ ਕੀਤਾ ਗਿਆ।

ਇਸ ਤਰ੍ਹਾਂ 1946 ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਪਾਸ ਕੀਤਾ ਗਿਆ ਮਤਾ ਪਹਿਲਾਂ ਤੋਂ ਚੱਲ ਰਹੀ ਸਿਆਸੀ ਚਰਚਾ ਦੀ ਹੀ ਅਗਲੀ ਕੜੀ ਸੀ।

'ਪਾਕਿਸਤਾਨ ਸਿੱਖਾਂ ਉੱਤੇ ਥੋਪਿਆ ਨਹੀਂ ਜਾ ਸਕਦਾ'

8 ਅਕਤੂਬਰ 1944 ਨੂੰ ਦਿੱਲੀ ਵਿੱਚ 'ਅਖੰਡ ਹਿੰਦੁਸਤਾਨ' ਸੰਮੇਲਨ ਕਰਵਾਇਆ ਗਿਆ।

ਇਸ ਸੰਮੇਲਨ ਵਿੱਚ ਮਾਸਟਰ ਤਾਰਾ ਸਿੰਘ ਨੇ ਪਾਕਿਸਤਾਨ ਦੀ ਸਥਾਪਨਾ ਦਾ ਸਖ਼ਤ ਵਿਰੋਧ ਕੀਤਾ।

ਉਨ੍ਹਾਂ ਕਿਹਾ ਸੀ ਕਿ ਸਿੱਖ ਭਾਰਤ ਦੇ ਰਾਖੇ ਹਨ ਅਤੇ ਪੰਜਾਬ ਉਨ੍ਹਾਂ ਦੀ ਇਤਿਹਾਸਕ ਧਰਤੀ ਹੈ।

ਉਨ੍ਹਾਂ ਦਾ ਤਰਕ ਸੀ ਕਿ ਜੇਕਰ ਵੱਡੀ ਗਿਣਤੀ ਵਿੱਚ ਹਿੰਦੂ ਵੀ ਪਾਕਿਸਤਾਨ ਦੀ ਤਜਵੀਜ਼ ਨਾਲ ਸਹਿਮਤ ਹੋ ਜਾਣ ਤਾਂ ਵੀ ਇਹ ਫ਼ੈਸਲਾ ਸਿੱਖਾਂ ਦੀ ਇੱਛਾ ਦੇ ਵਿਰੁੱਧ ਉਨ੍ਹਾਂ ਉੱਤੇ ਥੋਪਿਆ ਨਹੀਂ ਜਾ ਸਕਦਾ।

ਇਸ ਤੋਂ ਅਗਲੇ ਮਹੀਨੇ ਲੁਧਿਆਣਾ ਵਿੱਚ ਵੀ ਅਖੰਡ ਹਿੰਦੁਸਤਾਨ ਸੰਮੇਲਨ ਹੋਇਆ, ਜਿਸ ਵਿੱਚ ਮਾਸਟਰ ਤਾਰਾ ਸਿੰਘ ਨੇ ਪਾਕਿਸਤਾਨ ਦੀ ਸਥਾਪਨਾ ਦਾ ਵਿਰੋਧ ਦੁਹਰਾਇਆ।

### 1947 ਦੀ ਵੰਡ ਨੇ ਬਦਲ ਦਿੱਤਾ ਪੰਜਾਬ ਦਾ ਭਵਿੱਖ

1947 ਵਿੱਚ ਭਾਰਤ ਨੂੰ ਅੰਗਰੇਜ਼ੀ ਹਕੂਮਤ ਤੋਂ ਆਜ਼ਾਦੀ ਮਿਲੀ, ਪਰ ਇਸ ਦੇ ਨਾਲ ਹੀ ਦੇਸ਼ ਦੀ ਵੰਡ ਵੀ ਹੋ ਗਈ। ਪੰਜਾਬ ਦੋ ਹਿੱਸਿਆਂ ਵਿੱਚ ਵੰਡਿਆ ਗਿਆ। ਪੱਛਮੀ ਪੰਜਾਬ ਪਾਕਿਸਤਾਨ ਦਾ ਹਿੱਸਾ ਬਣ ਗਿਆ, ਜਦਕਿ ਪੂਰਬੀ ਪੰਜਾਬ ਭਾਰਤ ਵਿੱਚ ਸ਼ਾਮਲ ਹੋਇਆ। ਲਾਹੌਰ ਅਤੇ ਸ੍ਰੀ ਨਨਕਾਣਾ ਸਾਹਿਬ ਵਰਗੇ ਇਤਿਹਾਸਕ ਸਥਾਨ ਪਾਕਿਸਤਾਨ ਵਿੱਚ ਰਹਿ ਗਏ।

ਦੇਸ਼ ਦੀ ਵੰਡ ਦੌਰਾਨ ਵੱਡੇ ਪੱਧਰ ਉੱਤੇ ਫ਼ਿਰਕੂ ਹਿੰਸਾ ਹੋਈ ਅਤੇ ਲੱਖਾਂ ਲੋਕਾਂ ਨੂੰ ਆਪਣੇ ਘਰ-ਬਾਰ ਛੱਡਣੇ ਪਏ।

ਪੱਛਮੀ ਪੰਜਾਬ ਤੋਂ ਵੱਡੀ ਗਿਣਤੀ ਵਿੱਚ ਹਿੰਦੂ ਅਤੇ ਸਿੱਖ ਭਾਰਤ ਆਏ, ਜਦਕਿ ਪੂਰਬੀ ਪੰਜਾਬ ਤੋਂ ਮੁਸਲਮਾਨ ਪਾਕਿਸਤਾਨ ਚਲੇ ਗਏ।

ਇਸ ਉਜਾੜੇ ਅਤੇ ਹਿੰਸਾ ਨੇ ਪੰਜਾਬ ਦੇ ਸਮਾਜਿਕ, ਧਾਰਮਿਕ ਅਤੇ ਸਿਆਸੀ ਜੀਵਨ ਉੱਤੇ ਡੂੰਘਾ ਅਸਰ ਪਾਇਆ।

ਆਜ਼ਾਦੀ ਤੋਂ ਬਾਅਦ ਅਕਾਲੀ ਦਲ ਨੇ ਉਠਾਈ ਪੰਜਾਬੀ ਸੂਬੇ ਦੀ ਮੰਗ

ਭਾਰਤ ਦੀ ਆਜ਼ਾਦੀ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਨੇ ਪੰਜਾਬੀ ਭਾਸ਼ਾ ਦੇ ਆਧਾਰ ਉੱਤੇ ਵੱਖਰੇ ਸੂਬੇ ਦੀ ਮੰਗ ਉਠਾਈ।

ਇਸ ਅੰਦੋਲਨ ਦੀ ਅਗਵਾਈ ਮਾਸਟਰ ਤਾਰਾ ਸਿੰਘ ਅਤੇ ਹੋਰ ਪ੍ਰਮੁੱਖ ਸਿੱਖ ਆਗੂਆਂ ਨੇ ਕੀਤੀ।

ਲੰਮੇ ਸਮੇਂ ਤੱਕ ਚੱਲੇ ਇਸ ਸੰਘਰਸ਼ ਤੋਂ ਬਾਅਦ 1 ਨਵੰਬਰ 1966 ਨੂੰ ਪੰਜਾਬ ਦਾ ਪੁਨਰਗਠਨ ਹੋਇਆ।

ਇਸ ਪੁਨਰਗਠਨ ਤਹਿਤ ਹਰਿਆਣਾ ਨੂੰ ਵੱਖਰਾ ਸੂਬਾ ਬਣਾਇਆ ਗਿਆ ਅਤੇ ਪੰਜਾਬ ਦੇ ਕੁਝ ਪਹਾੜੀ ਇਲਾਕੇ ਹਿਮਾਚਲ ਪ੍ਰਦੇਸ਼ ਵਿੱਚ ਸ਼ਾਮਲ ਕੀਤੇ ਗਏ।

ਹਾਲਾਂਕਿ ਪੰਜਾਬ ਦੇ ਪੁਨਰਗਠਨ ਤੋਂ ਬਾਅਦ ਵੀ ਕਈ ਮੁੱਦੇ ਅਣਸੁਲਝੇ ਰਹੇ।

ਇਨ੍ਹਾਂ ਵਿੱਚ ਚੰਡੀਗੜ੍ਹ ਉੱਤੇ ਪੰਜਾਬ ਦਾ ਹੱਕ, ਪੰਜਾਬੀ ਬੋਲਦੇ ਇਲਾਕਿਆਂ ਦਾ ਸਵਾਲ ਅਤੇ ਦਰਿਆਈ ਪਾਣੀਆਂ ਦੀ ਵੰਡ ਵਰਗੇ ਵਿਵਾਦ ਸ਼ਾਮਲ ਸਨ।

### 1973 ਵਿੱਚ ਅਨੰਦਪੁਰ ਸਾਹਿਬ ਦਾ ਮਤਾ

1973 ਵਿੱਚ ਸ਼੍ਰੋਮਣੀ ਅਕਾਲੀ ਦਲ ਨੇ ਅਨੰਦਪੁਰ ਸਾਹਿਬ ਦਾ ਮਤਾ ਪਾਸ ਕੀਤਾ।

ਇਸ ਮਤੇ ਵਿੱਚ ਪੰਜਾਬ ਲਈ ਵਧੇਰੇ ਖ਼ੁਦਮੁਖ਼ਤਿਆਰੀ ਅਤੇ ਕੇਂਦਰ ਤੇ ਸੂਬਿਆਂ ਦੇ ਅਧਿਕਾਰਾਂ ਦੀ ਨਵੀਂ ਵੰਡ ਦੀ ਮੰਗ ਕੀਤੀ ਗਈ।

ਅਨੰਦਪੁਰ ਸਾਹਿਬ ਦਾ ਮਤਾ ਪੰਜਾਬ ਦੀ ਸਿਆਸਤ ਵਿੱਚ ਇੱਕ ਮਹੱਤਵਪੂਰਨ ਦਸਤਾਵੇਜ਼ ਬਣ ਗਿਆ।

ਇਸ ਮਤੇ ਦੀ ਵਿਆਖਿਆ ਨੂੰ ਲੈ ਕੇ ਵੱਖ-ਵੱਖ ਸਿਆਸੀ ਧਿਰਾਂ ਵਿਚਾਲੇ ਮਤਭੇਦ ਵੀ ਸਾਹਮਣੇ ਆਏ। ਅਕਾਲੀ ਦਲ ਇਸ ਨੂੰ ਸੂਬਿਆਂ ਦੇ ਅਧਿਕਾਰਾਂ ਅਤੇ ਸੰਘੀ ਢਾਂਚੇ ਦੀ ਮਜ਼ਬੂਤੀ ਨਾਲ ਜੋੜਦਾ ਰਿਹਾ।

### 1980 ਦੇ ਦਹਾਕੇ ਵਿੱਚ ਪੰਜਾਬ ਦਾ ਸੰਕਟ ਅਤੇ ਸਾਕਾ ਨੀਲਾ ਤਾਰਾ

1980 ਦੇ ਦਹਾਕੇ ਦੇ ਸ਼ੁਰੂਆਤੀ ਸਾਲਾਂ ਵਿੱਚ ਪੰਜਾਬ ਵਿੱਚ ਸਿਆਸੀ ਅਤੇ ਧਾਰਮਿਕ ਤਣਾਅ ਵਧਣ ਲੱਗਾ।

ਇਸ ਦੌਰਾਨ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਇੱਕ ਪ੍ਰਭਾਵਸ਼ਾਲੀ ਧਾਰਮਿਕ ਅਤੇ ਸਿਆਸੀ ਸ਼ਖ਼ਸੀਅਤ ਵਜੋਂ ਉੱਭਰੇ। ਪੰਜਾਬ ਵਿੱਚ ਹਥਿਆਰਬੰਦ ਗਤੀਵਿਧੀਆਂ, ਵੱਖਵਾਦੀ ਮੰਗਾਂ ਅਤੇ ਹਿੰਸਕ ਘਟਨਾਵਾਂ ਕਾਰਨ ਹਾਲਾਤ ਗੰਭੀਰ ਹੁੰਦੇ ਗਏ।

ਜੂਨ 1984 ਵਿੱਚ ਭਾਰਤੀ ਫ਼ੌਜ ਨੇ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਵਿੱਚ 'ਆਪ੍ਰੇਸ਼ਨ ਬਲੂ ਸਟਾਰ' ਨਾਂ ਹੇਠ ਫ਼ੌਜੀ ਕਾਰਵਾਈ ਕੀਤੀ, ਜਿਸ ਨੂੰ ਸਿੱਖ ਇਤਿਹਾਸ ਵਿੱਚ ਸਾਕਾ ਨੀਲਾ ਤਾਰਾ ਵਜੋਂ ਯਾਦ ਕੀਤਾ ਜਾਂਦਾ ਹੈ।

ਇਸ ਕਾਰਵਾਈ ਦੌਰਾਨ ਜਾਨੀ ਨੁਕਸਾਨ ਹੋਇਆ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਇਮਾਰਤ ਨੂੰ ਭਾਰੀ ਨੁਕਸਾਨ ਪਹੁੰਚਿਆ।

ਇਸ ਘਟਨਾ ਕਾਰਨ ਦੁਨੀਆ ਭਰ ਦੇ ਸਿੱਖ ਭਾਈਚਾਰੇ ਵਿੱਚ ਡੂੰਘਾ ਰੋਸ ਪੈਦਾ ਹੋਇਆ।

ਇਸੇ ਸਾਲ 31 ਅਕਤੂਬਰ ਨੂੰ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਉਨ੍ਹਾਂ ਦੇ ਦੋ ਸਿੱਖ ਸੁਰੱਖਿਆ ਕਰਮਚਾਰੀਆਂ ਵੱਲੋਂ ਹੱਤਿਆ ਕਰ ਦਿੱਤੀ ਗਈ।

ਇਸ ਤੋਂ ਬਾਅਦ ਦਿੱਲੀ ਸਮੇਤ ਦੇਸ਼ ਦੇ ਕਈ ਹਿੱਸਿਆਂ ਵਿੱਚ ਸਿੱਖ ਵਿਰੋਧੀ ਕਤਲੇਆਮ ਹੋਇਆ, ਜਿਸ ਵਿੱਚ ਹਜ਼ਾਰਾਂ ਬੇਗੁਨਾਹ ਸਿੱਖ ਮਾਰੇ ਗਏ।

ਇਨ੍ਹਾਂ ਘਟਨਾਵਾਂ ਨੇ ਪੰਜਾਬ ਅਤੇ ਸਿੱਖ ਭਾਈਚਾਰੇ ਦੇ ਇਤਿਹਾਸ ਉੱਤੇ ਡੂੰਘੇ ਜ਼ਖ਼ਮ ਛੱਡੇ।

ਵੱਖਰੇ ਸਿੱਖ ਰਾਜ ਦੀ ਮੰਗ ਤੋਂ ਪੰਜਾਬੀ ਸੂਬੇ ਤੱਕ ਦਾ ਸਿਆਸੀ ਸਫ਼ਰ

1940 ਦੇ ਦਹਾਕੇ ਵਿੱਚ ਸਿੱਖ ਆਗੂਆਂ ਵੱਲੋਂ ਵੱਖਰੇ ਰਾਜ ਦੀ ਮੰਗ ਮੁੱਖ ਤੌਰ ਉੱਤੇ ਬਰਤਾਨਵੀ ਹਕੂਮਤ ਦੇ ਅੰਤ, ਪਾਕਿਸਤਾਨ ਦੀ ਸੰਭਾਵੀ ਸਥਾਪਨਾ ਅਤੇ ਸਿੱਖਾਂ ਦੇ ਭਵਿੱਖ ਨਾਲ ਜੁੜੀਆਂ ਚਿੰਤਾਵਾਂ ਦੇ ਪਿਛੋਕੜ ਵਿੱਚ ਉੱਠੀ ਸੀ।

ਇਸ ਤੋਂ ਬਾਅਦ ਪੰਜਾਬੀ ਸੂਬਾ ਅੰਦੋਲਨ, ਅਨੰਦਪੁਰ ਸਾਹਿਬ ਦਾ ਮਤਾ ਅਤੇ 1980 ਦੇ ਦਹਾਕੇ ਦਾ ਸੰਕਟ ਵੱਖ-ਵੱਖ ਇਤਿਹਾਸਕ ਹਾਲਾਤਾਂ ਵਿੱਚ ਸਾਹਮਣੇ ਆਏ।

ਇਨ੍ਹਾਂ ਸਾਰੇ ਅੰਦੋਲਨਾਂ ਦੀਆਂ ਮੰਗਾਂ, ਉਦੇਸ਼ਾਂ ਅਤੇ ਸਿਆਸੀ ਪ੍ਰਸਥਿਤੀਆਂ ਵਿੱਚ ਅੰਤਰ ਸੀ। ਇਸ ਲਈ 1946 ਦੇ ਵੱਖਰੇ ਸਿੱਖ ਰਾਜ ਦੇ ਮਤੇ ਨੂੰ ਬਾਅਦ ਦੇ ਖ਼ਾਲਿਸਤਾਨ ਅੰਦੋਲਨ ਨਾਲ ਸਿੱਧੇ ਤੌਰ ਉੱਤੇ ਇੱਕੋ ਜਿਹਾ ਮੰਨਣਾ ਇਤਿਹਾਸਕ ਪੱਖੋਂ ਠੀਕ ਨਹੀਂ ਹੋਵੇਗਾ।

ਇਤਿਹਾਸ ਦਾ ਇਹ ਅਧਿਆਇ ਦਰਸਾਉਂਦਾ ਹੈ ਕਿ ਭਾਰਤ ਦੀ ਵੰਡ ਤੋਂ ਪਹਿਲਾਂ ਸਿੱਖ ਆਗੂਆਂ ਦੀ ਸਭ ਤੋਂ ਵੱਡੀ ਚਿੰਤਾ ਆਪਣੇ ਧਾਰਮਿਕ ਅਸਥਾਨਾਂ, ਸਿਆਸੀ ਅਧਿਕਾਰਾਂ, ਪਛਾਣ ਅਤੇ ਭਵਿੱਖ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਸੀ।



# ਭਾਰਤ-ਪਾਕਿ ਵੰਡ ਤੇ ਸਿੱਖਾਂ ਦਾ ਦਰਦ: ਉੱਜੜੇ ਘਰ, ਵਿਛੜੇ ਪਰਿਵਾਰ ਅਤੇ ਇਤਿਹਾਸ ਦੇ ਅਮਿੱਟ ਜ਼ਖ਼ਮ

**ਦਰਸ਼ਨ ਸਿੰਘ ਦਰਸ਼ਕ | ਚੜ੍ਹਦੀਕਲਾ**

ਭਾਰਤ ਦੀ ਆਜ਼ਾਦੀ ਦਾ ਸਾਲ 1947 ਜਿੱਥੇ ਕਰੋੜਾਂ ਭਾਰਤੀਆਂ ਲਈ ਖ਼ੁਸ਼ੀਆਂ ਅਤੇ ਉਮੀਦਾਂ ਲੈ ਕੇ ਆਇਆ, ਉੱਥੇ ਪੰਜਾਬ ਦੇ ਲੋਕਾਂ, ਖ਼ਾਸ ਕਰਕੇ ਸਿੱਖ ਭਾਈਚਾਰੇ ਲਈ ਇਹ ਸਾਲ ਅਜਿਹੇ ਦਰਦ ਅਤੇ ਤਬਾਹੀ ਦੀ ਕਹਾਣੀ ਬਣ ਗਿਆ, ਜਿਸ ਦੇ ਜ਼ਖ਼ਮ ਅੱਜ ਵੀ ਪੂਰੀ ਤਰ੍ਹਾਂ ਨਹੀਂ ਭਰੇ। ਭਾਰਤ ਅਤੇ ਪਾਕਿਸਤਾਨ ਦੀ ਵੰਡ ਨੇ ਪੰਜਾਬ ਨੂੰ ਦੋ ਹਿੱਸਿਆਂ ਵਿੱਚ ਵੰਡ ਦਿੱਤਾ। ਇਸ ਵੰਡ ਦੌਰਾਨ ਲੱਖਾਂ ਲੋਕਾਂ ਨੂੰ ਆਪਣੇ ਜੱਦੀ ਘਰ, ਜ਼ਮੀਨਾਂ, ਕਾਰੋਬਾਰ ਅਤੇ ਧਾਰਮਿਕ ਅਸਥਾਨ ਛੱਡਣ ਲਈ ਮਜਬੂਰ ਹੋਣਾ ਪਿਆ।

ਸਿੱਖਾਂ ਲਈ ਇਹ ਵੰਡ ਸਿਰਫ਼ ਇੱਕ ਸਿਆਸੀ ਜਾਂ ਭੂਗੋਲਿਕ ਤਬਦੀਲੀ ਨਹੀਂ ਸੀ। ਇਹ ਉਨ੍ਹਾਂ ਦੀ ਧਾਰਮਿਕ, ਇਤਿਹਾਸਕ, ਆਰਥਿਕ ਅਤੇ ਸੱਭਿਆਚਾਰਕ ਹੋਂਦ ਉੱਤੇ ਡੂੰਘਾ ਅਸਰ ਪਾਉਣ ਵਾਲੀ ਘਟਨਾ ਸੀ। ਜਿਸ ਪੰਜਾਬ ਵਿੱਚ ਗੁਰੂ ਸਾਹਿਬਾਨ ਨੇ ਮਨੁੱਖਤਾ, ਬਰਾਬਰੀ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ ਸੀ, ਉਸੇ ਪੰਜਾਬ ਦੀ ਧਰਤੀ 1947 ਵਿੱਚ ਫ਼ਿਰਕੂ ਹਿੰਸਾ ਅਤੇ ਮਨੁੱਖੀ ਦੁਖਾਂਤ ਦੀ ਗਵਾਹ ਬਣੀ।

ਸਿੱਖਾਂ ਲਈ ਵੰਡ ਦਾ ਸਵਾਲ ਕਿਉਂ ਸੀ ਵੱਖਰਾ?

1947 ਤੋਂ ਪਹਿਲਾਂ ਪੰਜਾਬ ਇੱਕ ਵਿਸ਼ਾਲ ਸੱਭਿਆਚਾਰਕ ਅਤੇ ਭੂਗੋਲਿਕ ਇਕਾਈ ਸੀ। ਲਾਹੌਰ, ਨਨਕਾਣਾ ਸਾਹਿਬ, ਗੁਜਰਾਂਵਾਲਾ, ਸ਼ੇਖ਼ੂਪੁਰਾ, ਲਾਇਲਪੁਰ, ਸਿਆਲਕੋਟ ਅਤੇ ਮੌਂਟਗੋਮਰੀ ਵਰਗੇ ਇਲਾਕਿਆਂ ਵਿੱਚ ਵੱਡੀ ਗਿਣਤੀ ਵਿੱਚ ਸਿੱਖ ਵੱਸਦੇ ਸਨ। ਇਨ੍ਹਾਂ ਵਿੱਚੋਂ ਕਈ ਇਲਾਕੇ ਖੇਤੀਬਾੜੀ, ਵਪਾਰ ਅਤੇ ਸਿੱਖ ਧਾਰਮਿਕ ਇਤਿਹਾਸ ਦੇ ਮਹੱਤਵਪੂਰਨ ਕੇਂਦਰ ਸਨ।

ਬਰਤਾਨਵੀ ਹਕੂਮਤ ਦੌਰਾਨ ਪੰਜਾਬ ਦੀਆਂ ਨਹਿਰੀ ਬਸਤੀਆਂ ਦੇ ਵਿਕਾਸ ਵਿੱਚ ਸਿੱਖ ਕਿਸਾਨਾਂ ਦੀ ਵੱਡੀ ਭੂਮਿਕਾ ਰਹੀ। ਲਾਇਲਪੁਰ ਅਤੇ ਮੌਂਟਗੋਮਰੀ ਵਰਗੇ ਇਲਾਕਿਆਂ ਵਿੱਚ ਸਿੱਖ ਕਿਸਾਨਾਂ ਨੇ ਮਿਹਨਤ ਨਾਲ ਜ਼ਮੀਨਾਂ ਆਬਾਦ ਕੀਤੀਆਂ ਅਤੇ ਖ਼ੁਸ਼ਹਾਲ ਖੇਤੀਬਾੜੀ ਅਰਥਚਾਰਾ ਖੜ੍ਹਾ ਕੀਤਾ।

ਜਦੋਂ ਮੁਸਲਿਮ ਲੀਗ ਨੇ ਪਾਕਿਸਤਾਨ ਦੀ ਮੰਗ ਨੂੰ ਤੇਜ਼ ਕੀਤਾ ਤਾਂ ਸਿੱਖ ਆਗੂਆਂ ਸਾਹਮਣੇ ਆਪਣੀ ਸਿਆਸੀ ਸੁਰੱਖਿਆ, ਧਾਰਮਿਕ ਅਸਥਾਨਾਂ ਅਤੇ ਭਵਿੱਖ ਦੇ ਅਧਿਕਾਰਾਂ ਬਾਰੇ ਗੰਭੀਰ ਸਵਾਲ+ ਖੜ੍ਹੇ ਹੋ ਗਏ। ਸ਼੍ਰੋਮਣੀ ਅਕਾਲੀ ਦਲ ਦੇ ਕਈ ਆਗੂ ਪਾਕਿਸਤਾਨ ਦੀ ਮੰਗ ਦਾ ਵਿਰੋਧ ਕਰ ਰਹੇ ਸਨ। ਕੁਝ ਸਿੱਖ ਆਗੂਆਂ ਨੇ ਸਿੱਖਾਂ ਲਈ ਵੱਖਰੇ ਸਿਆਸੀ ਪ੍ਰਬੰਧ ਜਾਂ ਖ਼ੁਦਮੁਖ਼ਤਿਆਰੀ ਦੇ ਵਿਚਾਰ ਵੀ ਪੇਸ਼ ਕੀਤੇ।

ਪਰ ਆਖ਼ਰਕਾਰ ਪੰਜਾਬ ਦੀ ਵੰਡ ਦਾ ਫ਼ੈਸਲਾ ਹੋਇਆ ਅਤੇ ਸਿੱਖਾਂ ਦੀ ਵੱਡੀ ਆਬਾਦੀ ਨੂੰ ਆਪਣਾ ਜੱਦੀ ਇਲਾਕਾ ਛੱਡਣਾ ਪਿਆ।

**ਇੱਕ ਰਾਤ ਵਿੱਚ ਪਰਾਏ ਹੋ ਗਏ ਆਪਣੇ ਹੀ ਘਰ**

1947 ਦੀ ਵੰਡ ਦਾ ਸਭ ਤੋਂ ਦਰਦਨਾਕ ਪਹਿਲੂ ਲੋਕਾਂ ਦਾ ਜਬਰੀ ਉਜਾੜਾ ਸੀ। ਸਦੀਆਂ ਤੋਂ ਜਿਨ੍ਹਾਂ ਪਿੰਡਾਂ ਵਿੱਚ ਹਿੰਦੂ, ਸਿੱਖ ਅਤੇ ਮੁਸਲਮਾਨ ਇਕੱਠੇ ਰਹਿੰਦੇ ਆਏ ਸਨ, ਉੱਥੇ ਅਚਾਨਕ ਡਰ ਅਤੇ ਬੇਭਰੋਸੇ ਦਾ ਮਾਹੌਲ ਬਣ ਗਿਆ।

ਜਿਨ੍ਹਾਂ ਘਰਾਂ ਵਿੱਚ ਪੀੜ੍ਹੀਆਂ ਨੇ ਜਨਮ ਲਿਆ ਸੀ, ਉਨ੍ਹਾਂ ਦੇ ਦਰਵਾਜ਼ਿਆਂ ਨੂੰ ਆਖ਼ਰੀ ਵਾਰ ਬੰਦ ਕਰਕੇ ਲੋਕ ਅਣਜਾਣ ਮੰਜ਼ਿਲ ਵੱਲ ਤੁਰ ਪਏ। ਕਿਸੇ ਨੇ ਘਰ ਦੀਆਂ ਚਾਬੀਆਂ ਗੁਆਂਢੀ ਨੂੰ ਸੌਂਪ ਦਿੱਤੀਆਂ, ਕਿਸੇ ਨੇ ਇਹ ਸੋਚ ਕੇ ਸਮਾਨ ਸੰਭਾਲਿਆ ਕਿ ਕੁਝ ਦਿਨਾਂ ਬਾਅਦ ਵਾਪਸ ਆ ਜਾਵਾਂਗੇ।

ਪਰ ਬਹੁਤਿਆਂ ਲਈ ਇਹ ਵਿਛੋੜਾ ਸਦੀਵੀ ਸਾਬਤ ਹੋਇਆ।

ਪੱਛਮੀ ਪੰਜਾਬ ਤੋਂ ਸਿੱਖ ਅਤੇ ਹਿੰਦੂ ਪੂਰਬੀ ਪੰਜਾਬ ਵੱਲ ਆਏ, ਜਦਕਿ ਪੂਰਬੀ ਪੰਜਾਬ ਤੋਂ ਮੁਸਲਮਾਨ ਪਾਕਿਸਤਾਨ ਵੱਲ ਗਏ। ਇਹ ਉਜਾੜਾ ਮਨੁੱਖੀ ਇਤਿਹਾਸ ਦੀਆਂ ਸਭ ਤੋਂ ਵੱਡੀਆਂ ਆਬਾਦੀ ਤਬਦੀਲੀਆਂ ਵਿੱਚੋਂ ਇੱਕ ਸੀ। ਇਤਿਹਾਸਕਾਰਾਂ ਦੇ ਅੰਦਾਜ਼ਿਆਂ ਅਨੁਸਾਰ ਸਮੁੱਚੀ ਵੰਡ ਦੌਰਾਨ ਲਗਭਗ ਡੇਢ ਕਰੋੜ ਲੋਕਾਂ ਨੂੰ ਆਪਣੀ ਥਾਂ ਛੱਡਣੀ ਪਈ, ਹਾਲਾਂਕਿ ਵੱਖ-ਵੱਖ ਅਧਿਐਨਾਂ ਵਿੱਚ ਅੰਕੜੇ ਵੱਖਰੇ ਹਨ।

ਖ਼ੂਨ ਨਾਲ ਰੰਗੀਆਂ ਰੇਲਗੱਡੀਆਂ ਅਤੇ ਕਾਫ਼ਲਿਆਂ ਦੀ ਤ੍ਰਾਸਦੀ

ਵੰਡ ਦੌਰਾਨ ਰੇਲਗੱਡੀਆਂ ਅਤੇ ਪੈਦਲ ਕਾਫ਼ਲੇ ਲੋਕਾਂ ਦੇ ਪਲਾਇਨ ਦਾ ਮੁੱਖ ਸਾਧਨ ਬਣੇ। ਹਜ਼ਾਰਾਂ ਪਰਿਵਾਰ ਆਪਣੇ ਬੱਚਿਆਂ ਅਤੇ ਬਜ਼ੁਰਗਾਂ ਨੂੰ ਲੈ ਕੇ ਸੁਰੱਖਿਅਤ ਥਾਵਾਂ ਵੱਲ ਤੁਰੇ। ਪਰ ਕਈ ਰੇਲਗੱਡੀਆਂ ਅਤੇ ਕਾਫ਼ਲਿਆਂ ਉੱਤੇ ਹਮਲੇ ਹੋਏ। ਕੁਝ ਰੇਲਗੱਡੀਆਂ ਮਾਰੇ ਗਏ ਯਾਤਰੀਆਂ ਦੀਆਂ ਲਾਸ਼ਾਂ ਨਾਲ ਭਰੀਆਂ ਆਪਣੀ ਮੰਜ਼ਿਲ ਉੱਤੇ ਪਹੁੰਚੀਆਂ। ਇਹ ਘਟਨਾਵਾਂ ਵੰਡ ਦੀਆਂ ਸਭ ਤੋਂ ਭਿਆਨਕ ਯਾਦਾਂ ਬਣ ਗਈਆਂ।

ਪੈਦਲ ਚੱਲ ਰਹੇ ਕਾਫ਼ਲਿਆਂ ਨੂੰ ਭੁੱਖ, ਪਿਆਸ, ਬਿਮਾਰੀਆਂ ਅਤੇ ਹਿੰਸਾ ਦਾ ਸਾਹਮਣਾ ਕਰਨਾ ਪਿਆ। ਕਈ ਬੱਚੇ ਆਪਣੇ ਮਾਪਿਆਂ ਤੋਂ ਵਿਛੜ ਗਏ। ਕਈ ਬਜ਼ੁਰਗ ਲੰਮਾ ਸਫ਼ਰ ਪੂਰਾ ਨਾ ਕਰ ਸਕੇ।

ਇਹ ਵੀ ਇਤਿਹਾਸਕ ਸੱਚ ਹੈ ਕਿ ਹਿੰਸਾ ਕਿਸੇ ਇੱਕ ਭਾਈਚਾਰੇ ਤੱਕ ਸੀਮਤ ਨਹੀਂ ਸੀ। ਸਿੱਖ, ਹਿੰਦੂ ਅਤੇ ਮੁਸਲਮਾਨ ਤਿੰਨੇ ਹੀ ਭਾਈਚਾਰੇ ਵੱਖ-ਵੱਖ ਇਲਾਕਿਆਂ ਵਿੱਚ ਹਿੰਸਾ ਦੇ ਸ਼ਿਕਾਰ ਬਣੇ ਅਤੇ ਇਨ੍ਹਾਂ ਭਾਈਚਾਰਿਆਂ ਦੇ ਕੁਝ ਹਥਿਆਰਬੰਦ ਗਰੋਹ ਹਮਲਿਆਂ ਵਿੱਚ ਸ਼ਾਮਲ ਵੀ ਰਹੇ।

ਇਸੇ ਹਨੇਰੇ ਦੌਰ ਵਿੱਚ ਅਜਿਹੇ ਇਨਸਾਨ ਵੀ ਸਨ, ਜਿਨ੍ਹਾਂ ਨੇ ਆਪਣੀ ਜਾਨ ਖ਼ਤਰੇ ਵਿੱਚ ਪਾ ਕੇ ਦੂਜੇ ਧਰਮ ਦੇ ਪਰਿਵਾਰਾਂ ਦੀ ਰੱਖਿਆ ਕੀਤੀ। ਮਨੁੱਖਤਾ ਦੀਆਂ ਇਹ ਮਿਸਾਲਾਂ ਵੰਡ ਦੇ ਇਤਿਹਾਸ ਦਾ ਬਹੁਤ ਮਹੱਤਵਪੂਰਨ ਹਿੱਸਾ ਹਨ।

**ਸਿੱਖ ਔਰਤਾਂ ਦੇ ਦਰਦ ਦੀ ਅਣਕਹੀ ਕਹਾਣੀ**

ਵੰਡ ਦੀ ਹਿੰਸਾ ਦਾ ਸਭ ਤੋਂ ਡੂੰਘਾ ਅਸਰ ਔਰਤਾਂ ਉੱਤੇ ਪਿਆ। ਹਜ਼ਾਰਾਂ ਔਰਤਾਂ ਅਗਵਾ ਹੋਈਆਂ, ਜਿਨਸੀ ਹਿੰਸਾ ਦਾ ਸ਼ਿਕਾਰ ਬਣੀਆਂ ਜਾਂ ਆਪਣੇ ਪਰਿਵਾਰਾਂ ਤੋਂ ਵਿਛੜ ਗਈਆਂ।

ਸਿੱਖ, ਹਿੰਦੂ ਅਤੇ ਮੁਸਲਮਾਨ ਔਰਤਾਂ ਨੇ ਇਸ ਤ੍ਰਾਸਦੀ ਦਾ ਭਾਰੀ ਮੁੱਲ ਚੁਕਾਇਆ। ਕਈ ਥਾਵਾਂ ਉੱਤੇ ਅਖੌਤੀ ਪਰਿਵਾਰਕ ਇੱਜ਼ਤ ਦੇ ਨਾਂ ਉੱਤੇ ਵੀ ਔਰਤਾਂ ਨੂੰ ਹਿੰਸਾ ਦਾ ਸਾਹਮਣਾ ਕਰਨਾ ਪਿਆ।

ਥੋਆ ਖ਼ਾਲਸਾ ਵਰਗੀਆਂ ਘਟਨਾਵਾਂ ਵੰਡ ਦੀ ਇਸ ਦਰਦਨਾਕ ਹਕੀਕਤ ਨਾਲ ਜੁੜੀਆਂ ਹੋਈਆਂ ਹਨ, ਜਿੱਥੇ ਮਾਰਚ 1947 ਦੀ ਹਿੰਸਾ ਦੌਰਾਨ ਕਈ ਸਿੱਖ ਔਰਤਾਂ ਦੀ ਖ਼ੂਹ ਵਿੱਚ ਮੌਤ ਹੋਈ। ਇਤਿਹਾਸਕਾਰਾਂ ਨੇ ਇਨ੍ਹਾਂ ਘਟਨਾਵਾਂ ਨੂੰ ਡਰ, ਜਬਰ ਅਤੇ ਔਰਤਾਂ ਦੀ ਆਪਣੀ ਇੱਛਾ ਉੱਤੇ ਸਮਾਜਿਕ ਦਬਾਅ ਦੇ ਸੰਦਰਭ ਵਿੱਚ ਵੀ ਸਮਝਣ ਦੀ ਲੋੜ ਉੱਤੇ ਜ਼ੋਰ ਦਿੱਤਾ ਹੈ।

ਵੰਡ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਦੀਆਂ ਸਰਕਾਰਾਂ ਨੇ ਅਗਵਾ ਕੀਤੀਆਂ ਔਰਤਾਂ ਦੀ ਭਾਲ ਅਤੇ ਵਾਪਸੀ ਲਈ ਮੁਹਿੰਮਾਂ ਚਲਾਈਆਂ, ਪਰ ਬਹੁਤ ਸਾਰੀਆਂ ਔਰਤਾਂ ਦੀਆਂ ਕਹਾਣੀਆਂ ਕਦੇ ਸਾਹਮਣੇ ਹੀ ਨਹੀਂ ਆ ਸਕੀਆਂ।

ਨਨਕਾਣਾ ਸਾਹਿਬ ਤੇ ਕਰਤਾਰਪੁਰ ਸਮੇਤ ਗੁਰਧਾਮ ਵਿਛੜੇ

ਸਿੱਖਾਂ ਲਈ ਵੰਡ ਦਾ ਇੱਕ ਹੋਰ ਡੂੰਘਾ ਦੁੱਖ ਇਹ ਸੀ ਕਿ ਉਨ੍ਹਾਂ ਦੇ ਅਨੇਕਾਂ ਇਤਿਹਾਸਕ ਗੁਰਧਾਮ ਪਾਕਿਸਤਾਨ ਵਿੱਚ ਰਹਿ ਗਏ।

**ਗੁਰਦੁਆਰਾ ਜਨਮ ਅਸਥਾਨ, ਨਨਕਾਣਾ ਸਾਹਿਬ**

ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜਨਮ ਅਸਥਾਨ, ਜੋ ਸਿੱਖ ਧਰਮ ਦੀਆਂ ਸਭ ਤੋਂ ਪਵਿੱਤਰ ਯਾਦਾਂ ਵਿੱਚੋਂ ਇੱਕ ਹੈ।

ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਕਰਤਾਰਪੁਰ ਉਹ ਪਵਿੱਤਰ ਅਸਥਾਨ ਜਿੱਥੇ ਗੁਰੂ ਨਾਨਕ ਦੇਵ ਜੀ ਨੇ ਆਪਣੇ ਜੀਵਨ ਦੇ ਆਖ਼ਰੀ ਸਾਲ ਬਿਤਾਏ।

ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨਾਲ ਸਬੰਧਤ ਇਤਿਹਾਸਕ ਅਸਥਾਨ।

ਇਸ ਤੋਂ ਇਲਾਵਾ ਗੁਰਦੁਆਰਾ ਪੰਜਾ ਸਾਹਿਬ, ਗੁਰਦੁਆਰਾ ਸੱਚਾ ਸੌਦਾ ਅਤੇ ਅਨੇਕਾਂ ਹੋਰ ਇਤਿਹਾਸਕ ਅਸਥਾਨ ਪਾਕਿਸਤਾਨ ਵਿੱਚ ਰਹਿ ਗਏ।

ਇਨ੍ਹਾਂ ਗੁਰਧਾਮਾਂ ਨਾਲ ਸਿੱਖਾਂ ਦਾ ਰਿਸ਼ਤਾ ਸਿਰਫ਼ ਧਾਰਮਿਕ ਨਹੀਂ, ਸਗੋਂ ਭਾਵਨਾਤਮਕ ਅਤੇ ਇਤਿਹਾਸਕ ਵੀ ਹੈ। ਇਸੇ ਕਾਰਨ ਸਿੱਖਾਂ ਦੀ ਰੋਜ਼ਾਨਾ ਅਰਦਾਸ ਵਿੱਚ ਵਿਛੜੇ ਗੁਰਧਾਮਾਂ ਦੇ ਖੁੱਲ੍ਹੇ ਦਰਸ਼ਨ-ਦੀਦਾਰਿਆਂ ਦੀ ਤਾਂਘ ਅੱਜ ਵੀ ਪ੍ਰਗਟ ਹੁੰਦੀ ਹੈ।

2019 ਵਿੱਚ ਕਰਤਾਰਪੁਰ ਲਾਂਘੇ ਦਾ ਖੁੱਲ੍ਹਣਾ ਇਸ ਇਤਿਹਾਸਕ ਵਿਛੋੜੇ ਨੂੰ ਕੁਝ ਹੱਦ ਤੱਕ ਘਟਾਉਣ ਵਾਲਾ ਮਹੱਤਵਪੂਰਨ ਕਦਮ ਸੀ।

**ਜ਼ਮੀਨਾਂ ਗਈਆਂ, ਪਰ ਮਿਹਨਤ ਨਾਲ ਮੁੜ ਖੜ੍ਹਾ ਕੀਤਾ ਪੰਜਾਬ**

ਪੱਛਮੀ ਪੰਜਾਬ ਤੋਂ ਆਏ ਸਿੱਖ ਪਰਿਵਾਰਾਂ ਨੂੰ ਭਾਰਤੀ ਪੰਜਾਬ ਵਿੱਚ ਨਵੇਂ ਸਿਰੇ ਤੋਂ ਜ਼ਿੰਦਗੀ ਸ਼ੁਰੂ ਕਰਨੀ ਪਈ। ਬਹੁਤ ਸਾਰੇ ਪਰਿਵਾਰਾਂ ਨੂੰ ਆਪਣੀਆਂ ਉਪਜਾਊ ਜ਼ਮੀਨਾਂ, ਪੱਕੇ ਘਰ ਅਤੇ ਚੱਲਦੇ ਕਾਰੋਬਾਰ ਛੱਡਣੇ ਪਏ ਸਨ।

ਸ਼ਰਨਾਰਥੀ ਕੈਂਪਾਂ ਵਿੱਚ ਰਹਿਣ ਤੋਂ ਬਾਅਦ ਉਨ੍ਹਾਂ ਦੇ ਮੁੜ ਵਸੇਬੇ ਲਈ ਜ਼ਮੀਨਾਂ ਅਤੇ ਜਾਇਦਾਦਾਂ ਦੀ ਅਲਾਟਮੈਂਟ ਕੀਤੀ ਗਈ। ਪਰ ਇਹ ਪ੍ਰਕਿਰਿਆ ਆਸਾਨ ਨਹੀਂ ਸੀ। ਕਈ ਪਰਿਵਾਰਾਂ ਨੂੰ ਪਹਿਲਾਂ ਵਾਲੀ ਜਾਇਦਾਦ ਦੇ ਬਰਾਬਰ ਮੁਆਵਜ਼ਾ ਨਹੀਂ ਮਿਲ ਸਕਿਆ।

ਇਸ ਦੇ ਬਾਵਜੂਦ ਉੱਜੜੇ ਸਿੱਖਾਂ ਨੇ ਖੇਤੀਬਾੜੀ, ਵਪਾਰ ਅਤੇ ਉਦਯੋਗ ਦੇ ਖੇਤਰ ਵਿੱਚ ਸਖ਼ਤ ਮਿਹਨਤ ਕਰਕੇ ਆਪਣੀ ਆਰਥਿਕ ਹਾਲਤ ਮੁੜ ਮਜ਼ਬੂਤ ਕੀਤੀ। ਪੰਜਾਬ ਦੇ ਕਈ ਸ਼ਹਿਰਾਂ ਅਤੇ ਪਿੰਡਾਂ ਦੇ ਵਿਕਾਸ ਵਿੱਚ ਇਨ੍ਹਾਂ ਪਰਿਵਾਰਾਂ ਦੀ ਅਹਿਮ ਭੂਮਿਕਾ ਰਹੀ।

ਇਹ ਸਿਰਫ਼ ਆਰਥਿਕ ਮੁੜ ਵਸੇਬੇ ਦੀ ਕਹਾਣੀ ਨਹੀਂ ਸੀ, ਸਗੋਂ ਹੌਸਲੇ, ਮਿਹਨਤ ਅਤੇ ਮੁੜ ਖੜ੍ਹੇ ਹੋਣ ਦੀ ਸਮਰੱਥਾ ਦੀ ਮਿਸਾਲ ਵੀ ਸੀ।

**ਪੰਜਾਬੀ ਸਾਹਿਤ ਵਿੱਚ ਵੰਡ ਦਾ ਦਰਦ**

1947 ਦੀ ਵੰਡ ਨੇ ਪੰਜਾਬੀ ਸਾਹਿਤ ਉੱਤੇ ਵੀ ਡੂੰਘੀ ਛਾਪ ਛੱਡੀ। ਅੰਮ੍ਰਿਤਾ ਪ੍ਰੀਤਮ ਦੀ ਪ੍ਰਸਿੱਧ ਕਵਿਤਾ ਅੱਜ ਆਖਾਂ ਵਾਰਿਸ ਸ਼ਾਹ ਨੂੰ ਪੰਜਾਬ ਦੀਆਂ ਧੀਆਂ ਦੇ ਦਰਦ ਅਤੇ ਸਮੂਹਿਕ ਤ੍ਰਾਸਦੀ ਦੀ ਅਮਰ ਆਵਾਜ਼ ਬਣ ਗਈ।

ਨਾਨਕ ਸਿੰਘ, ਕਰਤਾਰ ਸਿੰਘ ਦੁੱਗਲ ਅਤੇ ਹੋਰ ਲੇਖਕਾਂ ਨੇ ਆਪਣੀਆਂ ਰਚਨਾਵਾਂ ਰਾਹੀਂ ਵੰਡ ਨਾਲ ਪੈਦਾ ਹੋਏ ਉਜਾੜੇ, ਮਨੁੱਖੀ ਰਿਸ਼ਤਿਆਂ ਦੇ ਟੁੱਟਣ ਅਤੇ ਫ਼ਿਰਕੂ ਹਿੰਸਾ ਨੂੰ ਸਾਹਿਤਕ ਰੂਪ ਦਿੱਤਾ।

ਖ਼ੁਸ਼ਵੰਤ ਸਿੰਘ ਦਾ ਨਾਵਲ Train to Pakistan ਵੀ ਪੰਜਾਬ ਦੀ ਵੰਡ ਦੇ ਮਨੁੱਖੀ ਦੁਖਾਂਤ ਨੂੰ ਬਹੁਤ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕਰਦਾ ਹੈ।

ਇਨ੍ਹਾਂ ਸਾਹਿਤਕ ਰਚਨਾਵਾਂ ਦੀ ਮਹੱਤਤਾ ਇਸ ਗੱਲ ਵਿੱਚ ਹੈ ਕਿ ਇਹ ਸਿਰਫ਼ ਹਿੰਸਾ ਦਾ ਵਰਣਨ ਨਹੀਂ ਕਰਦੀਆਂ, ਸਗੋਂ ਇਹ ਵੀ ਦੱਸਦੀਆਂ ਹਨ ਕਿ ਸਿਆਸੀ ਫ਼ੈਸਲਿਆਂ ਦਾ ਸਭ ਤੋਂ ਵੱਡਾ ਮੁੱਲ ਆਮ ਲੋਕਾਂ ਨੂੰ ਚੁਕਾਉਣਾ ਪੈਂਦਾ ਹੈ।

ਵੰਡ ਤੋਂ 79 ਸਾਲ ਬਾਅਦ ਵੀ ਜ਼ਿੰਦਾ ਹਨ ਯਾਦਾਂ

ਅੱਜ 2026 ਵਿੱਚ ਭਾਰਤ-ਪਾਕਿਸਤਾਨ ਵੰਡ ਨੂੰ 79 ਸਾਲ ਹੋ ਚੁੱਕੇ ਹਨ, ਪਰ ਇਸ ਦੀਆਂ ਯਾਦਾਂ ਅਜੇ ਵੀ ਅਨੇਕਾਂ ਪੰਜਾਬੀ ਪਰਿਵਾਰਾਂ ਵਿੱਚ ਜ਼ਿੰਦਾ ਹਨ।

ਬਹੁਤ ਸਾਰੇ ਬਜ਼ੁਰਗ ਆਪਣੇ ਪੁਰਖਿਆਂ ਦੇ ਪਿੰਡਾਂ, ਘਰਾਂ, ਖੇਤਾਂ ਅਤੇ ਗੁਆਂਢੀਆਂ ਦੀਆਂ ਯਾਦਾਂ ਆਪਣੇ ਬੱਚਿਆਂ ਅਤੇ ਪੋਤੇ-ਪੋਤੀਆਂ ਨਾਲ ਸਾਂਝੀਆਂ ਕਰਦੇ ਰਹੇ ਹਨ। ਕਈ ਪਰਿਵਾਰ ਅੱਜ ਵੀ ਪਾਕਿਸਤਾਨ ਵਿੱਚ ਰਹਿ ਗਏ ਆਪਣੇ ਜੱਦੀ ਪਿੰਡਾਂ ਨੂੰ ਦੇਖਣ ਦੀ ਇੱਛਾ ਰੱਖਦੇ ਹਨ।

ਵੰਡ ਨੇ ਸਿੱਖਾਂ ਨੂੰ ਇਹ ਅਹਿਸਾਸ ਕਰਵਾਇਆ ਕਿ ਸਿਆਸੀ ਫ਼ੈਸਲੇ ਸਿਰਫ਼ ਨਕਸ਼ਿਆਂ ਦੀਆਂ ਲਕੀਰਾਂ ਨਹੀਂ ਬਦਲਦੇ, ਸਗੋਂ ਪੀੜ੍ਹੀਆਂ ਦੀਆਂ ਯਾਦਾਂ, ਪਛਾਣ ਅਤੇ ਜੀਵਨ ਨੂੰ ਵੀ ਬਦਲ ਦਿੰਦੇ ਹਨ।

ਇਸ ਇਤਿਹਾਸ ਤੋਂ ਸਭ ਤੋਂ ਵੱਡਾ ਸਬਕ ਇਹ ਮਿਲਦਾ ਹੈ ਕਿ ਧਾਰਮਿਕ ਨਫ਼ਰਤ ਅਤੇ ਫ਼ਿਰਕੂ ਸਿਆਸਤ ਦਾ ਨਤੀਜਾ ਆਖ਼ਰਕਾਰ ਆਮ ਮਨੁੱਖ ਦੀ ਤਬਾਹੀ ਦੇ ਰੂਪ ਵਿੱਚ ਸਾਹਮਣੇ ਆਉਂਦਾ ਹੈ।

1947 ਦੀ ਵੰਡ ਵਿੱਚ ਸਿੱਖਾਂ ਨੇ ਆਪਣੀ ਧਰਤੀ ਦਾ ਇੱਕ ਵੱਡਾ ਹਿੱਸਾ, ਅਨੇਕਾਂ ਪਵਿੱਤਰ ਗੁਰਧਾਮ ਅਤੇ ਹਜ਼ਾਰਾਂ ਪਰਿਵਾਰਕ ਰਿਸ਼ਤੇ ਗੁਆਏ, ਪਰ ਆਪਣੀ ਮਿਹਨਤ, ਸੇਵਾ, ਹਿੰਮਤ ਅਤੇ ਚੜ੍ਹਦੀ ਕਲਾ ਦੀ ਭਾਵਨਾ ਨੂੰ ਜਿਊਂਦਾ ਰੱਖਿਆ।

ਵੰਡ ਦਾ ਇਤਿਹਾਸ ਸਾਨੂੰ ਇਹ ਵੀ ਯਾਦ ਦਿਵਾਉਂਦਾ ਹੈ ਕਿ ਪੰਜਾਬ ਦੀ ਅਸਲ ਤਾਕਤ ਨਫ਼ਰਤ ਵਿੱਚ ਨਹੀਂ, ਸਗੋਂ ਸਾਂਝੀ ਵਿਰਾਸਤ, ਮਨੁੱਖਤਾ ਅਤੇ ਭਾਈਚਾਰੇ ਵਿੱਚ ਹੈ। ਸਰਹੱਦਾਂ ਨੇ ਪੰਜਾਬ ਦੀ ਧਰਤੀ ਨੂੰ ਦੋ ਹਿੱਸਿਆਂ ਵਿੱਚ ਵੰਡ ਦਿੱਤਾ, ਪਰ ਪੰਜਾਬੀ ਬੋਲੀ, ਸੱਭਿਆਚਾਰ ਅਤੇ ਸਾਂਝੀਆਂ ਯਾਦਾਂ ਨੂੰ ਪੂਰੀ ਤਰ੍ਹਾਂ ਵੱਖ ਨਹੀਂ ਕੀਤਾ ਜਾ ਸਕਿਆ। ਇਸੇ ਲਈ 1947 ਦਾ ਦਰਦ ਸਿਰਫ਼ ਬੀਤੇ ਸਮੇਂ ਦੀ ਕਹਾਣੀ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਅਮਨ, ਸਹਿਣਸ਼ੀਲਤਾ ਅਤੇ ਮਨੁੱਖੀ ਏਕਤਾ ਦਾ ਸਦੀਵੀ ਸਬਕ ਹੈ।

## ਸੰਪਾਦਕੀ

# ਹਸਪਤਾਲਾਂ ’ਚ ਸਿਹਤ ਸੇਵਾ ਖ਼ਰਚੇ ਪ੍ਰਮੁੱਖਤਾ ਨਾਲ ਦਰਸਾਏ ਜਾਣ

ਕੇਂਦਰ ਸਰਕਾਰ ਨੇ ਸਮੂਹ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਇਹ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਹੈ ਕਿ ਹਸਪਤਾਲਾਂ ’ਚ ਸਿਹਤ ਸੇਵਾ ਖ਼ਰਚੇ ਪ੍ਰਮੁੱਖਤਾ ਨਾਲ ਦਰਸਾਏ ਜਾਣ। ਇਹ ਵਧੇਰੇ ਪਾਰਦਰਸ਼ੀ ਅਤੇ ਮਰੀਜ਼ ਪੱਖੀ ਪ੍ਰਣਾਲੀ ਕਾਇਮ ਕਰਨ ਦੀ ਦਿਸ਼ਾ ’ਚ ਪੁੱਟਿਆ ਗਿਆ ਇੱਕ ਸਵਾਗਤਯੋਗ ਕਦਮ ਹੈ। ਉਂਜ, ਡਾਕਟਰੀ ਇਲਾਜ ਕਰਵਾਉਣ ਵਾਲੇ ਮਰੀਜ਼ਾਂ ਨੂੰ ਅਕਸਰ ਖ਼ਰਚਿਆਂ ਬਾਰੇ ਸਹੀ ਜਾਣਕਾਰੀ ਨਹੀਂ ਹੁੰਦੀ। ਖ਼ੈਰ, ਡਾਕਟਰੀ ਫੀਸ, ਡਾਇਗਨੌਸਟਿਕ ਟੈਸਟਾਂ, ਕਾਰਜ ਪ੍ਰਣਾਲੀ ਅਤੇ ਹਸਪਤਾਲ ਦੀਆਂ ਸਹੂਲਤਾਂ ਸਬੰਧੀ ਸਪੱਸ਼ਟ ਜਾਣਕਾਰੀ ਮਿਲਣ ਨਾਲ ਮਰੀਜ਼ ਸੋਚ-ਸਮਝ ਕੇ ਫ਼ੈਸਲਾ ਲੈ ਸਕਣਗੇ ਅਤੇ ਅਚਾਨਕ ਪੈਣ ਵਾਲੇ ਵਿੱਤੀ ਬੋਝ ਤੋਂ ਬਚ ਸਕਣਗੇ। ਕੇਂਦਰੀ ਸਿਹਤ ਮੰਤਰਾਲੇ ਨੇ ਸੂਬਿਆਂ ਦੇ ਮੁੱਖ ਸਕੱਤਰਾਂ ਨੂੰ ਲਾਗੂ ਨਿਯਮਾਂ ਦੀ ਪਾਲਣਾ ਸਬੰਧੀ ਸਮੀਖਿਆ ਕਰਨ ਦੀ ਅਪੀਲ ਕੀਤੀ ਹੈ।

ਕਲੀਨਿਕਲ ਅਸਟੈਬਲਿਸ਼ਮੈਂਟ (ਰਜਿਸਟ੍ਰੇਸ਼ਨ ਅਤੇ ਰੈਗੂਲੇਸ਼ਨ) ਐਕਟ 2010 ਅਤੇ ਕਲੀਨਿਕਲ ਅਸਟੈਬਲਿਸ਼ਮੈਂਟ (ਕੇਂਦਰ ਸਰਕਾਰ) ਨਿਯਮ 2012 ਤਹਿਤ ਹਸਪਤਾਲਾਂ ਅਤੇ ਹੋਰ ਸਿਹਤ ਕੇਂਦਰਾਂ ਨੂੰ ਸੇਵਾ ਦਰਾਂ ਤੇ ਸਹੂਲਤੀ ਖ਼ਰਚਿਆਂ ਨੂੰ ਅੰਗਰੇਜ਼ੀ ਅਤੇ ਸਬੰਧਿਤ ਸੂਬੇ ਦੀ ਭਾਸ਼ਾ ’ਚ ਸੰਸਥਾ ਦੀਆਂ ਪ੍ਰਮੁੱਖ ਥਾਵਾਂ ’ਤੇ ਲਿਖ ਕੇ ਚਿਪਕਾਉਣਾ ਜ਼ਰੂਰੀ ਹੈ। ਕੁਝ ਰਾਜਾਂ ਅਤੇ ਨਿੱਜੀ ਹਸਪਤਾਲਾਂ ਦੇ ਮਾਲਕਾਂ ਦਾ ਤਰਕ ਹੈ ਕਿ ਮਿਆਰੀ ਕੀਮਤ ਸੇਵਾਵਾਂ ਦੀ ਗੁਣਵੱਤਾ ਨਾਲ ਸਮਝੌਤਾ, ਵਿੱਤੀ ਹਾਲਤ ਕਮਜ਼ੋਰ ਅਤੇ ਸੰਚਾਲਨ ਖ਼ਰਚਿਆਂ, ਬੁਨਿਆਦੀ ਢਾਂਚੇ ਤੇ ਡਾਕਟਰੀ ਮੁਹਾਰਤ ’ਚ ਫ਼ਰਕ ਨੂੰ ਨਜ਼ਰਅੰਦਾਜ਼ ਕਰ ਸਕਦੀ ਹੈ। ਇਨ੍ਹਾਂ ਫ਼ਿਕਰਾਂ ’ਤੇ ਵਿਚਾਰ ਕਰਨਾ ਚਾਹੀਦਾ ਹੈ, ਪਰ ਇਨ੍ਹਾਂ ਨੂੰ ਜ਼ਰੂਰੀ ਜਾਣਕਾਰੀ ਲੁਕਾਉਣ ਦਾ ਬਹਾਨਾ ਨਹੀਂ ਬਣਾਉਣਾ ਚਾਹੀਦਾ ਹੈ।

ਮਿਆਰੀ ਸਹੂਲਤਾਂ ਨਾਲ ਲੈਸ ਕਿਸੇ ਪ੍ਰਾਈਵੇਟ ਹਸਪਤਾਲ ਅਤੇ ਕਿਸੇ ਸਰਕਾਰੀ ਹਸਪਤਾਲ ਦੇ ਖ਼ਰਚੇ ਦੇ ਢਾਂਚੇ ਵਿੱਚ ਕਾਨੂੰਨੀ ਤੌਰ ’ਤੇ ਫ਼ਰਕ ਹੋ ਸਕਦਾ ਹੈ। ਫਿਰ ਵੀ ਮਰੀਜ਼ਾਂ ਨੂੰ ਇਲਾਜ ਲਈ ਸਹਿਮਤੀ ਦੇਣ ਤੋਂ ਪਹਿਲਾਂ ਇਹ ਪਤਾ ਹੋਣਾ ਚਾਹੀਦਾ ਹੈ ਕਿ ਉਨ੍ਹਾਂ ਨੂੰ ਕਿੰਨਾ ਭੁਗਤਾਨ ਕਰਨਾ ਪਵੇਗਾ। ਕੇਂਦਰ ਸਰਕਾਰ ਵੱਲੋਂ ਮੈਡੀਕਲ ਜਾਂ ਆਯੂਸ਼ ਵੀਜ਼ਾ ’ਤੇ ਯਾਤਰਾ ਕਰਨ ਵਾਲੇ ਮਰੀਜ਼ਾਂ ਲਈ ਪੈਕੇਜ ਦਰਾਂ ’ਤੇ ਜ਼ੋਰ ਦੇਣਾ ਵੀ ਮਹੱਤਵਪੂਰਨ ਹੈ। ਪਾਰਦਰਸ਼ੀ ਕੀਮਤ ਦੱਸ ਕੇ ਵਿਵਾਦਾਂ ਨੂੰ ਘਟਾਇਆ ਜਾ ਸਕਦਾ ਹੈ ਅਤੇ ਮੈਡੀਕਲ ਟੂਰਿਜ਼ਮ ਲਈ ਭਾਰਤ ਦੀ ਭਰੋਸੇਯੋਗਤਾ ਵਧ ਸਕਦੀ ਹੈ।

ਹੁਣ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਨਿਯਮਿਤ ਸਮੀਖਿਆ ਕਰਨ, ਪਹੁੰਚਯੋਗ ਸ਼ਿਕਾਇਤ ਵਿਧੀ ਅਪਣਾਉਣ ਅਤੇ ਨਿਯਮਾਂ ਦਾ ਪਾਲਣ ਨਾ ਕਰਨ ਵਾਲਿਆਂ ਖ਼ਿਲਾਫ਼ ਢੁਕਵੀਂ ਕਾਰਵਾਈ ਦੇ ਇਨ੍ਹਾਂ ਹੁਕਮਾਂ ਨੂੰ ਅਮਲ ਲਿਆਉਣਾ ਚਾਹੀਦਾ ਹੈ। ਦੂਜੇ ਪਾਸੇ ਇਲਾਜ ਵਿੱਚ ਦੇਰੀ, ਗ਼ਲਤ ਜਾਣਕਾਰੀ ਅਤੇ ਵਿੱਤੀ ਅਨਿਸ਼ਚਿਤਤਾ ਮਰੀਜ਼ਾਂ ਦੀ ਪ੍ਰੇਸ਼ਾਨੀ ਵਧਾ ਸਕਦੀ ਹੈ। ਉਨ੍ਹਾਂ ਦੀ ਨਾ ਸਿਰਫ਼ ਇਲਾਜ ਤੱਕ ਪਹੁੰਚ ਹੋਣੀ ਚਾਹੀਦੀ ਹੈ ਸਗੋਂ ਉਹ ਖ਼ਰਚਿਆਂ ਬਾਰੇ ਭਰੋਸੇਯੋਗ ਅਤੇ ਸਪੱਸ਼ਟ ਜਾਣਕਾਰੀ ਦੇ ਵੀ ਹੱਕਦਾਰ ਹਨ।

# ਭੁਚਾਲ, ਹੜ੍ਹਾਂ ਅਤੇ ਹੋਰ ਕੁਦਰਤੀ ਆਫ਼ਤਾਂ ਦੌਰਾਨ ਕੀਤੇ ਜਾਣ ਵਾਲੇ ਕੰਮਾਂ ਬਾਰੇ ਵਿਦਿਆਰਥਆਂ ਨੂੰ ਕੀਤਾ ਜਾਗਰੂਕ



**ਬਠਿੰਡਾ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੇਰਾ ਯੁਵਾ ਭਾਰਤ, ਬਠਿੰਡਾ, ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਨਥਾਣਾ ਵਿਖੇ ਅੰਤਰਰਾਸ਼ਟਰੀ ਆਫ਼ਤ ਜੋਖਮ ਘਟਾਓ ਦਿਹਾੜਾ ਮਨਾਇਆ ਗਿਆ।

ਜ਼ਿਲ੍ਹਾ ਯੁਵਾ ਅਧਿਕਾਰੀ ਸ਼੍ਰੀਮਤੀ ਮਿਸ਼ਾ ਨੇ ਦੱਸਿਆ ਕਿ ਇਹ ਦਿਹਾੜਾ ਹਰ ਸਾਲ 13 ਅਕਤੂਬਰ ਨੂੰ ਮਨਾਇਆ ਜਾਂਦਾ ਹੈ ਜਿਸ ਦਾ ਮੁੱਖ ਮੰਤਵ ਲੋਕਾਂ ਨੂੰ ਕੁਦਰਤੀ ਅਤੇ ਮਨੁੱਖੀ ਗਤੀਵਿਧੀਆਂ ਕਾਰਨ ਪੈਦਾ ਹੋਣ ਵਾਲੀਆਂ ਆਫ਼ਤਾਂ ਦੇ ਜੋਖਮਾਂ ਪ੍ਰਤੀ ਜਾਗਰੂਕ ਕਰਨਾ ਅਤੇ ਜਾਨੀ-ਮਾਲੀ ਨੁਕਸਾਨ ਨੂੰ ਘਟਾਉਣ ਲਈ ਲੋੜੀਂਦੇ ਉਪਰਾਲਿਆਂ ਬਾਰੇ ਜਾਣਕਾਰੀ ਦੇਣਾ ਹੈ।

ਸਕੂਲ ਦੇ ਸਮਾਜਿਕ ਸਿੱਖਿਆ ਦੇ ਅਧਿਆਪਕ ਸ਼੍ਰੀ ਹਰਮਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਭੁਚਾਲ, ਹੜ੍ਹਾਂ ਅਤੇ ਹੋਰ ਕੁਦਰਤੀ ਆਫ਼ਤਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਫ਼ਤ ਦੇ ਸਮੇਂ ਸੁਰੱਖਿਆ ਉਪਾਅ ਅਪਣਾਉਣ, ਸਾਵਧਾਨੀਆਂ ਵਰਤਣ ਅਤੇ ਆਫ਼ਤਾਂ ਦੇ ਜੋਖਮ ਨੂੰ ਘਟਾਉਣ ਦੇ ਤਰੀਕਿਆਂ ਬਾਰੇ ਜਾਗਰੂਕ ਕੀਤਾ।

ਪ੍ਰੋਗਰਾਮ ਦੌਰਾਨ ਲਗਭਗ 100 ਵਿਦਿਆਰਥੀਆਂ ਲਈ ਲੇਖ ਲਿਖਣ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫ਼ੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੇਰਾ ਯੁਵਾ ਭਾਰਤ, ਬਠਿੰਡਾ ਵੱਲੋਂ ਮੈਡਮ ਰਿਚਾ ਗੁਪਤਾ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਮੇਰਾ ਯੁਵਾ ਭਾਰਤ, ਬਠਿੰਡਾ ਦੇ ਯੁਵਾ ਵਲੰਟੀਅਰ ਹਰਵਿੰਦਰ ਸਿੰਘ, ਮਨਦੀਪ ਕੌਰ ਅਤੇ ਸਕੂਲ ਦਾ ਸਮੂਹ ਸਟਾਫ਼, ਵਿਦਿਆਰਥੀ ਆਦਿ ਹਾਜ਼ਰ ਸਨ।

# ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਕਿਸਾਨ ਮੇਲਾ ਕਰਵਾਇਆ, ਪਰਾਲੀ ਪ੍ਰਬੰਧਨ ਤੇ ਦਿੱਤਾ ਗਿਆ ਜ਼ੋਰ



**ਅਬੋਹਰ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕ੍ਰਿਸ਼ੀ ਵਿਗਿਆਨ ਕੇਂਦਰ ਫਾਜ਼ਿਲਕਾ ਵੱਲੋਂ ICAR-CIPHET (ਕੇਂਦਰੀ ਫਸਲ-ਉਪਰੰਤ ਇੰਜੀਨੀਅਰਿੰਗ ਅਤੇ ਤਕਨਾਲੋਜੀ ਸੰਸਥਾਨ) ਅਬੋਹਰ ਦੇ ਖੇਤਰੀ ਕੇਂਦਰ ਦੇ ਸਹਿਯੋਗ ਨਾਲ ਇੱਕ ਵਿਸ਼ਾਲ ਕਿਸਾਨ ਮੇਲਾ ਕਰਵਾਇਆ ਗਿਆ। ਇਸ ਸਮਾਗਮ ਵਿੱਚ 1,500 ਤੋਂ ਵੱਧ ਕਿਸਾਨਾਂ ਨੇ ਬਹੁਤ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੇਲੇ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ, ਕੁਦਰਤੀ ਖੇਤੀ, ਖਾਦਾਂ ਦੀ ਸੰਤੁਲਿਤ ਅਤੇ ਸਹੀ ਵਰਤੋਂ, ਖੁਰਾਕ ਪ੍ਰੋਸੈਸਿੰਗ ਅਤੇ ਆਧੁਨਿਕ ਖੇਤੀ ਤਕਨੀਕਾਂ ਬਾਰੇ ਜਾਗਰੂਕ ਕਰਨਾ ਸੀ, ਅਤੇ ਨਾਲ ਹੀ ਟਿਕਾਊ ਖੇਤੀ ਅਭਿਆਸਾਂ ਨੂੰ ਉਤਸ਼ਾਹਿਤ ਕਰਨਾ ਸੀ।

ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ICAR-ATARI, ਲੁਧਿਆਣਾ ਦੇ ਡਾਇਰੈਕਟਰ ਡਾ. ਪਰਵਿੰਦਰ ਸ਼ਿਓਰਾਨ ਸ਼ਾਮਲ ਹੋਏ। ਹੋਰ ਵਿਸ਼ੇਸ਼ ਮਹਿਮਾਨਾਂ ਵਿੱਚ ਡਾ. ਰਾਜੇਸ਼ ਕੁਮਾਰ ਵਿਸ਼ਵਕਰਮਾ, ਡਾ. ਅਮਿਤ ਨਾਥ, ਡਾ. ਅਨਿਲ ਸਾਂਗਵਾਨ, ਡਾ. ਜੇ.ਕੇ. ਅਰੋੜਾ, ਡਾ. ਅਰਵਿੰਦ ਕੁਮਾਰ ਅਹਲਾਵਤ ਅਤੇ ਡਾ. ਮਨਦੀਪ ਸਿੰਘ ਸ਼ਾਮਲ ਸਨ। ਇਸ ਤੋਂ ਇਲਾਵਾ, ਸ੍ਰੀ ਕੁਲਦੀਪ ਸਿੰਘ ਸ਼ੇਰਗਿੱਲ (ਮਰਖਾਈ), ਸ੍ਰੀ ਕੁਲਵੰਤ ਸਿੰਘ ਅਤੇ ਸ੍ਰੀ ਸੁਬਰਤ ਸਿੰਘ ਬਲੋਟ (ਆਈ.ਏ.ਐਸ) ਨੇ ਵੀ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਇਸ ਮੇਲੇ ਵਿੱਚ 60 ਤੋਂ ਵੱਧ ਪ੍ਰਦਰਸ਼ਨੀ ਸਟਾਲ ਲਗਾਏ ਗਏ ਸਨ, ਜਿਨ੍ਹਾਂ ਵਿੱਚ ਉੱਨਤ ਬੀਜ, ਖੇਤੀ ਸਮੱਗਰੀ, ਸਵੈ-ਸਹਾਇਤਾ ਸਮੂਹਾਂ (SHGs) ਦੇ ਉਤਪਾਦ, ਆਧੁਨਿਕ ਖੇਤੀ ਮਸ਼ੀਨਰੀ, ਖੇਤੀ ਤਕਨਾਲੋਜੀਆਂ ਅਤੇ ਖੁਰਾਕ ਪ੍ਰੋਸੈਸਿੰਗ ਨਾਲ ਸਬੰਧਤ ਗਤੀਵਿਧੀਆਂ ਪ੍ਰਦਰਸ਼ਿਤ ਕੀਤੀਆਂ ਗਈਆਂ। ਇਨ੍ਹਾਂ ਸਟਾਲਾਂ ਨੇ ਕਿਸਾਨਾਂ ਨੂੰ ਨਵੀਆਂ ਤਕਨੀਕਾਂ, ਖੇਤੀ-ਉੱਦਮਤਾ ਅਤੇ ਆਮਦਨ ਦੇ ਬਦਲਵੇਂ ਸਰੋਤਾਂ ਬਾਰੇ ਜਾਣਨ ਦਾ ਮੌਕਾ ਪ੍ਰਦਾਨ ਕੀਤਾ।

ਸਮਾਗਮ ਦੌਰਾਨ ਫਸਲਾਂ ਦੀ ਰਹਿੰਦ-ਖੂੰਹਦ (ਪਰਾਲੀ) ਦੇ ਪ੍ਰਬੰਧਨ ’ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਸਾੜਨ ਦੀ ਬਜਾਏ ਖੇਤਾਂ ਵਿੱਚ ਹੀ ਇਸਦਾ ਪ੍ਰਬੰਧਨ ਕਰਨ ਲਈ ਉਤਸ਼ਾਹਿਤ ਕੀਤਾ ਗਿਆ। ਉਨ੍ਹਾਂ ਨੂੰ ‘ਸੁਪਰ ਸੀਡਰ’, ‘ਹੈਪੀ ਸੀਡਰ’, ‘ਸਮਾਰਟ ਸੀਡਰ’, ‘ਸਰਫੇਸ ਸੀਡਰ’ ਅਤੇ ਹੋਰ ਅਜਿਹੀਆਂ ਖੇਤੀ ਮਸ਼ੀਨਾਂ ਦੀ ਵਰਤੋਂ ਕਰਕੇ ਫਸਲਾਂ ਦੀ ਰਹਿੰਦ-ਖੂੰਹਦ ਦਾ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਬੰਧਨ ਕਰਨ ਦੀ ਅਪੀਲ ਕੀਤੀ ਗਈ। ਮਾਹਿਰਾਂ ਨੇ ਦੱਸਿਆ ਕਿ ਫਸਲਾਂ ਦੀ ਰਹਿੰਦ-ਖੂੰਹਦ (ਪਰਾਲੀ) ਦਾ ਸਹੀ ਪ੍ਰਬੰਧਨ ਮਿੱਟੀ ਦੀ ਗੁਣਵੱਤਾ ਬਣਾਈ ਰੱਖਣ, ਵਾਤਾਵਰਣ ਪ੍ਰਦੂਸ਼ਣ ਨੂੰ ਘਟਾਉਣ ਅਤੇ ਮਿੱਟੀ ਵਿੱਚ ਜੈਵਿਕ ਪਦਾਰਥਾਂ ਦੀ ਮਾਤਰਾ ਵਧਾਉਣ ਵਿੱਚ ਮਦਦ ਕਰਦਾ ਹੈ। ਇਸ ਤੋਂ ਇਲਾਵਾ ਕੁਦਰਤੀ ਖੇਤੀ ਨੂੰ ਉਤਸ਼ਾਹਿਤ ਕਰਨ ਲਈ, ਰਸਾਇਣਕ ਨਿਵੇਸ਼ਾਂ ’ਤੇ ਨਿਰਭਰਤਾ ਘਟਾਉਣ, ਜੈਵਿਕ ਸਰੋਤਾਂ ਦੀ ਵਰਤੋਂ ਕਰਨ ਅਤੇ ਮਿੱਟੀ ਦੀ ਸਿਹਤ ਨੂੰ ਸੁਰੱਖਿਅਤ ਰੱਖਣ ’ਤੇ ਵਿਚਾਰ-ਵਟਾਂਦਰੇ ਕੀਤੇ ਗਏ। ਕਿਸਾਨਾਂ ਨੂੰ ਮਿੱਟੀ ਪਰਖ ਦੇ ਨਤੀਜਿਆਂ ਦੇ ਆਧਾਰ ’ਤੇ ਸੰਤੁਲਿਤ ਅਤੇ ਸਮਝਦਾਰੀ ਨਾਲ ਖਾਦਾਂ ਦੀ ਵਰਤੋਂ ਕਰਨ ਲਈ ਉਤਸ਼ਾਹਿਤ ਕੀਤਾ ਗਿਆ - ਤਾਂ ਜੋ ਬੇਲੋੜੀ ਖਾਦ ਦੀ ਖਪਤ ਨੂੰ ਘੱਟ ਕੀਤਾ ਜਾ ਸਕੇ, ਨਾਲ ਹੀ ਪਾਣੀ ਅਤੇ ਪੌਸ਼ਟਿਕ ਤੱਤਾਂ ਦੇ ਕੁਸ਼ਲ ਪ੍ਰਬੰਧਨ ’ਤੇ ਵੀ ਜ਼ੋਰ ਦਿੱਤਾ ਜਾ ਸਕੇ।ਇਸ ਮੇਲੇ ਦੌਰਾਨ ਕਿਸਾਨਾਂ ਅਤੇ ਸਵੈ-ਸਹਾਇਤਾ ਸਮੂਹਾਂ (SHGs) ਨੂੰ ਖੇਤੀਬਾੜੀ ਉਪਜਾਂ ਦੀ ਪ੍ਰੋਸੈਸਿੰਗ, ਗੁਣਵੱਤਾ ਵਿੱਚ ਸੁਧਾਰ, ਉਤਪਾਦਾਂ ਦੀ ਵਿਭਿੰਨਤਾ ਅਤੇ ਖੇਤੀਬਾੜੀ-ਅਧਾਰਤ ਉੱਦਮ ਸਥਾਪਤ ਕਰਨ ਦੇ ਮੌਕਿਆਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਨੇ ਕਿਸਾਨਾਂ ਲਈ ਰੁਜ਼ਗਾਰ ਪੈਦਾ ਕਰਨ ਅਤੇ ਵਾਧੂ ਆਮਦਨ ਪੈਦਾ ਕਰਨ ਦੀ ਸੰਭਾਵਨਾ ਨੂੰ ਉਜਾਗਰ ਕੀਤਾ, ਖਾਸ ਕਰਕੇ ਔਰਤਾਂ ਦੀ ਅਗਵਾਈ ਵਾਲੇ ਸਵੈ-ਸਹਾਇਤਾ ਸਮੂਹਾਂ ਲਈ।

ਇਸ ਕਿਸਾਨ ਮੇਲੇ ਨੇ ਕਿਸਾਨਾਂ, ਵਿਗਿਆਨੀਆਂ, ਖੇਤੀਬਾੜੀ ਉੱਦਮੀਆਂ ਅਤੇ ਸਵੈ-ਸਹਾਇਤਾ ਸਮੂਹਾਂ ਲਈ ਇੱਕ ਸਾਂਝਾ ਪਲੇਟਫਾਰਮ ਪ੍ਰਦਾਨ ਕੀਤਾ। ਇਸ ਸਮਾਗਮ ਨੇ ਵਿਗਿਆਨਕ ਖੇਤੀਬਾੜੀ ਤਕਨੀਕਾਂ, ਵਾਤਾਵਰਣ ਸੰਭਾਲ, ਕੁਦਰਤੀ ਸਰੋਤਾਂ ਦੀ ਟਿਕਾਊ ਵਰਤੋਂ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਲਈ ਕੰਮ ਕੀਤਾ। ਇਹ ਟਿਕਾਊ ਖੇਤੀਬਾੜੀ, ਇੱਕ ਸਾਫ਼ ਵਾਤਾਵਰਣ ਅਤੇ ਖੁਸ਼ਹਾਲ ਕਿਸਾਨਾਂ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਮਹੱਤਵਪੂਰਨ ਪਹਿਲਕਦਮੀ ਸਾਬਤ ਹੋਈ।

# ਬਠਿੰਡਾ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਜ਼ੋਰਾਂ ’ਤੇ, ਹੁਣ ਤੱਕ 16,474 ਮੀਟ੍ਰਿਕ ਟਨ ਦੀ ਖਰੀਦ

**ਬਠਿੰਡਾ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ ਝੋਨੇ ਦੀ ਖਰੀਦ ਦਾ ਕੰਮ ਪੂਰੇ ਜ਼ੋਰਾਂ ’ਤੇ ਹੈ।



ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ 15 ਅਕਤੂਬਰ ਸ਼ਾਮ ਤੱਕ ਜ਼ਿਲੇ ਵਿੱਚ 2,609 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ, ਜਿਸ ਨਾਲ ਹੁਣ ਤੱਕ ਕੁੱਲ ਆਮਦ 25,698 ਮੀਟ੍ਰਿਕ ਟਨ ਹੋ ਗਈ ਹੈ। ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 2,233 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ, ਜਦਕਿ ਹੁਣ ਤੱਕ ਕੁੱਲ ਖਰੀਦ 16,474 ਮੀਟ੍ਰਿਕ ਟਨ ਦਰਜ ਕੀਤੀ ਗਈ ਹੈ। ਸਰਕਾਰੀ ਖਰੀਦ ਕੀਤੇ ਝੋਨੇ ਦੀ ਅੱਜ 1,279.39 ਮੀਟ੍ਰਿਕ ਟਨ ਲਿਫਟਿੰਗ ਹੋਈ ਅਤੇ ਹੁਣ ਤੱਕ ਕੁੱਲ 6,964.31 ਮੀਟ੍ਰਿਕ ਟਨ ਝੋਨੇ ਦੀ ਲਿਫਟਿੰਗ ਹੋ ਚੁੱਕੀ ਹੈ। ਲਿਫਟਿੰਗ ਦੀ ਪ੍ਰਗਤੀ 94 ਫ਼ੀਸਦੀ ਦਰਜ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਖਰੀਦ ਕੀਤੀ ਜਾ ਰਹੀ ਝੋਨੇ ਦੀ ਅਦਾਇਗੀ ਕਿਸਾਨਾਂ ਨੂੰ ਨਾਲੋ-ਨਾਲ ਹੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ 100 ਫੀਸਦੀ ਅਦਾਇਗੀ ਕਿਸਾਨਾਂ ਨੂੰ ਕੀਤੀ ਜਾ ਚੁੱਕੀ ਹੈ।

# ਬਾਲਾਂ, ਬਜ਼ੁਰਗਾਂ, ਮਹਿਲਾਵਾਂ ਅਤੇ ਦਿਵਿਆਂਗਜਨਾਂ ਦੀ ਭਲਾਈ ਸਬੰਧੀ ਸੰਸਥਾਵਾਂ 20 ਤੱਕ ਕਰਵਾਉਣ ਆਨਲਾਈਨ ਰਜਿਸਟ੍ਰੇਸ਼ਨ : ਡੀ.ਸੀ



**ਤਰਨ ਤਾਰਨ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਰਾਹੀਂ ਚਲਾਏ ਜਾ ਰਹੇ ਪੰਜਾਬ ਐਨ.ਜੀ.ਓ ਡਿਜੀਟਾਈਜ਼ੇਸ਼ਨ ਮਿਸ਼ਨ ਤਹਿਤ ਵਿਦਿਆਰਥੀਆਂ ਨੂੰ ਸਮਾਜਿਕ ਇੰਟਰਨਸ਼ਿਪ ਅਤੇ ਵਲੰਟੀਅਰਿੰਗ ਨਾਲ ਜੋੜਨ ਲਈ ਬਾਲ ਭਲਾਈ, ਬਜ਼ੁਰਗਾਂ ਦੀ ਭਲਾਈ, ਮਹਿਲਾ ਭਲਾਈ ਅਤੇ ਦਿਵਿਆਂਗਜਨਾਂ ਦੀ ਭਲਾਈ ਲਈ ਕੰਮ ਕਰ ਰਹੀਆਂ ਇੱਛੁਕ ਗੈਰ-ਸਰਕਾਰੀ ਸੰਸਥਾਵਾਂ (ਐਨ.ਜੀ.ਓਜ਼) ਨੂੰ 21 ਅਕਤੂਬਰ, 2026 ਤੱਕ ਆਪਣੀ ਆਨਲਾਈਨ ਰਜਿਸਟ੍ਰੇਸ਼ਨ ਕਰਵਾਉਣ ਦੀ ਅਪੀਲ ਕੀਤੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਨੇ ਦੱਸਿਆ ਕਿ ਯੋਗ ਸੰਸਥਾਵਾਂ ਆਪਣੀ ਰਜਿਸਟ੍ਰੇਸ਼ਨ ਲਈ ਵੈੱਬਸਾਈਟ www.cityneeds.info ’ਤੇ ਜਾ ਸਕਦੀਆਂ ਹਨ। ਇਸ ਤੋਂ ਇਲਾਵਾ, ਸੰਸਥਾਵਾਂ ਸਿੱਧੇ ਰਜਿਸਟ੍ਰੇਸ਼ਨ ਫਾਰਮ https://tinyurl.com/RegisterPNDM ਰਾਹੀਂ ਵੀ ਆਪਣੀ ਅਰਜ਼ੀ ਜਮ੍ਹਾ ਕਰਵਾ ਸਕਦੀਆਂ ਹਨ। ਰਜਿਸਟ੍ਰੇਸ਼ਨ ਪ੍ਰਕਿਰਿਆ ਦੌਰਾਨ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਆਉਣ ’ਤੇ ਸੰਸਥਾਵਾਂ ਮੋਬਾਈਲ ਨੰਬਰ 78372-28892 ’ਤੇ ਸੰਪਰਕ ਕਰ ਸਕਦੀਆਂ ਹਨ।

ਉਨ੍ਹਾਂ ਦੱਸਿਆ ਕਿ ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਸਮਾਜਿਕ ਜ਼ਿੰਮੇਵਾਰੀ ਅਤੇ ਸੇਵਾ ਭਾਵਨਾ ਨੂੰ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਨੂੰ ਸਮਾਜ ਭਲਾਈ ਦੇ ਕਾਰਜਾਂ ਨਾਲ ਜੋੜਨਾ ਹੈ।

ਇਸ ਮਿਸ਼ਨ ਰਾਹੀਂ ਵਿਦਿਆਰਥੀਆਂ ਨੂੰ ਬਾਲ ਭਲਾਈ, ਬਜ਼ੁਰਗਾਂ ਦੀ ਦੇਖਭਾਲ, ਮਹਿਲਾ ਸਸ਼ਕਤੀਕਰਨ ਅਤੇ ਦਿਵਿਆਂਗਜਨਾਂ ਦੀ ਭਲਾਈ ਦੇ ਖੇਤਰਾਂ ਵਿੱਚ ਕੰਮ ਕਰਨ ਵਾਲੀਆਂ ਸੰਸਥਾਵਾਂ ਨਾਲ ਜੋੜ ਕੇ ਸਮਾਜਿਕ ਇੰਟਰਨਸ਼ਿਪ ਅਤੇ ਵਲੰਟੀਅਰਿੰਗ ਦੇ ਮੌਕੇ ਪ੍ਰਦਾਨ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ।

ਇਸ ਦੇ ਨਾਲ ਹੀ ਡਿਜੀਟਲ ਮੰਚ ਰਾਹੀਂ ਸਮਾਜ ਭਲਾਈ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਸੰਸਥਾਵਾਂ ਦੀ ਜਾਣਕਾਰੀ ਨੂੰ ਡਿਜੀਟਲ ਰੂਪ ਵਿੱਚ ਉਪਲਬੱਧ ਕਰਵਾਉਣਾ, ਉਨ੍ਹਾਂ ਦੀ ਸਮਰੱਥਾ ਵਧਾਉਣਾ ਅਤੇ ਉਨ੍ਹਾਂ ਦੇ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਵਿੱਚ ਸਹਿਯੋਗ ਦੇਣਾ ਵੀ ਇਸ ਮਿਸ਼ਨ ਦਾ ਅਹਿਮ ਉਦੇਸ਼ ਹੈ।

# ਫ਼ੌਜ ਵਿੱਚ ਭਰਤੀ ਹੋਣ ਲਈ ਪ੍ਰੀ-ਰਿਕਰੂਟਮੈਂਟ ਕੋਰਸ 19 ਤੋਂ

**ਤਰਨ ਤਾਰਨ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜਿਲ੍ਹਾ ਰੱਖਿਆਂ ਸੇਵਾਵਾਂ ਭਲਾਈ ਅਫ਼ਸਰ ਤਰਨ ਤਾਰਨ ਲੈਫ. ਕਰਲਨ ਰੋਹਿਤ ਸ਼ਰਮਾ (ਸੇਵਾਮੁਕਤ) ਨੇ ਦੱਸਿਆ ਕਿ ਆਰਮੀ, ਨੇਵੀ, ਏਅਰ ਫੋਰਸ, ਬੀ.ਐਸ.ਐਫ, ਆਈ.ਟੀ.ਬੀ. ਪੀ, ਸੀ. ਆਰ. ਪੀ. ਐਫ, ਸੀ. ਆਈ. ਐਸ. ਐਫ ਵਿੱਚ ਭਰਤੀ ਹੋਣ ਲਈ ਪ੍ਰੀ-ਰਿਕਰੂਟਮੈਂਟ ਕੋਰਸ ਮਿਤੀ 19 ਅਕਤੂਬਰ 2026 ਤੋਂ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਕੋਰਸ ਵਿੱਚ ਸਾਬਕਾ ਸੈਨਿਕਾਂ, ਸੈਨਿਕ ਵਿਧਵਾਵਾਂ ਅਤੇ ਵੀਰ ਨਾਰੀਆਂ, ਸੇਵਾ ਕਰ ਰਹੇ ਸੈਨਿਕਾਂ ਅਤੇ ਸਿਵਲੀਅਨ ਦੇ ਬੱਚਿਆਂ ਦੇ ਰੋਸ਼ਨ ਭਵਿੱਖ ਨੂੰ ਮੁੱਖ ਰੱਖਦਿਆਂ ਭਰਤੀ ਹੋਣ ਵਾਸਤੇ ਸਰੀਰਕ ਯੋਗਤਾ ਅਤੇ ਲਿਖਤੀ ਇਮਤਿਹਾਨ ਦੀ ਤਿਆਰੀ ਕਰਵਾਈ ਜਾਵੇਗੀ।

ਇਥੋਂ ਸਿਖਲਾਈ ਪ੍ਰਾਪਤ ਪਿਛਲੇ ਬੈਚ ਦੇ ਸਾਰੇ ਸਿਖਿਆਰਥੀਆਂ ਦਾ ਨਤੀਜਾ 100 ਫ਼ੀਸਦੀ ਆਇਆ ਹੈ।

ਚਾਹਵਾਨ ਨੌਜਵਾਨ ਆਪਣੇ ਜ਼ਰੂਰੀ ਕਾਗਜ਼ਾਤ ਲੈ ਕੇ ਮੁੱਢਲੀ ਜਾਂਚ ਲਈ ਇਸ ਦਫ਼ਤਰ ਵਿਖੇ ਤੁਰੰਤ ਰਿਪੋਰਟ ਕਰਨ।

ਉਨ੍ਹਾਂ ਦੱਸਿਆ ਕਿ ਇਹ ਕੋਰਸ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ, ਅੰਮ੍ਰਿਤਸਰ ਰੋਡ ਤਰਨ ਤਾਰਨ (ਨੇੜੇ ਪੁਲਿਸ ਲਾਈਨ ਅਤੇ ਵਿਕਾਸ ਭਵਨ) ਵਿਖੇ ਚਲਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਦਫ਼ਤਰ ਨਾਲ ਫੋਨ ਨੰਬਰ 01852-292565, 78893-76371, 62802-84812 ’ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਸਨੌਰ ਥਾਣੇ ਵਿੱਚ ਇੰਸਪੈਕਟਰ ਕਰਮਜੀਤ ਸਿੰਘ ਦੇ ਨਵੇਂ ਥਾਣਾ ਮੁਖੀ ਵਜੋਂ ਅਹੁਦਾ ਸੰਭਾਲਣ

**ਸਨੌਰ , 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਨੌਰ ਥਾਣੇ ਵਿੱਚ ਇੰਸਪੈਕਟਰ ਕਰਮਜੀਤ ਸਿੰਘ ਦੇ ਨਵੇਂ ਥਾਣਾ ਮੁਖੀ ਵਜੋਂ ਅਹੁਦਾ ਸੰਭਾਲਣ ’ਤੇ ਹਲਕਾ ਸਨੌਰ ਦੇ ਪਿੰਡ ਕਟਕਹੇੜੀ ਤੋਂ ਸਾਬਕਾ ਸਰਪੰਚ ਅਤੇ ਹਲਕੇ ਦੇ ਸੀਨੀਅਰ ਆਗੂ ਰਾਮ ਸਿੰਘ ਬਿੱਲਾ ਸਰਪੰਚ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ।



ਇਸ ਮੌਕੇ ਰਾਮ ਸਿੰਘ ਬਿੱਲਾ ਸਰਪੰਚ ਨੇ ਇੰਸਪੈਕਟਰ ਕਰਮਜੀਤ ਸਿੰਘ ਨੂੰ ਨਵੀਂ ਜ਼ਿੰਮੇਵਾਰੀ ਮਿਲਣ ’ਤੇ ਵਧਾਈ ਦਿੱਤੀ ਅਤੇ ਉਮੀਦ ਜਤਾਈ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਰਕਰਾਰ ਰੱਖਣਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਪੁਲਿਸ ਦੀ ਅਹਿਮ ਜ਼ਿੰਮੇਵਾਰੀ ਹੈ।

# ਭਾਸ਼ਾ ਦਫ਼ਤਰ ਫ਼ਾਜ਼ਿਲਕਾ ਵੱਲੋਂ ਜ਼ਿਲ੍ਹਾ ਪੱਧਰੀ ਪੰਜਾਬੀ ਸਾਹਿਤ ਸਿਰਜਣ ਅਤੇ ਕਵਿਤਾ ਗਾਇਨ ਮੁਕਾਬਲੇ ਕਰਵਾਏ

**ਫਾਜ਼ਿਲਕਾ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਜ਼ਿਲ੍ਹਾ ਭਾਸ਼ਾ ਦਫ਼ਤਰ, ਫ਼ਾਜ਼ਿਲਕਾ ਵੱਲੋਂ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ, ਜਸਵੰਤ ਸਿੰਘ ਜ਼ਫਰ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪੱਧਰੀ ਪੰਜਾਬੀ ਸਾਹਿਤ ਸਿਰਜਣ ਅਤੇ ਕਵਿਤਾ ਗਾਇਨ ਮੁਕਾਬਲੇ ਸਕੂਲ ਆਫ਼ ਐਮੀਨੈਂਸ ਫ਼ਾਜ਼ਿਲਕਾ ਵਿਖੇ ਕਰਵਾਏ ਗਏ। ਇਸ ਮੁਕਬਾਲੇ ਵਿੱਚ ਜ਼ਿਲ੍ਹਾ ਫ਼ਾਜ਼ਿਲਕਾ ਦੇ ਵੱਖ-ਵੱਖ ਪ੍ਰਾਈਵੇਟ ਅਤੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।

ਸਮਾਗਮ ਦਾ ਆਗਾਜ਼ ਭਾਸ਼ਾ ਵਿਭਾਗ, ਪੰਜਾਬ ਦੀ ਵਿਭਾਗੀ ਧੁਨੀ ਦੇ ਗਾਇਨ ਨਾਲ ਕੀਤਾ ਗਿਆ। ਸ਼ੁਰੂਆਤ ਵਿੱਚ ਖ਼ੋਜ ਅਫ਼ਸਰ ਸ.ਪਰਮਿੰਦਰ ਸਿੰਘ ਨੇ ਸਮੂਹ ਅਧਿਆਪਕਾਂ, ਬੱਚਿਆਂ ਅਤੇ ਵਿਸ਼ੇਸ਼ ਮਹਿਮਾਨਾਂ ਨੂੰ ਜੀ ਆਇਆਂ ਆਖਿਆ ਗਿਆ ਅਤੇ ਉਨ੍ਹਾਂ ਵੱਲੋਂ ਮੁਕਾਬਲੇ ਦੀ ਰੂਪ-ਰੇਖਾ ਅਤੇ ਨਿਯਮਾਂ ਬਾਰੇ ਚਾਨਣ ਪਾਇਆ ਗਿਆ। ਇਸ ਮੁਕਾਬਲੇ ਵਿੱਚ ਫ਼ਾਜ਼ਿਲਕਾ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਕਵਿਤਾ ਰਚਨਾ, ਕਵਿਤਾ ਗਾਇਨ, ਲੇਖ ਰਚਨਾ ਅਤੇ ਕਹਾਣੀ ਰਚਨਾ ਵੱਖ-ਵੱਖ 4 ਮੁਕਾਬਲਿਆਂ ਵਿੱਚ ਹਿੱਸਾ ਲਿਆ। ਇਸ ਮੁਕਾਬਲੇ ਵਿੱਚ ਦੀ ਜੱਜਮੈਂਟ ਸ਼੍ਰੀਮਤੀ ਮੀਨਾ ਮਹਿਰੋਕ, ਸ਼੍ਰੀ ਵਿਕਾਸ ਕੰਬੋਜ, ਸ਼੍ਰੀ ਮੋਹਨ ਲਾਲ, ਸ਼੍ਰੀਮਤੀ ਗਗਨਜੋਤ ਕੌਰ, ਸੁਖਪ੍ਰੀਤ ਕੌਰ, ਸ਼੍ਰੀਮਤੀ ਕਵਿਤਾ ਰਾਣੀ ਅਤੇ ਸ਼੍ਰੀਮਤੀ ਹਰਿੰਦਰ ਕੌਰ ਦੁਆਰਾ ਕੀਤੀ ਗਈ। ਮੁੱਖ ਮਹਿਮਾਨ ਦੇ ਤੌਰ ਤੇ ਸ਼੍ਰੀ ਹਰੀਚੰਦ ਕੰਬੋਜ ਪ੍ਰਿੰਸੀਪਲ ਸਕੂਲ ਆਫ਼ ਐਮੀਨੈਂਸ ਫ਼ਾਜ਼ਿਲਕਾ ਜੀ ਨੇ ਸ਼ਿਰਕਤ ਕੀਤੀ ਅਤੇ ਆਪਣੇ ਸੰਬੋਧਨ ਰਾਹੀਂ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦਾ ਹੌਸਲਾਂ ਵਧਾਇਆ । ਇਸ ਮੌਕੇ ਪ੍ਰਿੰ.ਪਰਵਿੰਦਰ ਕੁਮਾਰ ਬਲਾਕ ਨੋਡਲ ਅਫ਼ਸਰ ਫ਼ਾਜ਼ਿਲਕਾ ਵੀ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਹਾਜ਼ਰ ਰਹੇ। ਮਹਿਮਾਨਾਂ ਅਤੇ ਜੱਜ ਸਹਿਬਾਨਾਂ ਨੂੰ ਭਾਸ਼ਾ ਵਿਭਾਗ ਦੀਆਂ ਕਿਤਾਬਾਂ ਨਾਲ ਸਨਮਾਨਿਤ ਕੀਤਾ ਗਿਆ। ਮੌਕੇ ਤੇ ਹੀ ਵੱਖ-ਵੱਖ ਮੁਕਾਬਲਿਆਂ ਦੇ ਨਤੀਜੇ ਵੀ ਐਲਾਨੇ ਗਏ। ਕਵਿਤਾ ਰਚਨਾ ਦੇ ਨਤੀਜਿਆਂ ਵਿੱਚ ਗੁਰਪ੍ਰੀਤ ਕੌਰ, ਸ਼੍ਰਿਸ਼ਟੀ ਵਾਟਸ ਅਤੇ ਸੁਖਮਨਪ੍ਰੀਤ ਕੌਰ ਨੇ ਕ੍ਰਮਵਾਰ ਪਹਿਲਾ,ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਲੇਖ ਰਚਨਾ ਮੁਕਾਬਲੇ ਵਿੱਚ ਖੁਸ਼ਦੀਪ ਕੌਰ, ਕਾਜਲ ਅਤੇ ਅਯਾਨਾ ਨੇ ਕ੍ਰਮਵਾਰ ਪਹਿਲਾ,ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਕਹਾਣੀ ਰਚਨਾ ਮੁਕਾਬਲੇ ਵਿੱਚ ਸੁਖਮਨੀ ਕੌਰ, ਸੁਖਵਿੰਦਰ ਕੌਰ ਅਤੇ ਰਮਨਦੀਪ ਕੌਰ ਨੇ ਕ੍ਰਮਵਾਰ ਪਹਿਲਾ,ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਕਵਿਤਾ ਗਾਇਨ ਮੁਕਾਬਲੇ ਵਿੱਚ ਏਂਜਲ, ਪਲਵਿੰਦਰ ਕੌਰ ਅਤੇ ਖੁਸ਼ਦੀਪ ਸਿੰਘ ਨੇ ਕ੍ਰਮਵਾਰ ਪਹਿਲਾ,ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਪਹਿਲੇ, ਦੂਜੇ ਅਤੇ ਤੀਜੇ ਸਥਾਨ ਤੇ ਆਉਣ ਵਾਲੇ ਜੇਤੂ ਵਿਦਿਆਰਥੀਆਂ ਨੂੰ ਨਕਦ ਇਨਾਮੀ ਰਾਸ਼ੀ ਅਤੇ ਸਰਟੀਫਿਕੇਟ ਨਾਲ ਸਨਮਾਨਿਤ ਵੀ ਕੀਤਾ ਗਿਆ। ਸਮਾਗਮ ਦੇ ਅੰਤ ਵਿੱਚ ਸ. ਪਰਮਿੰਦਰ ਸਿੰਘ ਖੋਜ ਅਫ਼ਸਰ ਵੱਲੋਂ ਸਮੂਹ ਅਧਿਆਪਕਾਂ ਅਤੇ ਵਿਸ਼ੇਸ਼ ਮਹਿਮਾਨਾਂ ਦਾ ਧੰਦਵਾਦ ਕੀਤਾ ਗਿਆ।

ਮੰਚ ਸੰਚਾਲਨ ਸ਼੍ਰੀ ਸੁਰਿੰਦਰ ਕੁਮਾਰ (ਪੰਜਾਬੀ ਮਾਸਟਰ) ਵੱਲੋਂ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਦੇ ਅਧਿਆਪਕ ਅਤੇ ਮਾਤਾ-ਪਿਤਾ ਵੀ ਹਾਜ਼ਰ ਸਨ।

# ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਮਾਨ ਦੇ ਮੁਨਾਫੇ ਤਹਿਤ ਬਟਾਲਾ ਸ਼ਹਿਰ ਚ ਮੀਟਿੰਗਾਂ ਦਾ ਸਿਲਸਿਲਾ ਜਾਰੀ

**ਬਟਾਲਾ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਦੀਆਂ ਵਾਰਡਾਂ ਵਿੱਚ ’ ਮਾਨ ਦੇ ਮੁਨਾਫੇ’ ਮੁਹਿਮ ਤਹਿਤ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ।

ਇਸ ਮੌਕੇ ਗੱਲ ਕਰਦਿਆਂ ਨਗਰ ਨਿਗਮ ਬਟਾਲਾ ਦੇ ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਵਾਰਡ ਨੰਬਰ 25 ਦੇ ਬੂਥ ਨੰਬਰ 21 ਵਿੱਚ ਜਾ ਕੇ ਪਾਰਟੀ ਦੀਆਂ ਜਿੰਨੀਆਂ ਵੀ ਗਰੰਟੀਆਂ ਪੂਰੀਆਂ ਕੀਤੀਆਂ ਗਈਆਂ ਹਨ, ਉਨਾਂ ਬਾਰੇ ਡੋਰ ਟੂ ਡੋਰ ਜਾ ਕੇ ਜਾਣਕਾਰੀ ਦਿੱਤੀ ਗਈ।

ਉਨ੍ਹਾਂ ਦੱਸਿਆ ਕਿ ਪਿਛਲੇ ਕਰੀਬ ਸਾਢੇ ਚਾਰ ਸਾਲਾਂ ਦੌਰਾਨ ਮਾਨ ਸਰਕਾਰ ਨੇ ਸੂਬੇ ਵਿੱਚ ਸਿਹਤ, ਸਿੱਖਿਆ, ਰੁਜ਼ਗਾਰ ਸਮੇਤ ਵੱਖ ਵੱਖ ਲੋਕਾਂ ਭਲਾਈ ਸਕੀਮਾਂ ਲਾਗੂ ਕੀਤੀਆਂ ਹਨ। ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਬਿਨਾਂ ਕਿਸੇ ਭੇਦਭਾਵ ਅਤੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਹਰ ਘਰ ਵਿੱਚ 10 ਲੱਖ ਦਾ ਸਿਹਤ ਬੀਮਾ ਕਾਰਡ, ਬਿਜਲੀ ਦੇ ਮੁਫ਼ਤ 600 ਯੂਨਿਟ, ਮਾਵਾਂ ਧੀਆਂ ਸਤਿਕਾਰ ਯੋਜਨਾਂ ਤਹਿਤ 1000/1500 ਰੁਪਏ, ਕਿਸਾਨਾਂ ਲਈ ਮੁਫ਼ਤ ਅਤੇ ਦਿਨ ਵੇਲੇ ਬਿਜਲੀ, ਸਮੇ ਸਿਰ ਫਸਲ ਦਾ ਭੁਗਤਾਨ ਅਤੇ ਨਹਿਰੀ ਪਾਣੀ ਨੂੰ ਹਰ ਖੇਤ ਤੱਕ ਪਹੁੰਚਾਉਣ ਆਦਿ ਵਿਕਾਸ ਕੰਮ ਕੀਤੇ ਗਏ ਹਨ।

ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਵਿੱਚ ਰਿਕਾਰਡ ਵਿਕਾਸ ਕੰਮ ਕਰਵਾਏ ਗਏ ਹਨ।

ਸ਼ਾਨਦਾਰ ਚੌਕ, ਚੌੜੀਆਂ ਅਤੇ ਪੱਕੀਆਂ ਗਲੀਆਂ ਅਤੇ ਸੜਕਾਂ, ਗਲੀਆਂ ਅਤੇ ਸੜਕਾਂ ’ਤੇ ਹਾਈਮਾਸਟ ਲਾਇਟਾਂ, ਖੇਡ ਸਟੇਡੀਅਮ, ਆਮ ਆਦਮੀ ਕਲੀਨਿਕ, ਸੀਸੀਟੀਵੀ ਕੈਮਰੇ ਅਤੇ ਟਰੈਫਿਕ ਲਾਈਟਾਂ ਆਦਿ ਵਿਕਾਸ ਕਾਰਜ ਕੀਤੇ ਗਏ ਹਨ।

# ਆਫ਼ਤਾਂ ਨਾਲ ਨਜਿੱਠਣ ਲਈ ਔਰਤਾਂ ਵੀ ਆਪਣੀ ਹਿੱਸੇਦਾਰੀ ਵਧਾਉਣ : ਨੀਰੂ ਸ਼ੈਲੀ



**ਬਟਾਲਾ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਰੱਖਿਅਤ ਸਮਾਜ ਦੀ ਸਿਰਜਣਾ ਲਈ ਵਿਦਿਆਰਥੀਆਂ ਲਈ ਨਾਗਰਿਕ ਸੁਰੱਖਿਆ ਜਾਗਰੂਕਤਾ ਕੈਂਪ ਦਾ ਆਯੋਜਨ ਆਰੀਆ ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਅੱਚਲੀ ਗੇਟ ਵਿਖੇ, ਪ੍ਰਿੰਸੀਪਲ ਨੀਰੂ ਸ਼ੈਲੀ ਦੀ ਅਗਵਾਈ ਵਿਚ ਲਗਾਇਆ ਗਿਆ। ਜਿਸ ਵਿਚ ਹਰਬਖਸ਼ ਸਿੰਘ, ਮਨਿੰਦਰ ਕੌਰ ਸਿਵਲ ਡਿਫੈਂਸ, ਰਜ਼ਨੀ ਸ਼ਰਮਾਂ, ਰਸ਼ਮੀ, ਪੱਲਵੀ ਤੇ ਵਿਦਿਆਰਥੀਆਂ ਨੇ ਹਿੱਸਾ ਲਿਆ।

ਸ਼ੁਰੂਆਤ ਵਿਚ ਦਸਿਆ ਗਿਆ ਕਿ ਮਾਣਯੋਗ ਪ੍ਰਧਾਨ ਮੰਤਰੀ-10 ਨੁਕਾਤੀ ਏਜੰਡਾ ਦੇ ਮਦ ਨੰ.3 ਦੇ ਅਨੁਸਾਰ ਆਫਤਾਂ ਨੂੰ ਨਜਿਠੱਣ ਲਈ ਔਰਤਾਂ ਦੀ ਹਿੱਸੇਦਾਰੀ ਤੇ ਅਗਵਾਈ ਕਰਨ ਦੇ ਯੋਗ ਹੋਣੀਆਂ ਚਾਹੀਦੀਆਂ ਹਨ ਕਿਉਕਿ ਕਿਸੇ ਵੀ ਆਫਤ ਜਾਂ ਹਾਦਸੇ ਦਾ ਅਸਰ ਸਭ ਤੋਂ ਵੱਧ ਬੱਚਿਆਂ ਤੇ ਔਰਤਾਂ ‘ਤੇ ਪੈਂਦਾ ਹੈ। ਵਿਸ਼ਵ ਵਿਦਿਆਰਥੀ ਦਿਵਸ, ਵਿਸ਼ਵ ਹੱਥ ਧੋਣ ਦਿਵਸ ਅਤੇ ਵਿਸ਼ਵ ਭੁਚਾਲ ਜਾਗਰੂਕਤਾ ਦਿਵਸ, ਵਿਸ਼ਵ ਬਨਾਉਟੀ ਸਾਹ ਕਿਰਿਆ (ਸੀਪੀਆਰ) ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਤੋਂ ਅਗੇ ਆਫ਼ਤ ਪ੍ਰਬੰਧਨ, ਨਿੱਜੀ/ਹੱਥਾਂ ਦੀ ਸਫ਼ਾਈ, ਭੂਚਾਲ ਤੋਂ ਬਚਾਅ ਅਤੇ ਐਮਰਜੈਂਸੀ ਸਮੇਂ ਜਾਨਾਂ ਬਚਾਉਣ, ਹੱਥਾਂ ਨੂੰ ਧੋਣ ਦੇ ਤਰੀਕਿਆਂ ਬਾਰੇ, ਏਆਈ, 112 ਬਾਰੇ ਜਾਗਰੂਕ ਕੀਤਾ ਤੇ ਅਭਿਆਸ ਵੀ ਕਰਵਾਇਆ ਗਿਆ।

ਇਸ ਮੌਕੇ ਵਿਦਿਆਰਥੀਆਂ ਨੂੰ ਸਿੱਖਿਆ, ਅਨੁਸ਼ਾਸਨ, ਮਿਹਨਤ ਅਤੇ ਦੇਸ਼ ਸੇਵਾ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ, ਪੜ੍ਹਾਈ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀਆਂ ਨਿਭਾਉਣ ਅਤੇ ਮੁਸ਼ਕਲ ਸਮੇਂ ਵਿੱਚ ਦੂਜਿਆਂ ਦੀ ਮਦਦ ਕਰਨ ਲਈ ਤਿਆਰ ਰਹਿਣ ਵਾਸਤੇ ਪ੍ਰੇਰਿਤ ਕੀਤਾ ਗਿਆ। ਕੈਂਪ ਰਾਹੀਂ ਵਿਦਿਆਰਥਣਾਂ ਨੂੰ ਇਹ ਸੰਦੇਸ਼ ਦਿੱਤਾ ਗਿਆ ਕਿ ਸੁਰੱਖਿਆ, ਸਫ਼ਾਈ, ਮੁੱਢਲੀ ਸਹਾਇਤਾ ਅਤੇ ਆਫ਼ਤ ਪ੍ਰਬੰਧਨ ਦੀ ਜਾਣਕਾਰੀ ਹਰ ਵਿਅਕਤੀ ਲਈ ਬਹੁਤ ਮਹੱਤਵਪੂਰਨ ਹੈ। ਜਾਗਰੂਕ ਅਤੇ ਸਿਖਲਾਈ ਪ੍ਰਾਪਤ ਨਾਗਰਿਕ ਕਿਸੇ ਵੀ ਐਮਰਜੈਂਸੀ ਦੌਰਾਨ ਘਬਰਾਹਟ ਨੂੰ ਘਟਾਉਣ, ਦੂਜਿਆਂ ਦੀ ਸਹਾਇਤਾ ਕਰਨ ਅਤੇ ਜਾਨੀ ਤੇ ਮਾਲੀ ਨੁਕਸਾਨ ਘਟਾਉਣ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ।

# ਅਕਾਲ ਤਖ਼ਤ ਸਕੱਤਰੇਤ ਅੱਗੇ ਪੇਸ਼ ਹੋ ਕੇ ‘ਆਪ’ ਵਿਧਾਇਕਾਂ ਵੱਲੋਂ ਖਿਮਾ ਜਾਚਨਾ



**ਅੰਮ੍ਰਿਤਸਰ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਦੇ ਵਿਧਾਇਕਾਂ ਅਤੇ ਕੁਝ ਹੋਰ ਆਗੂਆਂ ਨੇ ਅੱਜ ਸ੍ਰੀ ਅਕਾਲ ਤਖ਼ਤ ਵਿਖੇ ਆਪਣੇ ਸਪੱਸ਼ਟੀਕਰਨ ਵਜੋਂ ਪੱਤਰ ਦੇ ਕੇ ਖਿਮਾ ਯਾਚਨਾ ਕੀਤੀ ਹੈ। ਉਨ੍ਹਾਂ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਲਾਏ ਗਏ ਦੋਸ਼ਾਂ ਤੋਂ ਕਿਨਾਰਾ ਕੀਤਾ ਹੈ।

‘ਆਪ’ ਵਿਧਾਇਕਾਂ ਡਾ. ਇੰਦਰਬੀਰ ਸਿੰਘ ਨਿੱਜਰ, ਕੁਲਦੀਪ ਸਿੰਘ ਧਾਲੀਵਾਲ, ਜੀਵਨਜੋਤ ਕੌਰ, ਗੁਰਦੀਪ ਸਿੰਘ, ਬਲਜਿੰਦਰ ਕੌਰ, ਸਰਵਣ ਸਿੰਘ ਧੁੰਨ, ਮਨਜਿੰਦਰ ਸਿੰਘ (ਖਡੂਰ ਸਾਹਿਬ), ਜਸਬੀਰ ਸਿੰਘ, ਕਰਮਬੀਰ ਸਿੰਘ, ਕੁਲਵੰਤ ਸਿੰਘ ਅਤੇ ‘ਆਪ’ ਦੇ ਕੁਝ ਸਿਆਸਤਦਾਨ ਸੋਨੀਆ ਮਾਨ, ਗੁਰ ਇਕਬਾਲ ਸਿੰਘ ਅਤੇ ਜੋਬਨ ਸਿੰਘ ਨੇ ਆਪਣੀ ਗ਼ਲਤੀ ਮੰਨੀ ਕਿ ਜਥੇਦਾਰ ਵੱਲੋਂ ਹੋਏ ਹੁਕਮ ਦੇ ਬਾਵਜੂਦ ਉਨ੍ਹਾਂ 12 ਅਕਤੂਬਰ ਨੂੰ ਬਾਹਰ ਮੀਡੀਆ ਵਿੱਚ ਜਾ ਕੇ ਇਸ ਗੱਲ ਦਾ ਖੰਡਨ ਨਹੀਂ ਕੀਤਾ ਅਤੇ ਨਾ ਹੀ ਸਥਿਤੀ ਸਪੱਸ਼ਟ ਕੀਤੀ ਕਿ ਉਨ੍ਹਾਂ ਨਾਲ ਜਾਤ-ਪਾਤ ਆਧਾਰਿਤ ਕੋਈ ਵਿਤਕਰਾ ਨਹੀਂ ਹੋਇਆ ਹੈ। ਅੱਜ ਇਨ੍ਹਾਂ ਵਿਧਾਇਕਾਂ ਨੇ ਗੁਰੂ ਸਾਹਿਬ ਪਾਸੋਂ ਖਿਮਾ ਜਾਚਨਾ ਕੀਤੀ ਅਤੇ ਸਪੱਸ਼ਟ ਕੀਤਾ ਕਿ ਅਕਾਲ ਤਖ਼ਤ ਵਿਖੇ ਆਉਣ ਤੋਂ ਕਿਸੇ ਨੂੰ ਜਾਤ-ਪਾਤ, ਨਸਲ ਭੇਦ, ਰੰਗ ਭੇਦ ਦੇ ਅਧਾਰ ਉੱਤੇ ਕਦੇ ਵੀ ਨਹੀਂ ਰੋਕਿਆ ਗਿਆ।

ਜਾਣਕਾਰੀ ਅਨੁਸਾਰ ਆਮ ਆਦਮੀ ਪਾਰਟੀ (ਆਪ) ਦੇ ਵਿਧਾਇਕ ਅਤੇ ਆਗੂ ਅੱਜ ਇੱਥੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਪੇਸ਼ ਹੋਏ ਅਤੇ ਪਾਰਟੀ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਮੀਡੀਆ ਵਿੱਚ ਦਿੱਤੇ ਬਿਆਨ ਕਾਰਨ ਪੈਦਾ ਹੋਏ ਵਿਵਾਦ ਬਾਰੇ ਆਪਣਾ ਪੱਖ ਰੱਖਿਆ।

ਗਿਆਸਪੁਰਾ ਨੇ ਦੋਸ਼ ਲਾਇਆ ਸੀ ਕਿ ਉਨ੍ਹਾਂ ਨੂੰ ਜਾਤੀ ਆਧਾਰਿਤ ਵਿਤਕਰੇ ਕਾਰਨ ਸਕੱਤਰੇਤ ਵਿੱਚ ਦਾਖ਼ਲ ਨਹੀਂ ਹੋਣ ਦਿੱਤਾ ਗਿਆ।

ਅਕਾਲ ਤਖ਼ਤ ਸਕੱਤਰੇਤ ਦੇ ਮੀਡੀਆ ਸਲਾਹਕਾਰ ਜਸਕਰਨ ਸਿੰਘ ਨੇ ਗਿਆਸਪੁਰਾ ਦੇ ਇਸ ਦੋਸ਼ ਦੀ ਨਿਖੇਧੀ ਕਰਦਿਆਂ ਇਸ ਨੂੰ ਰੱਦ ਕੀਤਾ ਸੀ।

ਦੋਸ਼ ਲਾਇਆ ਗਿਆ ਹੈ ਕਿ ਲੁਧਿਆਣਾ ਜ਼ਿਲ੍ਹੇ ਦੇ ਪਾਇਲ ਹਲਕੇ ਤੋਂ ਵਿਧਾਇਕ ਗਿਆਸਪੁਰਾ ਨੇ 12 ਅਕਤੂਬਰ ਨੂੰ ਦਰਬਾਰ ਸਾਹਿਬ ਕੰਪਲੈਕਸ ਵਿੱਚ ਸਥਿਤ ਅਕਾਲ ਤਖ਼ਤ ਸਕੱਤਰੇਤ ਦੇ ਬਾਹਰ ਮੀਡੀਆ ਨਾਲ ਗੱਲਬਾਤ ਦੌਰਾਨ ਜਾਤੀ ਆਧਾਰਿਤ ਵਿਤਕਰੇ ਬਾਰੇ ਗ਼ਲਤ ਬਿਆਨ ਦਿੱਤੇ ਸਨ।

ਇਤਿਹਾਸ

# ਦੋ ਅੰਗਰੇਜ਼ਾਂ ਦੀ ਬਦੌਲਤ ਭਾਰਤ ਪਹੁੰਚੀ ਰੇਲ



ਸਟੀਫਨਸੀਨ ਪਰਿਵਾਰ ਭਾਰਤ 'ਚ ਕਈ ਪੀੜ੍ਹੀਆਂ ਤੋਂ ਵਪਾਰ ਕਰ ਰਿਹਾ ਸੀ। ਨੌਜਵਾਨ ਰੋਲੈਂਡ ਮੈਕਡੋਨਾਲਡ ਸਟੀਫਨਸਨ ਨੇ ਹੈਰੋ (ਲੰਦਨ) 'ਚ ਇੰਜੀਨੀਅਰਿੰਗ ਦੀ ਪੜ੍ਹਾਈ ਕੀਤੀ, ਜਿਸ ਪਿੱਛੋਂ ਉਨ੍ਹਾਂ ਨੇ ਈਸਟ ਇੰਡੀਅਨ ਨੇਵੀਗੇਸ਼ਨ ਕੰਪਨੀ 'ਚ ਨੌਕਰੀ ਕਰ ਲਈ ਪਰ ਇਸ ਦੀ ਮੁਕਾਬਲੇਬਾਜ਼ ਪੈਨਿਨਸੁਲਰ ਐਂਡ ਓਰੀਐਂਟਲ ਕੰਪਨੀ ਦੇ ਕਬਜ਼ੇ ਤੋਂ ਬਾਅਦ ਸਟੀਫਨਸਨ ਨੇ ਆਪਣਾ ਧਿਆਨ ਭਾਰਤ 'ਚ ਰੇਲਵੇ ਦੇ ਵਿਕਾਸ 'ਤੇ ਲਗਾਉਣ ਦਾ ਫੈਸਲਾ ਕੀਤਾ। ਜਦੋਂ ਵਿਗਿਆਨ ਨੇ ਬੇਹੱਦ ਘੱਟ ਤਰੱਕੀ ਕੀਤੀ ਸੀ ਅਤੇ ਸਾਧਨ ਵੀ ਸੀਮਤ ਸਨ ਤਾਂ 1850 'ਚ ਹੀ ਸਟੀਫਨਸਨ (1808-1895) ਨੇ ਕਲਕੱਤਾ ਤੋਂ ਲੰਦਨ ਤੱਕ ਰੇਲ ਲਾਈਨ ਵਿਛਾਉਣ ਦਾ ਕਲਪਨਾ ਕਰ ਲਈ ਸੀ, ਜਿਸ ਨਾਲ ਸਿਰਫ 10 ਦਿਨਾਂ 'ਚ ਇਹ ਸਫਰ ਪੂਰਾ ਹੋ ਸਕਦਾ ਸੀ। ਉਨ੍ਹਾਂ ਨੇ 1941 'ਚ ਨਿਜੀ ਤੌਰ 'ਤੇ ਭਾਰਤ 'ਚ ਰੇਲਵੇ ਦੀ ਸ਼ੁਰੂਆਤ ਕਰਨ ਦੀ ਪੇਸ਼ਕਸ਼ ਈਸਟ ਇੰਡੀਆ ਕੰਪਨੀ ਦੇ ਸਾਹਮਣੇ ਰੱਖੀ, ਜਿਸ ਨੂੰ 'ਖਿਆਲਾਂ 'ਚ ਤੀਰ ਚਲਾਉਣ' ਦੀ ਗੱਲ ਕਹਿ ਕੇ ਨਕਾਰ ਦਿੱਤਾ ਗਿਆ ਪਰ ਸਟੀਫਨਸਨ ਨੇ ਹਾਰ ਨਹੀਂ ਮੰਨੀ ਅਤੇ ਇਸ ਦੇ ਲਈ ਯਤਨ ਜਾਰੀ ਰੱਖੇ ਅਤੇ ਸਫਲ ਪ੍ਰਚਾਰ ਦੀ ਵਧੀਆ ਮਿਸਾਲ ਪੇਸ਼ ਕੀਤੀ।

ਉਨ੍ਹਾਂ ਨੂੰ ਪਤਾ ਸੀ ਕਿ ਦੇਸ਼ 'ਚ ਲੋਕਾਂ ਨੂੰ ਰੇਲਵੇ ਬਾਰੇ ਬਹੁਤੀ ਜਾਣਕਾਰੀ ਨਹੀਂ ਹੈ, ਇਸ ਲਈ ਉਨ੍ਹਾਂ ਨੇ ਸਭ ਤੋਂ ਪਹਿਲਾਂ ਲੋਕਾਂ 'ਚ ਇਸ ਪ੍ਰਤੀ ਜਾਗਰੂਕਤਾ ਪੈਦਾ ਕੀਤੀ। ਸਮੇਂ-ਸਮੇਂ 'ਤੇ ਉਹ ਭਾਰਤੀ ਅਤੇ ਅੰਗਰੇਜ਼ੀ ਅਖ਼ਬਾਰਾਂ 'ਚ ਯੂਰਪ 'ਚ ਰੇਲਵੇ ਦੀ ਸਫਲਤਾ 'ਤੇ ਰਿਪੋਰਟਾਂ ਪ੍ਰਕਾਸ਼ਿਤ ਕਰਵਾਉਣ ਲੱਗੇ, ਜਿਸ 'ਚ ਉਨ੍ਹਾਂ 'ਤੇ ਆਏ ਖਰਚ ਅਤੇ ਉਨ੍ਹਾਂ ਤੋਂ ਹੋ ਰਹੇ ਮੁਨਾਫੇ ਤੋਂ ਇਲਾਵਾ ਸਮਾਜ 'ਤੇ ਪੈ ਰਹੇ ਉਨ੍ਹਾਂ ਦੇ ਪ੍ਰਭਾਵਾਂ ਦਾ ਵੀ ਜ਼ਿਕਰ ਕੀਤਾ ਜਾਂਦਾ ਸੀ। ਭਾਰਤ 'ਚ ਰੇਲਵੇ ਦੀ ਸ਼ੁਰੂਆਤ ਕਰਨ ਤੋਂ ਬਾਅਦ ਸਟੀਫਨਸਨ ਚੀਨ ਚਲੇ ਗਏ ਸਨ। ਉਥੇ ਵੀ ਉਨ੍ਹਾਂ ਨੇ ਇਕ ਨਿਜੀ ਕੰਪਨੀ ਨਾਲ ਮਿਲ ਕੇ 1964 'ਚ ਬੀਜਿੰਗ 'ਚ ਇਕ ਰੇਲ ਲਾਈਨ ਦਾ ਨਿਰਮਾਣ ਸ਼ੁਰੂ ਕੀਤਾ ਪਰ ਉਸ ਨੂੰ ਸਥਾਨਕ ਲੋਕਾਂ ਨੇ ਤਹਿਸ-ਨਹਿਸ ਕਰ ਦਿੱਤਾ। ਸਟੀਫਨਸਨ ਜਾਣਦੇ ਸਨ ਕਿ ਚੀਨੀ ਲੋਕ ਰੇਲਵੇ ਤੋਂ ਅਣਜਾਣ ਹਨ ਅਤੇ ਇਸ ਦੇ ਲਾਭਾਂ ਬਾਰੇ ਜਾਣ ਕੇ ਉਹ ਇਸ ਦੇ ਨਿਰਮਾਣ 'ਚ ਮਦਦ ਕਰਨਗੇ। ਆਖਿਰ 1890 ਦੇ ਦਹਾਕੇ 'ਚ ਚੀਨੀ ਸਰਕਾਰ ਨੇ ਰੇਲ ਲਾਈਨਾਂ ਦੇ ਨਿਰਮਾਣ 'ਚ ਸਹਿਯੋਗ ਦੇਣਾ ਸ਼ੁਰੂ ਕਰ ਦਿੱਤਾ।

ਜਾਨ ਚੈਪਮੈਨ

ਸਟੀਫਨਸਨ ਦੇ ਸਮਕਾਲੀ ਜਾਨੂੰ ਚੈਪਮੈਨ ਨੇ ਵੀ ਭਾਰਤ 'ਚ ਰੇਲਵੇ ਦੀ ਸ਼ੁਰੂਆਤ 'ਚ ਅਹਿਮ ਭੂਮਿਕਾ ਨਿਭਾਈ। ਉਹ ਜੀ. ਆਈ. ਪੀ. ਆਰ. ਦੇ ਪ੍ਰਮੋਟਰਾਂ 'ਚੋਂ ਇਕ ਸਨ, ਜਿਸ ਨੇ ਪੱਛਮੀ ਭਾਰਤ 'ਚ ਰੇਲਵੇ ਦਾ ਨਿਰਮਾਣ ਕੀਤਾ ਅਤੇ ਉਥੇ ਭਾਰਤ ਦੀ ਪਹਿਲੀ ਰੇਲ ਗੱਡੀ ਮੁੰਬਈ ਤੋਂ ਠਾਣੇ ਵਿਚਾਲੇ ਚੱਲੀ ਸੀ।

ਮਤਭੇਦ ਹੋਣ ਕਾਰਨ ਉਨ੍ਹਾਂ ਨੂੰ ਜੀ. ਆਈ. ਪੀ. ਆਰ. 'ਚੋਂ ਹਟਾ ਦਿੱਤਾ ਗਿਆ ਸੀ ਅਤੇ ਉਨ੍ਹਾਂ ਦੇ ਯੋਗਦਾਨ ਲਈ ਬੇਹੱਦ ਘੱਟ ਮਿਹਨਤਾਨਾ ਦਿੱਤਾ ਗਿਆ। 1854 'ਚ 53 ਸਾਲ ਦੀ ਉਮਰ 'ਚ ਹੈਜ਼ੇ ਨਾਲ ਉਨ੍ਹਾਂ ਦੀ ਮੌਤ ਹੋ ਗਈ।

ਉਹ ਸਮੇਂ ਤੋਂ ਅੱਗੇ ਚੱਲਣ ਵਾਲੇ ਲੋਕਾਂ 'ਚੋਂ ਸਨ। ਉਨ੍ਹਾਂ ਨੇ ਸੜਕ 'ਤੇ ਚੱਲਣ ਵਾਲੇ ਕੁਝ ਵਾਹਨਾਂ ਦੀ ਖੋਜ 'ਚ ਅਹਿਮ ਭੂਮਿਕਾ ਨਿਭਾਈ ਸੀ। ਜਿਥੇ ਉਹ ਭਾਰਤ 'ਚ ਰੇਲਵੇ ਤੋਂ ਅੰਗਰੇਜ਼ਾਂ ਨੂੰ ਹੋਣ ਵਾਲੇ ਲਾਭ 'ਤੇ ਬੋਲਦੇ ਸਨ, ਉਥੇ ਹੀ ਉਹ ਕਰੋੜਾਂ ਭਾਰਤੀਆਂ 'ਤੇ ਅੰਗਰੇਜ਼ਾਂ ਦੇ ਰਾਜ਼ ਕਰਨ ਦੇ ਅਧਿਕਾਰ ਦੇ ਖਿਲਾਫ ਵੀ ਆਵਾਜ਼ ਚੁੱਕਦੇ ਸਨ।

ਭਾਰਤ 'ਚ ਰੇਲਵੇ ਦੀ ਸ਼ੁਰੂਆਤ ਅੰਗਰੇਜ਼ਾਂ ਨੇ ਵਪਾਰਕ ਮਕਸਦ ਨਾਲ ਸ਼ੁਰੂ ਕੀਤੀ ਸੀ ਪਰ ਇਸ ਨੇ ਦੇਸ਼ ਵਾਸੀਆਂ ਨੂੰ ਇਕ-ਦੂਜੇ ਦੇ ਨੇੜੇ ਲਿਆਉਣ ਅਤੇ ਇਕ ਸੂਤਰ 'ਚ ਪਿਰੋਣ ਦਾ ਕੰਮ ਕੀਤਾ।

ਹੁਣੇ ਜਿਹੇ 160 ਸਾਲ ਪੂਰੇ ਕਰਨ ਵਾਲੀ ਭਾਰਤੀ ਰੇਲਵੇ ਦੀ ਸਥਾਪਨਾ 'ਚ ਇਕ ਅੰਗਰੇਜ਼ ਸਰ ਰੋਲੈਂਡ ਮੈਕਡੋਨਾਲਡ ਸਟੀਫਨਸਨ ਦਾ ਅਹਿਮ ਯੋਗਦਾਨ ਰਿਹਾ। ਉਹ ਈਸਟ ਇੰਡੀਅਨ ਰੇਲਵੇ (ਈ. ਆਈ. ਆਰ.) ਕੰਪਨੀ ਦੇ ਪ੍ਰਮੋਟਰ ਸਨ, ਜਿਨ੍ਹਾਂ ਨੇ 1944 'ਚ ਰੇਲ ਲਾਈਨ ਤਿਆਰ ਕਰਨ ਲਈ ਆਪਣੀ ਪਹਿਲੀ ਪੇਸ਼ਕਸ਼ ਉਦੋਂ ਦੀ ਅੰਗਰੇਜ਼ ਸਰਕਾਰ ਦੇ ਸਾਹਮਣੇ ਰੱਖੀ ਸੀ। ਉਨ੍ਹਾਂ ਨੇ ਭਾਰਤੀ ਉਪ ਮਹਾਦੀਪ 'ਚ ਛੇ ਮੁੱਖ ਰੇਲ ਰੂਟ ਤੈਅ ਕੀਤੇ ਸਨ। 1844 ਤੋਂ 1849 ਤੱਕ ਉਨ੍ਹਾਂ ਦੇ ਯਤਨਾਂ ਦੀ ਬਦੌਲਤ ਇਸ ਦੇ ਲਈ ਸਰਕਾਰ ਰਾਜ਼ੀ ਹੋਈ ਅਤੇ ਰੇਲਵੇ ਕੰਪਨੀਆਂ ਨੂੰ ਫਾਇਨਾਂਸ਼ੀਅਲ ਗਾਰੰਟੀ ਅਤੇ ਸਰਕਾਰ ਦਾ ਸਹਿਯੋਗ ਮਿਲ ਸਕਿਆ।

1849 'ਚ ਈ. ਆਈ. ਆਰ. ਦੇ ਨਾਲ ਹੀ ਗ੍ਰੇਟ ਇੰਡੀਅਨ ਪੈਨਿਨਸੁਲਰ ਰੇਲਵੇ (ਜੀ. ਆਈ. ਪੀ. ਆਰ.) ਕੰਪਨੀ ਦੀ ਸਥਾਪਨਾ ਕੀਤੀ ਗਈ। ਈ. ਆਰ. ਆਈ. ਨੂੰ ਜਿਥੇ ਕਲਕੱਤਾ, ਉਥੇ ਹੀ ਜੀ. ਆਈ. ਪੀ. ਆਰ. ਨੂੰ ਬੰਬਈ ਤੋਂ ਸ਼ੁਰੂ ਹੋਣ ਵਾਲੀਆਂ ਰੇਲ ਲਾਈਨਾਂ ਨੂੰ ਵਿਛਾਉਣ ਦਾ ਕੰਮ ਸੌਂਪਿਆ ਗਿਆ।

ਪੱਛਮੀ ਭਾਰਤ 'ਚ ਚੱਲੀ ਦੇਸ਼ ਦੀ ਪਹਿਲੀ ਰੇਲ ਗੱਡੀ

1850 'ਚ ਜੇਮਸ ਬਰਕਲੇ ਨੂੰ ਜੀ. ਆਈ. ਪੀ. ਆਰ. ਦਾ ਚੀਫ ਇੰਜੀਨੀਅਰ ਨਿਯੁਕਤ ਕੀਤਾ ਗਿਆ ਅਤੇ ਥਲ ਅਤੇ ਭੋਰ ਘਾਟਾਂ 'ਚੋਂ ਰੇਲ ਲਾਈਨਾਂ ਵਿਛਾਉਣ ਲਈ ਸਰਵੇਖਣ ਸ਼ੁਰੂ ਕਰ ਦਿੱਤਾ ਗਿਆ। ਬੰਬਈ ਅਤੇ ਸਾਲਸੇਤੇ ਟਾਪੂਆਂ ਨੂੰ ਵੱਖ ਕਰਨ ਵਾਲੇ ਉਥਲੇ ਪਾਣੀ ਨਾਲ ਭਰੇ ਇਲਾਕਿਆਂ 'ਚੋਂ ਹੁੰਦੀ ਹੋਈ ਇਹ ਰੇਲ ਲਾਈਨ ਕਲਿਆਣ ਪਹੁੰਚੀ। ਇਥੋਂ ਰੇਲ ਲਾਈਨ ਦੇ ਹਿੱਸੇ ਹੋ ਗਏ, ਜਿਨ੍ਹਾਂ 'ਚੋਂ ਇਕ ਉੱਤਰ-ਪੂਰਬ ਵੱਲ ਥਲ ਘਾਟ 'ਚੋਂ ਲੰਘੀ, ਜਦਕਿ ਦੂਜੀ ਦੱਖਣ-ਪੂਰਬੀ ਅਤੇ ਭੋਰ ਘਾਟ ਤੋਂ ਹੁੰਦੀ ਹੋਈ ਪੁਣੇ, ਸ਼ੋਲਾਪੁਰ ਅਤੇ ਰਾਇਚੁਰ ਵੱਲ ਗਈ, ਜਿਥੋਂ ਇਹ ਮਦਰਾਸ ਰੇਲਵੇ ਨਾਲ ਮਿਲ ਗਈ।

16 ਅਪ੍ਰੈਲ 1853 ਦੇ ਦਿਨ ਗ੍ਰੇਟ ਇੰਡੀਅਨ ਪੈਨਿਨਸੁਲਾ ਰੇਲਵੇ ਨੇ ਬੰਬਈ ਤੋਂ ਥਾਨੇ ਤੱਕ ਭਾਰਤ ਦੀ ਪਹਿਲੀ ਰੇਲ ਗੱਡੀ ਚਲਾਈ। ਇਸ ਦੀਆਂ 14 ਬੋਗੀਆਂ 'ਚ 400 ਮਹਿਮਾਨ ਯਾਤਰੀਆਂ ਨੇ ਬੰਬਈ ਦੇ ਬੋਰੀਬੰਦਰ ਤੋਂ ਥਾਨੇ ਦਾ ਸਫਰ ਸਵਾ ਘੰਟੇ 'ਚ ਪੂਰਾ ਕੀਤਾ। 21 ਤੋਪਾਂ ਦੀ ਸਲਾਮੀ ਵਿਚਾਲੇ ਇਸ ਰੇਲ ਗੱਡੀ ਨੂੰ ਤਿੰਨ ਭਾਫ ਦੇ ਇੰਜਣ- ਸਿੰਧ, ਸੁਲਤਾਨ ਅਤੇ ਸਾਹਿਬ ਖਿੱਚ ਰਹੇ ਸਨ।

ਪੂਰਬੀ ਭਾਰਤ ਦੀ ਪਹਿਲੀ ਰੇਲ ਗੱਡੀ

ਇਸ ਤੋਂ ਅਗਲੇ ਹੀ ਸਾਲ 1954 'ਚ ਸਟੀਫਨਸਨ ਦੇ ਤਹਿਤ ਕੰਮ ਕਰ ਰਹੀ ਈਸਟ ਇੰਡੀਅਨ ਰੇਲਵੇ ਕੰਪਨੀ ਨੇ ਪੂਰਬੀ ਭਾਰਤ ਦੀ ਪਹਿਲੀ ਰੇਲ ਗੱਡੀ ਹਾਵੜਾ ਤੋਂ ਹੁਗਲੀ ਵਿਚਾਲੇ ਚਲਾ ਦਿੱਤੀ। 24 ਮੀਲ ਲੰਬੀ ਇਸ ਰੇਲ ਲਾਈਨ ਨੂੰ ਛੇਤੀ ਹੀ 1 ਸਤੰਬਰ ਨੂੰ ਪੁਨਦੁਆਹ ਤੱਕ ਚਾਲੂ ਕਰ ਦਿੱਤਾ ਗਿਆ। ਕੁਝ ਸਾਲਾਂ 'ਚ ਈ. ਆਈ. ਆਰ. ਨੇ ਹਾਵੜਾ ਅਤੇ ਦਿੱਲੀ ਨੂੰ ਰੇਲ ਲਾਈਨ ਨਾਲ ਜੋੜ ਦਿੱਤਾ।

ਦੱਖਣੀ ਭਾਰਤ ਦੀ ਪਹਿਲੀ ਰੇਲ ਗੱਡੀ

ਮਦਰਾਸ ਰੇਲਵੇ ਕੰਪਨੀ ਨੇ 1 ਜੁਲਾਈ 1956 ਨੂੰ ਰੋਇਆਪੁਰਮ (ਮਦਰਾਸ) ਤੋਂ ਵਾਲਾਜਾਹ ਰੋਡ (ਆਰਕੋਟ) ਤੱਕ ਲੱਗਭਗ 100 ਕਿਲੋਮੀਟਰ ਦੀ ਰੇਲ ਲਾਈਨ 'ਤੇ ਰੇਲ ਸੇਵਾ ਦੀ ਸ਼ੁਰੂਆਤ ਕਰ ਦਿੱਤੀ ਸੀ।

ਭਾਰਤ ਦੀ ਪਹਿਲੀ ਰੇਲ ਲਾਈਨ

ਉਂਝ ਭਾਰਤੀ ਉਪ ਮਹਾਦੀਪ 'ਚ ਪਹਿਲੀ ਰੇਲ ਲਾਈਨ ਦਾ ਮਾਣ ਮਦਰਾਸ ਪ੍ਰੈਜ਼ੀਡੈਂਸੀ 'ਚ ਚਿੰਤਾਦ੍ਰਿਪੇਟ ਬਰਿੱਜ 'ਤੇ 1836 'ਚ ਬਣੀ ਛੋਟੀ ਜਿਹੀ ਰੇਲ ਲਾਈਨ ਨੂੰ ਹਾਸਲ ਹੈ। ਇਸ ਰੇਲ ਲਾਈਨ ਨੂੰ ਮਨੁੱਖੀ ਮਿਹਨਤ ਦੀ ਮਦਦ ਨਾਲ ਸਾਮਾਨ ਲਿਜਾਣ ਲਈ ਤਜਰਬੇ ਦੇ ਤੌਰ 'ਤੇ ਬਣਾਇਆ ਗਿਆ ਸੀ।

# ਕਾਲਬੇਲੀਆ-ਰਾਜਸਥਾਨ ਦਾ ਇਕ ਪ੍ਰਸਿੱਧ ਨ੍ਰਿਤ

ਕਾਲਬੇਲੀਆ ਨ੍ਰਿਤ ਅਤੇ ਸੰਗੀਤ ਪੂਰੀ ਦੁਨੀਆ 'ਚ ਰਾਜਸਥਾਨ ਦੀ ਲੋਕ ਕਲਾ ਨੂੰ ਪਛਾਣ ਅਤੇ ਪ੍ਰਸਿੱਧੀ ਦਿਵਾਉਂਦਾ ਹੈ। ਕਾਲਬੇਲੀਆ ਰਾਜਸਥਾਨ ਦੀ ਇਕ ਪ੍ਰਸਿੱਧ ਨ੍ਰਿਤ ਸ਼ੈਲੀ ਹੈ। ਇਹ ਸਪੇਰਾ ਜਾਤੀ ਦਾ ਨ੍ਰਿਤ ਹੈ। ਇਸ 'ਚ ਕਮਾਲ ਦੀ ਲਚਕ ਅਤੇ ਰਫ਼ਤਾਰ ਹੈ, ਜੋ ਦਰਸ਼ਕਾਂ ਨੂੰ ਸੰਮੋਹਿਤ ਕਰ ਦਿੰਦਾ ਹੈ। ਇਹ ਨ੍ਰਿਤ ਦੋ ਔਰਤਾਂ ਵਲੋਂ ਕੀਤਾ ਜਾਂਦਾ ਹੈ। ਉਹ ਬਹੁਤ ਘੇਰੇਦਾਰ ਘੱਗਰੇ ਪਹਿਨਦੀਆਂ ਹਨ, ਜਿਸ 'ਤੇ ਕਸੀਦਾਕਾਰੀ ਕੀਤੀ ਹੁੰਦੀ ਹੈ, ਕੱਚ ਲੱਗੇ ਹੁੰਦੇ ਹਨ ਅਤੇ ਇਸੇ ਤਰ੍ਹਾਂ ਦਾ ਦੁਪੱਟਾ ਅਤੇ ਕਾਂਚਲੀ-ਕੁੜਤੀ ਹੁੰਦੀ ਹੈ। ਰਾਜਸਥਾਨ ਲੋਕ ਗੀਤਾਂ 'ਤੇ ਇਹ ਫਿਰਕੀ ਵਾਂਗ ਨੱਚਦੀਆਂ ਹਨ ਤਾਂ ਦੇਖਣ ਵਾਲੇ ਦੇ ਮੂੰਹੋਂ ਵਾਹ ਨਿਕਲੇ ਬਿਨਾਂ ਨਹੀਂ ਰਹਿੰਦੀ। ਇਸ ਨ੍ਰਿਤ ਦੀ ਮਸ਼ਹੂਰ ਕਲਾਕਾਰ ਗੁਲਾਬੋ ਕਈ ਵਾਰ ਵਿਦੇਸ਼ਾਂ 'ਚ ਇਸ ਨ੍ਰਿਤ ਨੂੰ ਪੇਸ਼ ਕਰਕੇ ਵਾਹ-ਵਾਹੀ ਖੱਟ ਚੁੱਕੀ ਹੈ। ਸੰਗੀਤ ਲਈ ਬੀਨ ਅਤੇ ਡਫ ਵਜਾਇਆ ਜਾਂਦਾ ਹੈ ਅਤੇ ਲੋਕ ਕਲਾਕਾਰ ਆਪਣੀ ਸੁਰੀਲੀ ਆਵਾਜ਼ 'ਚ ਲੋਕ ਗੀਤਾਂ ਦਾ ਜਾਦੂ ਬਿਖੇਰਦੇ ਹਨ। ਕਾਲਬੇਲੀਆ ਰਾਜਸਥਾਨ ਦਾ ਭਾਈਚਾਰਾ ਹੈ। ਰਾਜਸਥਾਨ 'ਚ ਇਹ ਮੁੱਖ ਰੂਪ 'ਚ ਪਾਲੀ, ਭੀਲਵਾੜਾ, ਜੋਧਪੁਰ, ਬਾੜਮੇਰ, ਰਾਜਸਮੰਦ, ਅਜਮੇਰ, ਪ੍ਰਤਾਪਗੜ੍ਹ ਆਦਿ ਜ਼ਿਲਿਆਂ 'ਚ ਰਹਿੰਦੇ ਹਨ। ਇਨ੍ਹਾਂ 'ਚੋਂ ਜ਼ਿਆਦਾਤਰ ਦਾ ਕੋਈ ਪੱਕਾ ਟਿਕਾਣਾ ਨਹੀਂ ਹੈ। ਤੁਰਦੇ-ਫਿਰਦੇ, ਦਰ-ਦਰ ਦੀਆਂ ਠੋਕਰਾਂ ਖਾਂਦੇ ਅਤੇ ਖਾਕ ਛਾਣਦੇ ਇਹ ਵਣਜਾਰੇ ਅਜੇ ਇਸੇ ਤਰ੍ਹਾਂ ਜਿਊਂਦੇ ਰਹਿਣ ਲਈ ਮਜਬੂਰ ਹਨ। ਇਹ ਭਾਈਚਾਰਾ ਆਰਥਿਕ ਪਿਛੜੇਪਨ ਤੋਂ ਪੀੜਤ ਹੈ। ਇਸ ਨਾਲ ਉਨ੍ਹਾਂ ਦੀ ਵਿਲੱਖਣ ਨ੍ਰਿਤ ਕਲਾ ਪ੍ਰਭਾਵਿਤ ਹੋ ਰਹੀ ਹੈ।



ਯੂਨੈਸਕੋ ਦੀ ਵਿਰਾਸਤ ਸੂਚੀ 'ਚ

ਯੂਨੈਸਕੋ ਭਾਰਤ ਦੇ ਕਾਲਬੇਲੀਆ ਲੋਕ ਨਾਚ ਸਮੇਤ ਰਵਾਇਤੀ ਛਾਊ ਨ੍ਰਿਤ ਅਤੇ ਕੇਰਲ ਦੇ ਮੁਡੀਯੇਟੂ ਨ੍ਰਿਤ ਨਾਟ ਨੂੰ ਸੱਭਿਆਚਾਰਕ ਵਿਰਾਸਤ ਦੀ ਪ੍ਰਤੀਨਿਧੀ ਸੂਚੀ 'ਚ ਸ਼ਾਮਲ ਕਰ ਚੁੱਕਾ ਹੈ।

ਇਹ ਸੂਚੀ ਉਨ੍ਹਾਂ ਅਭਿਨੈ ਕਲਾਵਾਂ ਦੇ ਵਿਆਪਕ ਮਹੱਤਵ ਨੂੰ ਦਰਸਾਉਂਦੀ ਹੈ, ਜਿਨ੍ਹਾਂ ਵੱਲ ਧਿਆਨ ਦੇਣ ਦੀ ਖਾਸ ਲੋੜ ਹੈ। ਯੂਨੈਸਕੋ ਨੂੰ ਆਸ ਹੈ ਕਿ ਇਹ ਕਦਮ ਅਜਿਹੀਆਂ ਵਿਰਾਸਤਾਂ ਪ੍ਰਤੀ ਬਿਹਤਰ ਨਜ਼ਰੀਆ ਅਪਣਾਉਣ, ਉਨ੍ਹਾਂ ਦੇ ਮਹੱਤਵ ਬਾਰੇ ਜਾਗਰੂਕਤਾ ਵਧਾਉਣ ਅਤੇ ਉਨ੍ਹਾਂ ਨੂੰ ਸੁਰੱਖਿਅਤ ਕਰਨ ਲਈ ਅੰਤਰਰਾਸ਼ਟਰੀ ਮਦਦ ਮੁਹੱਈਆ ਕਰਵਾਉਣ 'ਚ ਸਹਾਇਕ ਹੋਵੇਗਾ।

ਵਿਰਾਸਤ

# ਸੰਗੀਤਕ ਫ਼ਿਜ਼ਾ ਲਈ ਰਾਹ ਦਿਖਾਏਗਾ ਨਕੋਦਰ

**ਸੰਗੀਤਕਾਰਾਂ ਤੇ ਸੰਗੀਤ ਪ੍ਰੇਮੀਆਂ ਲਈ ਨਕੋਦਰ ਦੀ ਯਾਤਰਾ ਜ਼ਿਆਰਤ ਤੋਂ ਘੱਟ ਨਹੀਂ ਹੈ। ਰਾਜ ਗਾਇਕ, ਪਦਮਸ਼੍ਰੀ, ਹੰਸਰਾਜ ਹੰਸ ਨਕੋਦਰ ਦੀ ਸੰਗੀਤਕ ਫ਼ਿਜ਼ਾਂ ਦੇ ਕਾਇਲ ਹਨ। ਉਨ੍ਹਾਂ ਦੀ ਦਿੱਖ, ਸੁਭਾਅ ਅਤੇ ਗਾਇਕੀ ਦੀ ਸੂਫ਼ੀ ਛੋਹ ਨਕੋਦਰ ਦੀ ਦੇਣ ਹੈ। ਇਸ ਕਰਕੇ ਉਹ ਨਕੋਦਰ ਦੇ ਇਕ ਬੇਪ੍ਰਵਾਹ ਫ਼ੱਕਰ ਲਾਲ ਬਾਦਸ਼ਾਹ ਦੀ ਜਗ੍ਹਾ ਦੇ ਗੱਦੀਨਸ਼ੀਨ ਹਨ।**

**ਪ੍ਰੋ. ਅਵਤਾਰ ਸਿੰਘ**

ਦੁਆਬੇ ਦੇ ਪ੍ਰਾਚੀਨ ਕਲਾਤਮਿਕ ਮਹੱਤਤਾ ਵਾਲੇ ਸ਼ਹਿਰ, ਨਕੋਦਰ ਵਿਖੇ ਇਤਿਹਾਸਕ ਅਤੇ ਆਸਥਾ ਸਥਾਨਾਂ ਦੀ ਯਾਤਰਾ ਕਰਦਿਆਂ ਮਨ ਵਿਚ ਸੱਚਮੁਚ ਇਕ ਨਵੀਂ ਉਮੀਦ ਜਾਗਦੀ ਹੈ। ਪਿਛਲੇ ਦਿਨੀਂ ਸਿੱਖ ਆਰਟੀਕੁਲੇਟਰਜ਼ ਫ਼ੋਰਮ (ਸੈਫ਼) ਦੇ ਵਫ਼ਦ ਵਜੋਂ ਪ੍ਰੋ. ਅਵਤਾਰ ਸਿੰਘ, ਹਰਪ੍ਰੀਤ ਸਿੰਘ, ਪਰਮਿੰਦਰ ਸਿੰਘ ਅਤੇ ਪੰਜਾਬੀ ਐਮ.ਏ. ਦੇ ਵਿਦਿਆਰਥੀਆਂ ਨੇ ਇਸ ਸ਼ਹਿਰ ਦੀ ਯਾਤਰਾ ਦੌਰਾਨ ਮਹਿਸੂਸ ਕੀਤਾ ਕਿ ਇਹ ਸ਼ਹਿਰ ਬੜੀਆਂ ਹੀ ਹੈਰਾਨੀਜਨਕ ਅਤੇ ਸ਼ੁੱਭ ਸੰਕੇਤਕ ਕਨਸੋਆਂ ਨਾਲ ਲਬਰੇਜ਼ ਹੈ।

ਸ਼ੇਰਸ਼ਾਹ ਸੂਰੀ ਮਾਰਗ ਫਿਲੌਰ ਤੋਂ, ਨੂਰਮਹਿਲ, ਨਕੋਦਰ ਤੇ ਸੁਲਤਾਨਪੁਰ ਲੋਧੀ ਤੋਂ ਅੱਗੇ ਲਾਹੌਰ ਵੱਲ ਵਧਦਾ ਸੀ। ਇਸੇ ਕਾਰਨ ਇਸ ਸ਼ਹਿਰ ਦੀ ਇਤਿਹਾਸਕ ਮਹੱਤਤਾ ਕਾਬਲਿਗ਼ੌਰ ਹੈ। ਹਿੰਦੁਸਤਾਨ ਦੇ ਸ਼ਹਿਨਸ਼ਾਹ ਅਕਬਰ ਦੇ ਨੌਂ ਰਤਨਾਂ ਵਿੱਚੋਂ ਤੰਬੂਰਾ ਵਾਦਕ ਉਸਤਾਦ ਹਾਜੀ ਜਮਾਲ ਅਤੇ ਉਸ ਦੇ ਸ਼ਾਗਿਰਦ ਮੁਹੰਮਦ ਮੋਮਿਨ ਦੇ ਮਕਬਰੇ ਅੱਜ ਵੀ ਨਕੋਦਰ ਦੀ ਰਾਗ, ਸਾਜ਼, ਸੋਜ਼ ਅਤੇ ਸਾਧਨਾ ਦੀ ਜ਼ਾਮਿਨੀ ਭਰਦੇ ਹਨ। ਇਨ੍ਹਾਂ ਕੋਲ ਸ਼ਹਿਨਸ਼ਾਹ ਅਕਬਰ ਦੇ ਸ਼ਰੋਮਣੀ ਸੰਗੀਤਕਾਰ ਤਾਨ ਸੈਨ ਜੀ ਅਕਸਰ ਆਉਂਦੇ ਸਨ। ਇਨ੍ਹਾਂ ਮਕਬਰਿਆਂ ਦੀ ਚੁੱਪ ਬੋਲਦੀ ਹੈ ਕਿ ਇਨ੍ਹਾਂ ਦੀ ਪ੍ਰੇਰਨਾ ਵਿਚ ਇੱਥੇ ਰਾਗ ਵਿਦਿਆ ਨਾਲ ਸਬੰਧਤ ਵਿਦਿਆਲੇ ਖੋਲ੍ਹੇ ਜਾ ਸਕਦੇ ਹਨ ਅਤੇ ਪੰਜਾਬੀ ਸਭਿਆਚਾਰ ਨੂੰ ਸ਼ਾਸਤਰੀ ਸੰਗੀਤ ਦੀ ਚਾਸਣੀ ਵਿਚ ਰਸਾਇਆ ਜਾ ਸਕਦਾ ਹੈ।

ਸ਼ਾਇਦ ਇਹੀ ਕਾਰਨ ਹੈ ਕਿ ਸੰਗੀਤਕਾਰਾਂ ਤੇ ਸੰਗੀਤ ਪ੍ਰੇਮੀਆਂ ਲਈ ਨਕੋਦਰ ਦੀ ਯਾਤਰਾ ਜ਼ਿਆਰਤ ਤੋਂ ਘੱਟ ਨਹੀਂ ਹੈ। ਰਾਜ ਗਾਇਕ, ਪਦਮਸ਼੍ਰੀ, ਹੰਸਰਾਜ ਹੰਸ ਨਕੋਦਰ ਦੀ ਸੰਗੀਤਕ ਫ਼ਿਜ਼ਾਂ ਦੇ ਕਾਇਲ ਹਨ। ਉਨ੍ਹਾਂ ਦੀ ਦਿੱਖ, ਸੁਭਾਅ ਅਤੇ ਗਾਇਕੀ ਦੀ ਸੂਫ਼ੀ ਛੋਹ ਨਕੋਦਰ ਦੀ ਦੇਣ ਹੈ। ਇਸ ਕਰਕੇ ਉਹ ਨਕੋਦਰ ਦੇ ਇਕ ਬੇਪ੍ਰਵਾਹ ਫ਼ੱਕਰ ਲਾਲ ਬਾਦਸ਼ਾਹ ਦੀ ਜਗ੍ਹਾ ਦੇ ਗੱਦੀਨਸ਼ੀਨ ਹਨ।

ਇਸ ਸਥਾਨ ਵਿਖੇ ਨਤਮਸਤਕ ਹੋਣ ਆਈ ਸੰਗਤ ਨਾਲ ਗੱਲਬਾਤ ਕਰਦਿਆਂ ਪਤਾ ਲੱਗਾ ਕਿ ਇਹ ਸਥਾਨ ਕਿਸੇ ਵੇਲੇ ਆਵਾਰਾ ਕਿਸਮ ਦੇ ਲੜਕਿਆਂ ਲਈ ਲੜਾਈ ਝਗੜੇ ਅਤੇ ਨਸ਼ਿਆਂ ਦਾ ਅੱਡਾ ਬਣਦਾ ਜਾ ਰਿਹਾ ਸੀ ਅਤੇ ਇੱਥੇ ਮਾਸ, ਮਦਿਰਾ ਦੀ ਵਰਤੋਂ ਵੀ, ਝੜਾਵੇ ਦੇ ਰੂਪ ਵਿਚ ਪ੍ਰਚੱਲਤ ਸੀ। ਇਸ ਪ੍ਰਦੂਸ਼ਤ ਕਿਸਮ ਦੇ ਵਾਤਾਵਰਣ ਤੋਂ ਗੰਭੀਰ ਸ਼ਹਿਰਵਾਸੀ ਚਿੰਤਾਤੁਰ ਹੋ ਰਹੇ ਸਨ।

ਲੇਕਿਨ ਹੁਣ ਹੰਸਰਾਜ ਜੀ ਦੀ ਰਹਿਨੁਮਾਈ ਵਿਚ ਇਸ ਸਥਾਨ ਵਿਖੇ ਕਈ ਨਵੇਂ ਪ੍ਰੋਗਰਾਮ ਉਲੀਕੇ ਗਏ ਹਨ। ਸਾਲਾਨਾ ਮੇਲਾ ਤਿੰਨ ਦੀ ਥਾਂ ਚਾਰ ਦਿਨ ਦਾ ਹੋ ਗਿਆ ਹੈ। ਇਕ ਦਿਨ ਵਿਸ਼ੇਸ਼ ਤੌਰ ਉੱਤੇ ਸੂਫ਼ੀ ਮੱਤ ਦੇ ਪ੍ਰਚਾਰ ਲਈ ਵਿਸ਼ਾਲ ਗੋਸ਼ਟੀ ਲਈ ਰਾਖਵਾਂ ਕਰ ਲਿਆ ਗਿਆ ਹੈ, ਜਿਸ ਵਿਚ ਅੰਤਰਰਾਜੀ ਵਿਦਵਾਨ, ਕਵੀ, ਸੂਫ਼ੀ, ਦਰਵੇਸ਼, ਫ਼ਕੀਰ, ਸੰਤ ਭਰਵੀਂ ਸ਼ਿਰਕਤ ਕਰਦੇ ਹਨ। ਇਸ ਲਈ ਲੋੜੀਂਦਾ ਅਤਿ ਆਧੁਨਿਕ ਸਹੂਲਤਾਂ ਵਾਲਾ ਹਾਲ ਸ਼ੈੱਡ ਨਿਰਮਤ ਕੀਤਾ ਗਿਆ ਹੈ, ਜੋ ਗਰਮੀ ਵਿਚ ਤਪਦਾ ਨਹੀਂ ਤੇ ਸਰਦੀ ਵਿਚ ਠਰਦਾ ਨਹੀਂ ਹੈ। ਹਰੇਕ ਮਾਈ ਭਾਈ ਲਈ ਲੰਗਰ ਦਾ ਵਿਸ਼ੇਸ਼ ਅਤੇ ਨਿਰੰਤਰ ਪ੍ਰਬੰਧ ਹੈ, ਜਿਸ ਵਿਚ ਭੀੜ-ਭੜੱਕੇ ਤੋਂ ਬਚਣ ਲਈ ਇਸਤਰੀਆਂ ਅਤੇ ਪੁਰਸ਼ਾਂ ਲਈ ਵੱਖ-ਵੱਖ ਪੰਗਤੀ ਅਨੁਸਾਸ਼ਨ ਹੈ। ਲੰਗਰ ਦੌਰਾਨ ਸਵੱਛ ਜਲ ਸੇਵਾ ਦਾ ਵੀ ਬੰਦੋਬਸਤ ਹੈ। ਖੁੱਲ੍ਹਾ ਡੁੱਲ੍ਹਾ ਜੋੜਾ ਘਰ ਸ਼ਰਧਾਲੂਆਂ ਦੀ ਵਿਸ਼ਾਲ ਰੌਣਕ, ਅਨੁਸ਼ਾਸਨ ਅਤੇ ਸਤਿਕਾਰ ਦੀ ਗਵਾਹੀ ਭਰਦਾ ਹੈ। ਇਸ ਅਸਥਾਨ ਵਿਖੇ ਚੜ੍ਹਾਵੇ ਦਾ ਬਾਕਾਇਦਾ ਹਿਸਾਬ ਰੱਖਿਆ ਜਾਂਦਾ ਹੈ। ਰਸੀਦਾਂ ਕੱਟੀਆਂ ਜਾਂਦੀਆਂ ਹਨ ਅਤੇ ਸ਼ਹਿਰ ਦੇ ਕੁਝ ਰਿਟਾਇਰਡ ਅਤੇ ਪੜ੍ਹੇ-ਲਿਖੇ ਸ਼ਰਧਾਲੂਆਂ ਵੱਲੋਂ ਇਹ



ਸੇਵਾ ਨਿਭਾਈ ਜਾਂਦੀ ਹੈ। ਪਤਾ ਲੱਗਾ ਕਿ ਹੰਸਰਾਜ ਵੇਲੇ-ਕੁਵੇਲੇ ਅਕਸਰ ਆਉਂਦੇ ਰਹਿੰਦੇ ਹਨ, ਹਾਜ਼ਰੀ ਭਰਦੇ ਹਨ ਅਤੇ ਗੱਦੀਨਸ਼ੀਨ ਹੋਣ ਦੇ ਬਾਵਜੂਦ ਇੱਕ ਸ਼ਰਧਾਲੂ ਦੀ ਤਰ੍ਹਾਂ ਨਤਮਸਤਕ ਹੁੰਦੇ ਹਨ; ਇੱਥੇ ਦੇ ਤਮਾਮ ਪ੍ਰਬੰਧਾਂ ਦਾ ਜਾਇਜ਼ਾ ਲੈਂਦੇ ਰਹਿੰਦੇ ਹਨ ਅਤੇ ਚੱਲ ਰਹੇ ਕਾਰਜਾਂ ਦੀ ਖ਼ੁਦ ਨਿਗਰਾਨੀ ਕਰਦੇ ਹਨ।

ਵਿਸ਼ੇਸ਼ ਗੱਲ ਇਹ ਦੇਖੀ ਗਈ ਕਿ ਇੱਥੇ ਕਿਸੇ ਕੋਨੇ ਵਿਚ ਵੀ ਕੋਈ ਸ਼ਖ਼ਸ ਬੀੜੀ, ਸਿਗਰਟ ਜਾਂ ਕਿਸੇ ਵੀ ਰੂਪ ਵਿਚ ਤੰਬਾਕੂਨੋਸ਼ੀ ਕਰਦਾ ਨਜ਼ਰ ਨਹੀਂ ਆਇਆ। ਹਰ ਪ੍ਰਕਾਰ ਦੇ ਨਸ਼ਿਆਂ ਦੀ ਮੁਕੰਮਲ ਪਾਬੰਦੀ ਇਸ ਅਸਥਾਨ ਦਾ ਵਿਸ਼ੇਸ਼ ਹਾਸਲ ਹੈ। ਇਸ ਪ੍ਰੇਰਨਾ ਵਿਚ, ਇਸ ਕਿਸਮ ਦੇ ਦੂਸਰੇ ਸਥਾਨਾਂ ਵਾਲੇ ਲੋਕ ਨਸ਼ਿਆਂ ਦੀ ਪਾਬੰਦੀ ਲਾਗੂ ਕਰਕੇ ਪੰਜਾਬ ਦੇ ਸਭਿਆਚਾਰ ਨੂੰ ਨਸ਼ਾਮੁਕਤ ਕਰਨ ਦਾ ਆਧਾਰ ਬਣ ਸਕਦੇ ਹਨ, ਜੋ ਅਜੋਕੇ ਅਵੇਸਲੇ ਪੰਜਾਬ ਦੀ ਫ਼ੌਰੀ ਜ਼ਰੂਰਤ ਬਣੀ ਹੋਈ ਹੈ।

ਪੜ੍ਹੇ-ਲਿਖੇ ਸਰਧਾਲੂ ਵਰਗ ਵੱਲੋਂ ਇੱਥੇ ਇੱਕ ਵੱਡੀ ਲਾਇਬਰੇਰੀ ਦੀ ਉਮੀਦ ਕੀਤੀ ਜਾ ਰਹੀ ਹੈ, ਜਿਸ ਵਿਚ ਸ਼ਹਿਰ ਦੇ ਬੱਚੇ-ਬੱਚੀਆਂ ਬੈਠ ਕੇ ਪੜ੍ਹ-ਲਿਖ ਸਕਣ, ਜਿਸ ਨਾਲ ਵਿਦਿਆ ਦੇ ਖੇਤਰ ਵਿਚ ਇਲਾਕੇ ਦੇ ਪਛੜੇਪਣ ਨੂੰ ਦੂਰ ਕੀਤਾ ਜਾ ਸਕੇ। ਇਸ ਦਿਸ਼ਾ ਵਿਚ ਚੰਗੇ ਸਕੂਲ ਕਾਲਜ ਦੇ ਨਿਰਮਾਣ ਦਾ ਵੀ ਸੁਪਨਾ ਲਿਆ ਜਾ ਰਿਹਾ ਹੈ।

ਦਰਬਾਰ ਦੇ ਬਾਹਰ ਸ਼ਰਧਾਲੂਆਂ ਵੱਲੋਂ ਵਜਦੇ ਢੋਲ ਦੀਆਂ ਤਾਨਾਂ ਕਨਸੋ ਦੇ ਰਹੀਆਂ ਸਨ ਕਿ ਕਿਸੇ ਵੇਲੇ ਇੱਥੇ ਮਹਾਨ ਤੰਬੂਰਾ ਵਾਦਕਾਂ ਦੀ ਪ੍ਰੇਰਨਾ ਵਿਚ ਸੰਗੀਤ ਵਿਦਿਆਲਾ ਆਰੰਭ ਕਰਕੇ ਪੰਜਾਬ ਦੇ ਸਿਰ ਪਰਨੇ ਹੋਏ ਸੰਗੀਤਕ ਮਾਹੌਲ ਨੂੰ ਵੀ ਪੈਰਾਂ ਸਿਰ ਕਰਨ ਬਾਬਤ ਸੋਚਿਆ ਜਾ ਸਕਦਾ ਹੈ ਅਤੇ ਆਪਣੀਆਂ ਸੰਗੀਤਕ ਪ੍ਰੰਪਰਾਵਾਂ ਤੋਂ ਭਟਕਿਆ ਪੰਜਾਬ ਬਿਰਤੀ ਖਿੰਡਾਊ ਸੰਗੀਤ ਤੋਂ ਟਿਕਾਊ ਜਾਂ ਇਕਾਗਰ ਬਿਰਤੀ ਸੰਗੀਤ ਵੱਲ ਪਲ਼ਟ ਸਕਦਾ ਹੈ। ਸੈਫ਼ ਦੇ ਵਫ਼ਦ ਨੇ ਮਹਿਸੂਸ ਕੀਤਾ ਕਿ ਆਉਣ ਵਾਲੇ ਸਮੇਂ ਵਿਚ ਹੰਸ ਰਾਜ ਹੰਸ ਦੀ ਸੋਚ ਅਤੇ ਅਗਵਾਈ ਵਿਚ ਇਸ ਅਸਥਾਨ ਵੱਲੋਂ ਜਾਰੀ ਸੇਵਾਵਾਂ ਅਤੇ ਯੋਜਨਾਵਾਂ ਨੂੰ ਭਾਂਪਦਿਆਂ ਪੰਜਾਬ ਦੀ ਸਭਿਆਚਾਰਕ ਆਬੋ ਹਵਾ ਵਿਚ ਵਿਸਮਾਦੀ ਤੱਤ ਵਾਲੇ ਸੁਭਾਉ, ਕਿਰਦਾਰ, ਸਿਹਤ, ਲਿਆਕਤ, ਬੌਧਿਕਤਾ, ਸ਼ਾਇਰਾਨਾ ਅਤੇ ਸੰਗੀਤਕ ਫ਼ਿਜ਼ਾ ਦੀ ਪੇਸ਼ੀਨਗੋਈ ਕੀਤੀ ਜਾ ਸਕਦੀ ਹੈ।

ਹੰਸ ਜੀ ਦੀ ਇਸ ਮਾਨਤਾ, ਕਿ ਸੱਚਾ ਸੂਫ਼ੀ ਸਭਿਆਚਾਰ ਨਸ਼ਾ ਰਹਿਤ ਸਮਾਜ ਦਾ ਹਾਸਿਲ ਹੈ, ਦੀ ਪ੍ਰਸ਼ੰਸਾ ਕਰਨੀ ਬਣਦੀ ਹੈ, ਕਿਉਂਕਿ ਅੱਜ ਪੰਜਾਬ ਨਸ਼ਾਗ੍ਰਸਤ ਹੈ ਅਤੇ ਨਸ਼ਾ ਮੁਕਤੀ ਲਈ ਤਾਂਘ ਰਿਹਾ ਹੈ, ਇਸ ਲਈ ਇਸ ਮੋੜ 'ਤੇ ਸਾਨੂੰ ਉਨ੍ਹਾਂ ਦੀ ਇਸ ਮੁਹਿੰਮ ਵਿਚ ਭਰਪੂਰਤਾ ਨਾਲ ਸਾਥ ਦੇਣਾ ਚਾਹੀਦਾ ਹੈ। ਸੱਚਾ ਸੂਫ਼ੀ ਗੁਰਮਤਿ ਦਾ ਉਪਾਸ਼ਕ ਹੈ। ਬਾਬਾ ਫ਼ਰੀਦ, ਪੀਰ ਬਹਾਉਦੀਨ, ਬਾਬਾ ਬੁਡਣ ਸ਼ਾਹ, ਸਾਈਂ ਮੀਆਂ ਮੀਰ, ਭੀਖਣ ਸ਼ਾਹ ਅਤੇ ਪੀਰ ਬੁਧੂ ਸ਼ਾਹ ਦੇ ਹਵਾਲੇ ਨਾਲ ਕਿਹਾ ਜਾ ਸਕਦਾ ਹੈ ਕਿ ਸੂਫ਼ੀ ਸਭਿਆਚਾਰ ਦੀ ਦਿਸ਼ਾ ਗੁਰਮਤਿ ਹੈ। ਸੂਫ਼ੀਆਂ ਦੇ ਤਮਾਮ ਸੰਸਥਾਨ ਨਸ਼ਾ ਮੁਕਤ ਹੋ ਕੇ ਪੰਜਾਬ ਦੀ ਪੁਰਾਤਨ ਆਨ, ਬਾਨ ਅਤੇ ਸ਼ਾਨ ਬਹਾਲ ਕਰ ਸਕਦੇ ਹਨ।

ਹੰਸਰਾਜ ਦਾ ਇਹ ਉਪਰਾਲਾ ਪੰਜਾਬ ਦੇ ਅਜੋਕੇ ਸਭਿਆਚਾਰਕ ਇਤਿਹਾਸ ਵਿਚ ਇੱਕ ਮੋੜ ਸਾਬਤ ਹੋ ਸਕਦਾ ਹੈ। ਸਿੱਖ ਇਤਿਹਾਸ ਦੇ ਬਿਖੜੇ ਪੈਂਡਿਆਂ ਦੌਰਾਨ ਵੀ ਉਨ੍ਹਾਂ ਆਪਣੇ ਗੀਤਾਂ ਨਾਲ ਪੰਜਾਬ ਦੇ ਮਨੋਬਲ ਨੂੰ ਡਿੱਗਣੋਂ ਬਚਾਈ ਰੱਖਿਆ ਸੀ। ਅੱਜ ਵੀ ਉਹ ਪੰਜਾਬ ਦੀ ਸਿਹਤ ਸੰਭਾਲ ਅਤੇ ਸਾਫ਼-ਸੁਥਰੇ ਵਾਤਾਵਰਣ ਲਈ ਮੋਹਰੀ ਭੂਮਿਕਾ ਨਿਭਾਉਣਗੇ।

ਸਾਈਂ ਬੁਲ੍ਹੇ ਸ਼ਾਹ ਜਿਹੇ ਮਹਾਨ ਸੂਫ਼ੀ ਸੰਤਾਂ ਦੀਆਂ ਕਿਰਤਾਂ ਦੀ ਪ੍ਰਕਿਰਤੀ ਤੋਂ ਅਨਾੜੀ ਕਿਸਮ ਦੇ ਲੋਕਾਂ ਨੇ ਸੂਫ਼ੀ ਮੱਤ ਦਾ ਗ਼ਲਤ ਰੂਪ ਅਨੁਮਾਨ ਲਿਆ ਹੈ ਅਤੇ ਉਨ੍ਹਾਂ ਦੀ ਅਧਿਆਤਮਿਕ ਮਸਤੀ ਨੂੰ ਦੇਹ ਦੀ ਮਸਤੀ ਸਮਝ ਕੇ ਨਸ਼ਿਆਂ ਦੇ ਪ੍ਰਯੋਗ ਨੂੰ ਸੂਫ਼ੀ ਅਭਿਆਸ ਸਮਝ ਲਿਆ ਗਿਆ। ਇਸ ਬੱਜਰ ਝੂਠ ਨੂੰ ਸੱਚ ਦੇ ਵਦਾਣ ਨਾਲ ਤੋੜਨ ਦੀ ਸਖ਼ਤ ਜ਼ਰੂਰਤ ਹੈ। ਪਦਮਸ਼੍ਰੀ ਹੰਸਰਾਜ ਹੰਸ ਨੇ ਨਕੋਦਰ ਵਿਖੇ ਇਸ ਸੇਵਾ ਦਾ ਸ਼ੁੱਭ ਆਗ਼ਾਜ਼ ਕਰਕੇ ਦੁਆਬੇ ਦੀ ਧਰਤੀ ਨੂੰ ਮਾਣ ਬਖ਼ਸ਼ਿਆ ਹੈ।

# ਤੰਦਰੁਸਤੀ ਦਾ ਰਾਜ਼ ਹੈ ਪਾਣੀ

**- ਸੁਖਮੰਦਰ ਸਿੰਘ ਤੂਰ**

ਮਨੁੱਖੀ ਸਰੀਰ ਦਾ ਨਿਰਮਾਣ ਜਿਨ੍ਹਾਂ ਪੰਜ ਤੱਤਾਂ ਨਾਲ ਹੋਇਆ ਮੰਨਿਆ ਗਿਆ ਹੈ, ਉਨ੍ਹਾਂ ਵਿੱਚ ਪਾਣੀ ਦੀ ਵਿਸ਼ੇਸ਼ ਅਹਿਮੀਅਤ ਹੈ। ਸਰੀਰ ਦਾ ਲਗਪਗ 70 ਫ਼ੀਸਦੀ ਭਾਗ ਪਾਣੀ ਦੁਆਰਾ ਬਣਿਆ ਹੋਇਆ ਹੈ। ਹੋਰ ਸਾਰੇ ਜੀਵਾਂ ਅਤੇ ਬਨਸਪਤੀਆਂ ਦਾ ਜੀਵਨ ਵੀ ਪਾਣੀ 'ਤੇ ਹੀ ਨਿਰਭਰ ਕਰਦਾ ਹੈ। ਪਾਣੀ ਸਰੀਰ ਵਿੱਚ ਜਾ ਕੇ ਵਿਸ਼ੇਸ਼ ਪ੍ਰਕਾਰ ਦੀ ਰਸਾਇਣ ਸੰਰਚਨਾ ਕਰਦਾ ਹੈ, ਮਲਾਂ ਦੀ ਧੁਲਾਈ ਕਰਦਾ ਹੈ, ਸਰੀਰ ਦੀ ਨਮੀ ਦਾ ਲੋੜੀਂਦਾ ਸੰਤੁਲਨ ਬਣਾਈ ਰੱਖਣਾ ਹੈ, ਚੁਸਤੀ ਬਖਸ਼ਦਾ ਹੈ ਅਤੇ ਅਨੇਕ ਪ੍ਰਕਾਰ ਦੇ ਕਾਰਨਾਂ ਤੋਂ ਪੈਦਾ ਹੋਣ ਵਾਲੀ ਗਰਮੀ ਨੂੰ ਠੰਢਾ ਕਰਦਾ ਹੈ। ਗਰਮੀਆਂ ਵਿੱਚ ਸਰੀਰ ਦਾ ਤਾਪਮਾਨ ਬਰਾਬਰ ਬਣਾਈ ਰੱਖਣ ਅਤੇ 100 ਕੈਲਰੀ ਤਾਪ ਸਰੀਰ 'ਚੋਂ ਬਾਹਰ ਕੱਢਣ ਲਈ ਮਨੁੱਖ ਨੂੰ ਢਾਈ ਤੋਂ ਤਿੰਨ ਲਿਟਰ ਪਾਣੀ ਪਸੀਨੇ ਦੇ ਰੂਪ ਵਿੱਚ ਬਾਹਰ ਕੱਢਣਾ ਪੈਂਦਾ ਹੈ। ਮਨੁੱਖੀ ਸਰੀਰ ਵਿੱਚ ਹਰ ਰੋਜ਼ ਕਰੀਬ 2.60 ਕਿਲੋਗ੍ਰਾਮ ਪਾਣੀ ਖਰਚ ਹੁੰਦਾ ਹੈ। ਇਸ ਵਿੱਚੋਂ ਗੁਰਦਿਆਂ ਰਾਹੀਂ 150 ਗ੍ਰਾਮ, ਚਮੜੀ ਰਾਹੀਂ 650 ਗ੍ਰਾਮ, ਫੇਫੜਿਆਂ ਰਾਹੀਂ 320 ਗ੍ਰਾਮ ਅਤੇ ਮਲ ਮਾਰਗ ਰਾਹੀਂ 130 ਗ੍ਰਾਮ ਪਾਣੀ ਖਰਚ ਹੁੰਦਾ ਹੈ, ਭਾਵ ਇਸ ਖਰਚ ਹੋਣ ਵਾਲੇ ਪਾਣੀ ਦੀ ਪੂਰਤੀ ਭੋਜਨ ਵਿੱਚੋਂ ਪ੍ਰਾਪਤ ਹੋਣ ਵਾਲੇ ਪਾਣੀ ਰਾਹੀਂ ਪ੍ਰਾਪਤ ਹੁੰਦੀ ਰਹਿੰਦੀ ਹੈ, ਫਿਰ ਵੀ ਇਸ ਦਾ ਸੰਤੁਲਨ ਬਣਾਈ ਰੱਖਣ ਲਈ ਮਨੁੱਖ ਨੂੰ ਰੋਜ਼ਾਨਾ ਘੱਟੋ-ਘੱਟ ਤਿੰਨ ਤੋਂ ਸਾਢੇ ਤਿੰਨ ਲਿਟਰ ਪਾਣੀ ਪੀਣਾ ਜ਼ਰੂਰੀ ਹੈ।

ਸਰੀਰ ਦੇ ਅੰਦਰ ਹਰ ਖ਼ਾਸ ਪ੍ਰਕਿਰਿਆ 'ਚ ਪਾਣੀ ਦੀ ਅਹਿਮ ਭੂਮਿਕਾ ਹੁੰਦੀ ਹੈ। ਸਰੀਰ ਵਿੱਚ ਆਕਸੀਜਨ ਅਤੇ ਇਨਫੈਕਸ਼ਨ ਨਾਲ ਲੜਨ ਵਾਲੀਆਂ ਕੋਸ਼ਿਕਾਵਾਂ ਖ਼ੂਨ ਨਾਲ ਹੀ ਵਗਦੀਆਂ ਹਨ। ਖ਼ੂਨ ਦਾ 83 ਫ਼ੀਸਦੀ ਹਿੱਸਾ ਪਾਣੀ ਹੁੰਦਾ ਹੈ। ਭੋਜਨ ਨੂੰ ਪਚਾਉਣ ਅਤੇ ਉਸ ਤੋਂ ਪੌਸ਼ਿਕ ਤੱਤ ਗ੍ਰਹਿਣ ਕਰਨ ਦੀ ਪ੍ਰਕਿਰਿਆ ਵਿੱਚ ਵੀ ਪਾਣੀ ਦੀ ਜ਼ਰੂਰਤ ਹੁੰਦੀ ਹੈ। ਇੱਥੋਂ ਤਕ ਕਿ ਸਾਹ ਲੈਣ 'ਚ ਵੀ ਨਮੀ ਦੀ ਲੋੜ ਹੁੰਦੀ ਹੈ, ਜਿਸ ਦੀ ਪੂਰਤੀ ਵੀ ਪਾਣੀ ਦੁਆਰਾ ਹੀ ਹੁੰਦੀ ਹੈ। ਸਿਹਤਮੰਦ ਗੁਰਦੇ ਸਰੀਰ 'ਚ ਪਾਣੀ ਦਾ ਸੁਰੱਖਿਅਤ ਪੱਧਰ ਬਣਾਈ ਰੱਖਦੇ ਹਨ ਪਰ ਜੇਕਰ ਇਨ੍ਹਾਂ ਨੂੰ ਘੱਟ ਪਾਣੀ ਨਾਲ ਕੰਮ ਕਰਨਾ ਪਵੇ ਤਾਂ ਇਨ੍ਹਾਂ 'ਤੇ ਜ਼ੋਰ ਪੈਂਦਾ ਹੈ। ਜੇਕਰ ਅਸੀਂ ਘੱਟ ਪਾਣੀ ਪੀਂਦੇ ਹਾਂ ਉਸ ਦਾ ਸਰੀਰ ਦੀਆਂ ਖ਼ਾਸ ਕਿਰਿਆਵਾਂ ਲਈ ਉਪਯੋਗ ਹੋ ਜਾਂਦਾ ਹੈ ਕਿ ਬਾਕੀ ਕਿਰਿਆਵਾਂ ਲਈ ਪਾਣੀ ਨਹੀਂ ਬਚਦਾ। ਬਾਕੀ ਕਿਰਿਆਵਾਂ 'ਚ ਭੋਜਨ ਦਾ ਪਚਣਾ ਅਤੇ ਚਮੜੀ ਦੀ ਖ਼ੂਬਸੂਰਤੀ ਸ਼ਾਮਲ ਹੈ। ਸਿੱਟੇ ਵਜੋਂ ਕਬਜ਼ ਅਤੇ ਚਮੜੀ ਦੇ ਖੁਸ਼ਕ ਹੋਣ ਦੀ ਸ਼ਿਕਾਇਤ ਹੋ ਜਾਂਦੀ ਹੈ। ਸਿਹਤ ਮਾਹਰਾਂ ਦਾ ਮੰਨਣਾ ਹੈ ਕਿ ਗੁਰਦਿਆਂ 'ਚੋਂ ਪਾਣੀ ਦੀ ਇੱਕ ਨੀਅਤ ਮਾਤਰਾ ਦਾ ਲੰਘਣਾ ਜ਼ਰੂਰੀ ਹੈ, ਨਹੀਂ ਤਾਂ ਜਿਨ੍ਹਾਂ ਬੈਕਟੀਰੀਆ ਨੂੰ ਗੁਰਦਿਆਂ ਤੇ ਮੂਤਰ ਨਲੀ 'ਚੋਂ ਪੇਸ਼ਾਬ ਰਾਹੀਂ ਨਿਕਲ ਜਾਣਾ ਚਾਹੀਦਾ ਹੈ, ਉਹ ਉੱਥੇ ਹੀ ਰਹਿ ਜਾਂਦੇ ਹਨ। ਇਸ ਨਾਲ ਮੂਤਰ ਨਲੀ 'ਚ ਇਨਫੈਕਸ਼ਨ ਹੋਣ ਦਾ ਖ਼ਤਰਾ ਬਣਿਆ ਰਹਿੰਦਾ ਹੈ। ਘੱਟ ਪਾਣੀ ਪੀਣ ਨਾਲ ਗੁਰਦਿਆਂ 'ਚ ਪੱਥਰੀ ਬਣਨ ਦੀ ਤਕਲੀਫ਼ ਵੀ ਹੋ ਸਕਦੀ ਹੈ। ਰੋਜ਼ਾਨਾ ਪੂਰਾ ਪਾਣੀ ਪੀਣ ਨਾਲ ਗੁਰਦੇ ਦੀ ਪੱਥਰੀ ਅਤੇ ਇਨਫੈਕਸ਼ਨ ਤੋਂ ਬਚਾਅ ਰਹਿੰਦਾ ਹੈ।

ਮਾਹਰਾਂ ਅਨੁਸਾਰ ਸਾਡੇ ਸਰੀਰ ਵਿੱਚ ਪਾਣੀ ਦਾ ਆਪਣਾ ਵਿਗਿਆਨ ਹੈ। ਇੱਕ ਤੰਦਰੁਸਤ ਵਿਅਕਤੀ ਦੇ ਸਰੀਰ ਨੂੰ ਸਾਢੇ ਤਿੰਨ ਤੋਂ ਚਾਰ ਲਿਟਰ ਪਾਣੀ ਦੀ ਜ਼ਰੂਰਤ ਹੁੰਦੀ ਹੈ। ਪਾਣੀ ਪੀਣ ਦਾ ਸਭ ਤੋਂ ਵਧੀਆ ਸਮਾਂ ਸਵੇਰੇ ਖਾਲੀ ਪੇਟ ਹੈ। ਰਾਤੀਂ ਆਰਾਮ ਦੌਰਾਨ ਜਾਂ ਵਰਤ ਆਦਿ ਰੱਖੇ ਜਾਣ 'ਤੇ ਸਰੀਰ 'ਚੋਂ ਜ਼ਹਿਰੀਲੇ ਤੱਤ ਬਾਹਰ ਕੱਢਣ ਵਾਲੇ ਅੰਗ ਗੁਰਦੇ, ਚਮੜੀ, ਆਂਦਰਾਂ ਅਤੇ ਫੇਫੜੇ ਆਦਿ ਜ਼ਿਆਦਾ ਚੁਸਤ-ਫੁਰਤ ਹੋ ਜਾਂਦੇ ਹਨ। ਖਾਲੀ ਪੇਟ ਪਾਣੀ ਪੀਣ ਨਾਲ ਇਨ੍ਹਾਂ ਸਾਰੇ ਅੰਗਾਂ ਦੀ ਸਫ਼ਾਈ ਚੰਗੀ ਤਰ੍ਹਾਂ ਹੋ ਜਾਂਦੀ ਹੈ। ਇੱਕ ਆਮ ਮਿਹਨਤ ਕਰਨ ਵਾਲੇ ਵਿਅਕਤੀ ਨੂੰ ਰੋਜ਼ਾਨਾ ਦਸ ਗਿਲਾਸ ਪਾਣੀ ਦੀ ਜ਼ਰੂਰਤ ਹੁੰਦੀ ਹੈ। ਉਂਜ ਇਹ ਮਨੁੱਖ ਦੀ ਕੰਮ ਕਰਨ ਦੀ ਸਮਰੱਥਾ 'ਤੇ ਨਿਰਭਰ ਕਰਦਾ ਹੈ ਕਿ ਉਸ ਨੂੰ ਰੋਜ਼ਾਨਾ ਕਿੰਨਾ ਪਾਣੀ ਪੀਣਾ ਚਾਹੀਦਾ ਹੈ। ਗਰਮੀਆਂ ਦੇ ਮੌਸਮ 'ਚ



ਸਰੀਰ 'ਚੋਂ ਕਾਫ਼ੀ ਮਾਤਰਾ 'ਚ ਪਾਣੀ ਪਸੀਨੇ ਦੇ ਰੂਪ ਵਿੱਚ ਨਿਕਲਦਾ ਹੈ, ਦੂਜੇ ਪਾਸੇ ਸਰਦੀਆਂ 'ਚ ਵੀ ਵਾਰ ਵਾਰ ਪੇਸ਼ਾਬ ਦੇ ਜ਼ਰੀਏ ਕਾਫ਼ੀ ਮਾਤਰਾ 'ਚੋਂ ਪਾਣੀ ਖਾਰਜ ਹੁੰਦਾ ਹੈ ਪਰ ਇਸ ਨੂੰ ਅਸੀਂ ਬਹੁਤਾ ਗੰਭੀਰਤਾ ਨਾਲ ਨਹੀਂ ਲੈਂਦੇ। ਬੁਖ਼ਾਰ 'ਚ ਵੀ ਸਰੀਰ 'ਚੋਂ ਤੇਜ਼ੀ ਨਾਲ ਪਾਣੀ ਦੀ ਮਾਤਰਾ ਘਟਦੀ ਹੈ, ਕਿਉਂਕਿ ਮਰੀਜ਼ ਜ਼ਿਆਦਾ ਤੇਜ਼ੀ ਨਾਲ ਸਾਹ ਲੈਂਦਾ ਹੈ। ਇਸ ਦੇ ਨਾਲ ਉਸ ਨੂੰ ਜ਼ਿਆਦਾ ਪਸੀਨਾ ਆਉਂਦਾ ਹੈ ਤੇ ਕਈ ਵਾਰ ਉਲਟੀਆਂ ਵੀ ਆ ਜਾਂਦੀਆਂ ਹਨ ਜਿਸ ਨਾਲ ਸਰੀਰ 'ਚ ਪਾਣੀ ਦੀ ਕਮੀ ਹੋ ਜਾਂਦੀ ਹੈ। ਮਨੁੱਖੀ ਸਰੀਰ ਨੂੰ ਪਾਣੀ ਦੀ ਸਪਲਾਈ ਦੇ ਤਿੰਨ ਚਰਨ ਹਨ। ਪਹਿਲਾ ਚਰਨ ਜਨਮ ਲੈਣ ਤੋਂ ਪਹਿਲਾਂ ਦੀ ਅਵਸਥਾ ਦਾ ਹੈ ਜਦੋਂ ਬੱਚਾ ਮਾਂ ਦੇ ਗਰਭ 'ਚ ਬਣਨਾ ਸ਼ੁਰੂ ਹੁੰਦਾ ਹੈ। ਦੂਜਾ ਚਰਨ ਕਿਸ਼ੋਰ ਅਵਸਥਾ ਅਤੇ ਤੀਜਾ ਚਰਨ ਜਵਾਨੀ ਦਾ ਹੈ। ਜੇਕਰ ਇਨ੍ਹਾਂ ਤਿੰਨਾਂ 'ਚੋਂ ਕਿਸੇ ਇੱਕ ਚਰਨ 'ਚ ਸਰੀਰ ਨੂੰ ਸਹੀ ਮਾਤਰਾ 'ਚ ਪਾਣੀ ਨਹੀਂ ਮਿਲਦਾ ਤਾਂ 40 ਸਾਲ ਦੀ ਉਮਰ ਤੋਂ ਬਾਅਦ ਸਰੀਰ ਕਈ ਤਰ੍ਹਾਂ ਦੇ ਰੋਗਾਂ ਦਾ ਸ਼ਿਕਾਰ ਹੋ ਸਕਦਾ ਹੈ, ਜਿਨ੍ਹਾਂ ਵਿੱਚ ਜੋੜਾਂ ਦਾ ਦਰਦ, ਗਠੀਆ, ਪੇਟ ਦੀ ਜਲਨ, ਤੇਜ਼ਾਬੀਪਨ, ਅੱਖਾਂ ਦੀ ਰੋਸ਼ਨੀ ਦਾ ਘਟਨਾ, ਵਾਲਾਂ ਦਾ ਸਫੈਦ ਹੋਣਾ ਆਦਿ ਪ੍ਰਮੁੱਖ ਹਨ। ਖ਼ੁਰਾਕ ਜਾਂ ਆਹਾਰ ਭਾਵੇਂ ਕਿੰਨਾ ਵੀ ਪੌਸ਼ਟਿਕ ਅਤੇ ਛੇਤੀ ਪਚਣ ਵਾਲਾ ਹੋਵੇ, ਉਸ ਦਾ ਵਰਤਣਾ ਉਸ ਸਮੇਂ ਤਕ ਵਿਅਰਥ ਹੋਵੇਗਾ ਜਦੋਂ ਤਕ ਕਿ ਉਸ ਵਿੱਚ ਪਾਣੀ ਦੀ ਘਾਟ ਨੂੰ ਪੂਰਾ ਨਹੀਂ ਕੀਤਾ ਜਾਂਦਾ। ਇੱਕ ਤਾਂ ਇਹ ਪਾਣੀ ਦੀ ਸਹਾਇਤਾ ਤੋਂ ਬਿਨਾਂ ਪਚ ਨਹੀਂ ਸਕੇਗਾ ਅਤੇ ਨਾ ਹੀ ਦਿਲ, ਦਿਮਾਗ, ਰਗਾਂ ਪੱਠਿਆਂ ਆਦਿ ਅੰਗਾਂ ਨੂੰ ਪੁਸ਼ਟ ਕਰਨ ਦੇ ਯੋਗ ਹੋਵੇਗਾ। ਪਾਣੀ ਉਹ ਪਦਾਰਥ ਹੈ ਜਿਹੜਾ ਭੋਜਨ ਨੂੰ ਰਗਾਂ ਵਿੱਚੋਂ ਲੰਘਾ ਕੇ ਅੰਗਾਂ ਨੂੰ ਵਿਕਸਤ ਕਰਦਾ ਹੈ। ਤਪਦੇ ਹੋਏ ਸੂਰਜ ਦੀ ਧੁੱਪ ਵਿੱਚ ਚੌਥਾਈ ਗੈਲਨ ਫ਼ੀ ਘੰਟੇ ਦੇ ਹਿਸਾਬ ਨਾਲ ਪਾਣੀ ਸਰੀਰ 'ਚੋਂ ਬਾਹਰ ਨਿਕਲਦਾ ਹੈ। ਸਰੀਰ ਦਾ 3 ਤੋਂ 5 ਫ਼ੀਸਦੀ ਪਾਣੀ ਨਿਕਲ ਜਾਣ ਨਾਲ ਬੇਚੈਨੀ ਮਹਿਸੂਸ ਹੁੰਦੀ ਹੈ ਅਤੇ ਚਿੜਚਿੜਾਪਣ ਵੀ ਆ ਜਾਂਦਾ ਹੈ। ਇਸ ਪਿੱਛੋਂ 5 ਤੋਂ 1 ਫ਼ੀਸਦੀ ਘਟ ਜਾਣ ਨਾਲ ਮੂੰਹ ਸੁੱਕ ਜਾਂਦਾ ਹੈ, ਜੀਭ ਤਾਲੂ ਨਾਲ ਚਿਪਕ ਜਾਂਦੀ ਹੈ ਅਤੇ ਚਮੜੀ ਸੁੰਗੜਨ ਲੱਗਦੀ ਹੈ। ਚਮੜੀ ਸੁੰਗੜਨ ਨਾਲ ਮੂੰਹ ਭਰਿਆ-ਭਰਿਆ ਲੱਗਦਾ ਹੈ ਅਤੇ ਮਨੁੱਖ ਨਿਗਲਣ ਦੀ ਕਿਰਿਆ ਨੂੰ ਛੇਤੀ-ਛੇਤੀ ਕਰਦਾ ਹੈ। ਪਾਣੀ ਦੀ 10 ਤੋਂ 12 ਫ਼ੀਸਦੀ ਕਮੀ ਨਾਲ ਅੱਖਾਂ ਝਪਕਣੀਆਂ ਬੰਦ ਹੋ ਜਾਂਦੀਆਂ ਹਨ। ਇਸ ਸਥਿਤੀ ਵਿੱਚ ਮਨੁੱਖ ਨੂੰ ਤੁਰਤ ਡਾਕਟਰੀ ਸਹਾਇਤਾ ਦੀ ਜ਼ਰੂਰਤ ਹੁੰਦੀ ਹੈ। ਪਾਣੀ ਸਾਡੇ ਦਿਲ, ਦਿਮਾਗ ਤੇ ਫੇਫੜਿਆਂ 'ਚ ਖ਼ੂਨ ਅਤੇ ਆਕਸੀਜਨ ਪਹੁੰਚਾਉਣ 'ਚ ਵੀ ਸਹਾਇਕ ਹੁੰਦਾ ਹੈ। ਅਸੀਂ ਇੱਕ ਦਿਨ 'ਚ ਜੋ ਕੁਝ ਵੀ ਖਾਂਦੇ ਹਾਂ, ਉਹ ਸਾਡੇ ਸਰੀਰ 'ਚ 2/3 ਲੋੜ ਨੂੰ ਪੂਰਾ ਕਰਦਾ ਹੈ। ਜਿਹੜੀ 1/3 ਕਮੀ ਰਹਿ ਜਾਂਦੀ ਹੈ, ਉਸ ਨੂੰ ਰੋਜ਼ 10 ਗਲਾਸ ਪਾਣੀ ਪੀ ਕੇ ਪੂਰਾ ਕੀਤਾ ਜਾ ਸਕਦਾ ਹੈ। ਪਾਣੀ ਦੀਆਂ ਆਪਣੀਆਂ ਕੁਦਰਤੀ ਵਿਸ਼ੇਸ਼ਤਾਈਆਂ ਹਨ। ਇਨ੍ਹਾਂ ਨੂੰ ਪੂਰਾ ਕਰਨ ਵਿੱਚ ਚਾਹ, ਸੋਡਾ ਵਾਟਰ, ਸ਼ਰਬਤ, ਲੱਸੀ, ਫਲਾਂ ਦਾ ਰਸ ਆਦਿ ਪੀਣ ਯੋਗ ਪਦਾਰਥ ਵੀ ਅਸਮਰੱਥ ਹਨ।

ਅਜਬ-ਗ਼ਜ਼ਬ

# 17 ਕਿਲੋਮੀਟਰ ਲੰਬਾ ਬੰਕਰ

ਸ਼ੀਤ ਯੁੱਧ ਦੇ ਦੌਰ 'ਚ ਜਰਮਨੀ 'ਚ ਕਈ ਬੰਕਰ ਸਨ ਪਰ ਘੱਟ ਹੀ ਲੋਕਾਂ ਨੂੰ ਪਤਾ ਹੈ ਕਿ ਉਨ੍ਹਾਂ 'ਚੋਂ ਇਕ 17.3 ਕਿਲੋਮੀਟਰ ਲੰਬਾ ਬੰਕਰ ਸੀ। ਪੱਛਮੀ ਜਰਮਨੀ ਦੀ ਸਰਕਾਰ ਨੇ ਇਸ ਦਾ ਨਿਰਮਾਣ ਆਪਣੀ ਰਾਜਧਾਨੀ ਬੋਨ ਦੇ 3 ਹਜ਼ਾਰ ਮਹੱਤਵਪੂਰਨ ਅਧਿਕਾਰੀਆਂ ਐਮਰਜੈਂਸੀ ਸਥਿਤੀ 'ਚ ਸੁਰੱਖਿਆ ਪ੍ਰਦਾਨ ਕਰਨ ਦੇ ਮਕਸਦ ਨਾਲ ਕੀਤਾ ਸੀ। ਰਾਇਨ ਨਦੀ ਦੀ ਇਕ ਉਪ ਨਦੀ ਨਾਲ ਸਥਿਤ ਅੰਗੂਰਾਂ ਦੇ ਬਾਗ ਦੇ ਹੇਠਾਂ ਮੌਜੂਦ ਇਸ ਬੰਕਰ ਦੀ 1997 'ਚ ਬਰਲਿਨ ਦੀ ਦੀਵਾਰ ਢਾਹੇ ਜਾਣ ਦੇ 10 ਸਾਲਾਂ ਤੋਂ ਘੱਟ ਸਮੇਂ 'ਚ ਵਰਤੋਂ ਖਤਮ ਹੋ ਗਈ ਅਤੇ ਇਸ ਦੇ ਜ਼ਿਆਦਾਤਰ ਹਿੱਸਿਆਂ ਨੂੰ ਨਸ਼ਟ ਕਰ ਦਿੱਤਾ ਗਿਆ। ਪਿਛਲੇ ਲੱਗਭਗ 5 ਸਾਲਾਂ ਤੋਂ ਇਸ ਦੇ ਰਹਿੰਦੇ-ਖੂੰਹਦੇ 203 ਮੀਟਰ ਲੰਬੇ ਹਿੱਸੇ ਨੂੰ ਆਮ ਜਨਤਾ ਲਈ ਖੋਲ੍ਹ ਦਿੱਤਾ ਗਿਆ ਹੈ। ਬੰਕਰ ਦੇ ਮੁੱਖ ਹਿੱਸੇ 'ਚ ਦੋ ਸੁਰੰਗਾਂ ਸਨ, ਜਿਨ੍ਹਾਂ ਨੂੰ ਮੂਲ ਰੂਪ 'ਚ ਟ੍ਰੇਨਾਂ ਲਈ ਤਿਆਰ ਕੀਤਾ ਗਿਆ ਸੀ। ਇਸ 'ਚ ਟ੍ਰੇਨਾਂ ਕਦੇ ਨਹੀਂ ਚੱਲੀਆਂ ਅਤੇ 1930 ਦੇ ਦਹਾਕੇ 'ਚ ਇਸ ਨੂੰ ਮਸ਼ਰੂਮ ਉਗਾਉਣ ਲਈ ਵਰਤਿਆ ਜਾਣ ਲੱਗਾ। 1943 'ਚ ਬੁੱਚਨੇਵਾਦ ਸ਼ੋਸ਼ਣ ਕੈਂਪ ਨੇ ਇਥੇ ਇਕ ਕੈਂਪ ਬਣਾਇਆ, ਜਿਥੇ ਕੈਦੀਆਂ ਤੋਂ ਵੀ-2 ਰਾਕੇਟਾਂ ਲਈ ਮੋਬਾਈਲ ਲਾਂਚਿੰਗ ਪੈਡ ਤਿਆਰ ਕਰਵਾਏ ਜਾਂਦੇ ਸਨ। ਦੂਜੀ ਵਿਸ਼ਵ ਜੰਗ ਤੋਂ ਬਾਅਦ ਇਨ੍ਹਾਂ ਸੁਰੰਗਾਂ ਨੂੰ ਜਰਮਨ ਵਾਸੀਆਂ ਨੇ ਸ਼ਰਣ ਸਥਲੀ ਦੇ ਤੌਰ 'ਤੇ ਵੀ ਵਰਤਿਆ। 1952 'ਚ ਜਦੋਂ ਸ਼ੀਤ ਯੁੱਧ ਦੀ ਸ਼ੁਰੂਆਤ ਹੋਈ ਤਾਂ ਪੱਛਮੀ ਜਰਮਨੀ ਦੀ ਸਰਕਾਰ ਨੂੰ ਸੰਭਾਵਿਤ ਯੁੱਧ ਦੀ ਸਥਿਤੀ 'ਚ ਕਿਸੇ ਸੁਰੱਖਿਅਤ ਸਥਾਨ ਦੀ ਲੋੜ ਮਹਿਸੂਸ ਹੋਈ। ਉਦੋਂ ਉਨ੍ਹਾਂ ਪੁਰਾਣੀਆਂ ਰੇਲ ਸੁਰੰਗਾਂ ਨੂੰ ਬੰਕਰ ਦਾ ਰੂਪ ਦੇਣ ਦਾ ਕੰਮ ਸ਼ੁਰੂ ਕੀਤਾ ਗਿਆ, ਜਿਸ ਨੂੰ ਬੇਹੱਦ ਗੁਪਤ ਰੱਖਿਆ ਗਿਆ। 1962 'ਚ ਨਿਰਮਾਣ ਸ਼ੁਰੂ ਹੋਇਆ, ਜੋ 1971 'ਚ ਪੂਰਾ ਹੋਇਆ। ਇਸ ਕੰਮ 'ਚ ਸਾਢੇ 17 ਹਜ਼ਾਰ ਵਿਅਕਤੀ ਸ਼ਾਮਲ ਸਨ। ਬੰਕਰ 'ਚੋਂ ਬਾਹਰ ਨਿਕਲਣ ਦੇ 38 ਰਸਤੇ ਸਨ ਅਤੇ ਪੰਜ ਹਿੱਸੇ ਬਣਾਏ ਗਏ ਸਨ, ਜਿਨ੍ਹਾਂ 'ਚ ਵੱਖਰੇ ਤੌਰ 'ਤੇ ਬਿਜਲੀ, ਪਾਣੀ ਅਤੇ ਹਵਾ ਦਾ ਬੰਦੋਬਸਤ ਸੀ। ਇਸ ਦਾ ਕੁੱਲ ਖਰਚਾ 3.6 ਅਰਬ ਯੂਰੋ ਆਇਆ। ਪੂਰਾ ਹੋਣ ਤੋਂ ਬਾਅਦ ਇਸ ਬੰਕਰ 'ਚ 180 ਕਰਮਚਾਰੀਆਂ ਨੂੰ ਨਿਯੁਕਤ ਕੀਤਾ ਗਿਆ। ਹਰ ਕਿਸੇ ਕੋਲ ਬੰਕਰ 'ਚ ਕਿਤੇ ਵੀ ਪਹੁੰਚਣ ਲਈ ਇਕ ਸਾਈਕਲ ਸੀ ਤੇ ਉਥੇ ਬਿਜਲੀ ਨਾਲ ਚੱਲਣ ਵਾਲੇ ਕੁਝ ਵਾਹਨ ਵੀ ਸਨ। ਇਸ ਜ਼ਮੀਨਦੋਜ਼ ਬੰਕਰ 'ਚ 900 ਦਫਤਰ, ਕੰਟੀਨ, ਡਿਸਪੈਂਸਰੀਆਂ, ਪੰਜ ਕਮਾਂਡ ਅਤੇ ਸਿੱਕਿਆਂ ਨਾਲ ਚੱਲਣ ਵਾਲੇ ਦੋ ਪਬਲਿਕ ਟੈਲੀਫੋਨ ਬੂਥ ਵੀ ਸਨ। ਬੰਕਰ ਨੂੰ 800 ਮੀਟਰ ਦੂਰ ਹੋਣ ਵਾਲੇ 20 ਕਿਲੋ ਟਨ ਧਮਾਕੇ ਨੂੰ ਸਹਿਣ ਕਰਨ ਦੇ ਸਮਰੱਥ ਬਣਾਇਆ ਗਿਆ ਸੀ। ਇਥੇ 3 ਹਜ਼ਾਰ ਵਿਅਕਤੀਆਂ ਲਈ 30 ਦਿਨਾਂ ਦੇ ਭੋਜਨ ਦਾ ਪ੍ਰਬੰਧ ਸੀ। ਨਾਲ ਹੀ ਇਥੇ ਹਰ ਪੁਰਜੇ ਦਾ ਡੁਪਲੀਕੇਟ ਰੱਖਿਆ ਗਿਆ ਸੀ, ਕਿਉਂਕਿ ਉਹ ਹਰ ਸਥਿਤੀ ਲਈ ਤਿਆਰ ਰਹਿਣਾ ਚਾਹੁੰਦੇ ਸਨ।



# ਸੁਖਨਾ ਵੈੱਟਲੈਂਡ ਨੂੰ ਰਾਮਸਰ ਸਾਇਟ ਐਲਾਨਿਆ ਗਿਆ

**ਚੰਡੀਗੜ੍ਹ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਾਤਾਵਰਣ ਸੰਭਾਲ਼ ਦੇ ਖੇਤਰ ਵਿੱਚ ਇੱਕ ਇਤਿਹਾਸਿਕ ਉਪਲਬਧ ਹਾਸਲ ਕਰਦੇ ਹੋਏ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਨੇ ਇੱਕ ਬੜਾ ਮੁਕਾਮ ਤੈਅ ਕੀਤਾ ਹੈ। ਸੁਖਨਾ ਵੈੱਟਲੈਂਡ ਨੂੰ ਅਧਿਕਾਰਿਤ ਤੌਰ 'ਤੇ 'ਅੰਤਰਰਾਸ਼ਟਰੀ ਮਹੱਤਵ ਦਾ ਰਾਮਸਰ ਸਾਇਟ' ਐਲਾਨ ਕਰ ਦਿੱਤਾ ਗਿਆ ਹੈ। ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਵਾਤਾਵਰਣ ਸੰਭਾਲ਼ ਅਤੇ ਪ੍ਰਕ੍ਰਿਤੀ ਦੇ ਬਿਹਤਰ ਪ੍ਰਬੰਧਨ ਲਈ ਇਸ ਇਤਿਹਾਸਿਕ ਕਦਮ ਦੀ ਸ਼ਲਾਘਾ ਕੀਤੀ ਹੈ। ਪ੍ਰਸ਼ਾਸਨ ਅਤੇ ਨਾਗਰਿਕਾਂ ਵੱਲੋਂ ਗਹਿਰੀ ਖੁਸ਼ੀ ਅਤੇ ਮਾਣ ਜਤਾਉਂਦੇ ਹੋਏ ਸ਼੍ਰੀ ਕਟਾਰੀਆ ਨੇ ਚੰਡੀਗੜ੍ਹ ਦੇ ਲੋਕਾਂ, ਵਾਤਾਵਰਣ ਪ੍ਰੇਮੀਆਂ, ਮਾਹਰਾਂ, ਵਣ ਅਤੇ ਵਣਜੀਵ ਵਿਭਾਗ ਅਤੇ ਇਸ ਨਾਲ ਜੁੜੇ ਸਾਰੇ ਲੋਕਾਂ ਨੂੰ ਵਧਾਈ ਦਿੱਤੀ, ਜਿਨ੍ਹਾਂ ਦੇ ਲਗਾਤਾਰ ਪ੍ਰਯਾਸਾਂ ਨਾਲ ਇਸ ਪ੍ਰਾਕ੍ਰਿਤਿਕ ਧਰੋਹਰ ਨੂੰ ਸੁਰੱਖਿਅਤ ਰੱਖਿਆ ਜਾ ਸਕਿਆ। ਇਸ ਪ੍ਰਤਿਸ਼ਠਿਤ ਅੰਤਰਰਾਸ਼ਟਰੀ ਸੂਚੀ ਵਿੱਚ ਸੁਖਨਾ ਵੈੱਟਲੈਂਡ ਦੇ ਸ਼ਾਮਲ ਹੋਣ ਨਾਲ ਵੈਟਲੈਂਡ ਸੰਭਾਲ਼, ਜੈਵ ਵਿਵਿਧਤਾ ਦੀ ਸੁਰੱਖਿਆ ਅਤੇ ਵਾਤਾਵਰਣ ਪ੍ਰਬੰਧਨ ਵਿੱਚ ਭਾਰਤ ਦੀ ਆਲਮੀ ਸਾਖ ਹੋਰ ਮਜ਼ਬੂਤ ? ?ਹੋਈ ਹੈ।

ਸੁਖਨਾ ਵੈੱਟਲੈਂਡ ਨੂੰ ਰਾਮਸਰ ਸਾਇਟ ਦਾ ਦਰਜਾ ਮਿਲਣਾ ਇਸ ਦੇ ਵਾਤਾਵਰਣਕ ਅਤੇ ਸੱਭਿਆਚਾਰਕ ਮਹੱਤਵ ਨੂੰ ਦਰਸਾਉਂਦਾ ਹੈ। ਇਹ ਕੇਵਲ ਸ਼ਹਿਰ ਦੀ ਇੱਕ ਪਹਿਚਾਣ ਹੀ ਨਹੀਂ ਹੈ, ਬਲਕਿ ਜੀਵਨ ਅਤੇ ਜੈਵ ਵਿਵਿਧਤਾ ਦਾ ਇੱਕ ਅਹਿਮ ਕੇਂਦਰ ਵੀ ਹੈ। ਇਹ ਹਰ ਸਾਲ 'ਸੈਂਟਰਲ ਏਸ਼ੀਅਨ ਫਲਾਈਵੇਅ' ਤੋਂ ਹੋ ਕੇ ਗੁਜਰਨ ਵਾਲੇ ਹਜ਼ਾਰਾਂ ਪ੍ਰਵਾਸੀ ਪੰਛੀਆਂ ਨੂੰ ਸੁਰੱਖਿਅਤ ਟਿਕਾਣਾ ( ਪ੍ਰਦਾਨ ਕਰਦਾ ਹੈ। ਰਾਮਸਰ ਕਨਵੈਨਸ਼ਨ ਦੇ ਤਹਿਤ ਇਸ ਅੰਤਰਰਾਸ਼ਟਰੀ ਮਾਨਤਾ ਨਾਲ ਹੁਣ ਇਸ ਨੂੰ ਆਲਮੀ ਵਿਗਿਆਨਿਕ ਸਹਿਯੋਗ, ਬਿਹਤਰ ਤਕਨੀਕੀ ਮਦਦ, ਅਤੇ ਵਾਤਾਵਰਣ ਸਿੱਖਿਆ ਦੇ ਨਾਲ-ਨਾਲ ਈਕੋ-ਟੂਰਿਜ਼ਮ ਦੇ ਨਵੇਂ ਅਵਸਰ ਮਿਲਣਗੇ। ਇਹ ਇਤਿਹਾਸਿਕ ਦਰਜਾ ਚੰਡੀਗੜ੍ਹ ਪ੍ਰਸ਼ਾਸਨ ਦੇ ਉਸ ਸੰਕਲਪ ਨੂੰ ਹੋਰ ਮਜ਼ਬੂਤ ਕਰਦਾ ਹੈ, ਜਿਸ ਦੇ ਤਹਿਤ ਵੈਟਲੈਂਡ, ਇਸ ਦੇ ਵਿਸ਼ਾਲ ਜਲ-ਗ੍ਰਹਿਣ ਖੇਤਰ (ਕੈਚਮੈਂਟ ਏਰੀਆ) ਅਤੇ ਪਾਸ ਦੀ ਸੁਖਨਾ ਵਣਜੀਵ ਰੱਖ (ਸੈਂਕਚੁਰੀ) ਨੂੰ ਨੁਕਸਾਨ ਤੋਂ ਬਚਾਇਆ ਜਾਵੇਗਾ ਅਤੇ ਲੰਬੇ ਸਮੇਂ ਤੱਕ ਵਾਤਾਵਰਣਕ ਸੰਤੁਲਨ ਬਣਿਆ ਰਹੇਗਾ।

ਇਹ ਬੜੀ ਅੰਤਰਰਾਸ਼ਟਰੀ ਉਪਲਬਧੀ ਪੰਜਾਬ ਦੇ ਮਾਣਯੋਗ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਦੇ ਲਗਾਤਾਰ ਮਾਰਗਦਰਸ਼ਨ, ਦੂਰਦਰਸ਼ੀ ਅਗਵਾਈ ਅਤੇ ਸਹਿਯੋਗ ਨਾਲ ਹੀ ਸੰਭਵ ਹੋ ਸਕੀ ਹੈ। ਉਨ੍ਹਾਂ ਦੀ ਸਰਗਰਮ ਅਗਵਾਈ ਅਤੇ ਸਪਸ਼ਟ ਸੋਚ ਦੇ ਤਹਿਤ, ਚੰਡੀਗੜ੍ਹ ਪ੍ਰਸ਼ਾਸਨ ਨੇ ਵਾਤਾਵਰਣ ਸੁਧਾਰ ਦੇ ਕਾਰਜਾਂ ਨੂੰ ਗਤੀ ਦਿੱਤੀ, ਜਲ-ਗ੍ਰਹਿਣ ਖੇਤਰ ਦੇ ਪ੍ਰਬੰਧਨ ਨੂੰ ਪ੍ਰਾਥਮਿਕਤਾ ਦਿੱਤੀ ਅਤੇ ਆਲਮੀ ਮਿਆਰਾਂ ਨੂੰ ਪੂਰਾ ਕਰਨ ਲਈ ਵਿਭਿੰਨ ਵਿਭਾਗਾਂ ਦੇ ਦਰਮਿਆਨ ਤਾਲਮੇਲ ਨੂੰ ਤੇਜ਼ ਕੀਤਾ। ਉਨ੍ਹਾਂ ਦੇ ਲਗਾਤਾਰ ਪ੍ਰੋਤਸਾਹਨ ਨੇ ਅਧਿਕਾਰੀਆਂ,ਸੰਭਾਲ਼ ਮਾਹਰਾਂ ਅਤੇ ਸਥਾਨਕ ਜਨਤਾ ਨੂੰ ਮਿਲ ਕੇ ਕੰਮ ਕਰਨ ਦੀ ਪ੍ਰੇਰਣਾ ਦਿੱਤੀ, ਜਿਸ ਨਾਲ ਸੁਖਨਾ ਵੈੱਟਲੈਂਡ ਨੂੰ ਇਹ ਅੰਤਰਰਾਸ਼ਟਰੀ ਦਰਜਾ ਮਿਲਿਆ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਦਾ ਨਾਮ ਦੁਨੀਆ ਭਰ ਵਿੱਚ ਰੋਸ਼ਨ ਹੋਇਆ।

ਸੁਖਨਾ ਵੈੱਟਲੈਂਡ ਸ਼ਹਿਰ ਨਾਲ ਲਗਦਾ ਇੱਕ ਵੈੱਟਲੈਂਡ ਖੇਤਰ ਹੈ,ਜਿਸ ਵਿੱਚ ਖੁੱਲ੍ਹਾ ਪਾਣੀ, ਤਟਵਰਤੀ ਬਨਸਪਤੀਆਂ, ਝਾੜੀਆਂ ਅਤੇ ਜੰਗਲ ਸ਼ਾਮਲ ਹਨ। ਇਹ ਵਿਭਿੰਨ ਤਰ੍ਹਾਂ ਦੇ ਪੇੜ-ਪੌਦਿਆਂ ਅਤੇ ਜੀਵ-ਜੰਤੂਆਂ ਨੂੰ ਰਹਿਣ ਦੀ ਜਗ੍ਹਾ ਦਿੰਦਾ ਹੈ। ਇਹ ਸਥਾਨਕ ਪਾਣੀ ਦੇ ਪੰਛੀਆਂ ਅਤੇ ਸੈਂਟਰਲ ਏਸ਼ੀਅਨ ਫਲਾਈਵੇਅ ਤੋਂ ਆਉਣ ਵਾਲੇ ਪ੍ਰਵਾਸੀ ਪੰਛੀਆਂ ਦੇ ਭੋਜਨ, ਪ੍ਰਜਨਨ ਅਤੇ ਸਰਦੀਆਂ ਵਿੱਚ ਠਹਿਰਨ ਲਈ ਬੇਹੱਦ ਅਹਿਮ ਹੈ। ਇੱਥੇ ਪਾਏ ਜਾਣ ਵਾਲੇ ਪ੍ਰਮੁੱਖ ਜੀਵਾਂ ਵਿੱਚ ਸੰਕਟਗ੍ਰਸਤ ਕੌਮਨ ਪੋਚਾਰਡ (ਆਇਥਿਆ ਫੇਰੀਨਾ) ਅਤੇ ਖ਼ਤਰੇ ਵਿੱਚ ਪੱਲਾਸ ਫਿਸ਼ ਈਗਲ (ਹਾਲੀਏਟਸ ਲਿਊਕੋਰੀਫਸ) ਸ਼ਾਮਲ ਹਨ। ਇਸ ਦੇ ਉਥਲੇ ਤਟਵਰਤੀ ਇਲਾਕੇ ਸੰਕਟਗ੍ਰਸਤ 'ਬਲੈਕ ਪੌਂਡ ਟਰਟਲ' (ਜੀਓਕਲੇਮਿਸ ਹੈਮਿਲਟੋਨੀ) ਕਾਲੇ ਤਲਾਅ ਦੇ ਕੱਛੂਆਂ ਜਿਹੇ ਸੱਪਾਂ ਨੂੰ ਵੀ ਸਹਾਰਾ ਦਿੰਦੇ ਹਨ। ਇਸ ਦੇ ਨਾਲ ਹੀ, ਇਹ ਵੈਟਲੈਂਡ ਚੰਡੀਗੜ੍ਹ ਦੇ ਲੋਕਾਂ ਲਈ ਘੁੰਮਣ-ਫਿਰਨ, ਸਕੂਨ ਪ੍ਰਾਪਤ ਕਰਨ ਅਤੇ ਪ੍ਰਕ੍ਰਿਤੀ ਨੂੰ ਕਰੀਬ ਤੋਂ ਸਿੱਖਣ-ਸਮਝਣ ਦਾ ਇੱਕ ਬਿਹਤਰੀਨ ਜ਼ਰੀਆ ਵੀ ਹੈ।

# ਪੱਬਰਾ ਸਰਫੇਸ ਵਾਟਰ ਪ੍ਰੋਜੈਕਟ ਵਿਖੇ ਕਲੋਰੀਨ ਤੇ ਅੱਗ ਤੋਂ ਸੁਰੱਖਿਆ ਸਬੰਧੀ ਐਕਸਪੋਜ਼ਰ ਵਿਜ਼ਿਟ-ਕਮ-ਮੌਕ ਡਰਿੱਲ ਸਫਲਤਾਪੂਰਵਕ ਕਰਵਾਈ



**ਪਟਿਆਲਾ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਭਰ ਦੇ ਸਰਫੇਸ ਵਾਟਰ ਟ੍ਰੀਟਮੈਂਟ ਪਲਾਂਟਾਂ ਵਿਖੇ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਉਣ, ਐਮਰਜੈਂਸੀ ਨਾਲ ਨਜਿੱਠਣ ਦੀ ਤਿਆਰੀ ਨੂੰ ਮਜ਼ਬੂਤ ਕਰਨ ਅਤੇ ਸੁਰੱਖਿਆ ਦੇ ਬਿਹਤਰ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਪੱਬਰਾ ਸਰਫੇਸ ਵਾਟਰ ਪ੍ਰੋਜੈਕਟ, ਘਨੌਰ, ਪਟਿਆਲਾ ਵਿਖੇ ਕਲੋਰੀਨ ਅਤੇ ਅੱਗ ਤੋਂ ਸੁਰੱਖਿਆ ਸਬੰਧੀ ਐਕਸਪੋਜ਼ਰ ਵਿਜ਼ਿਟ-ਕਮ-ਮੌਕ ਡਰਿੱਲ ਕਰਵਾਈ ਗਈ।

ਪ੍ਰੋਗਰਾਮ ਦੀ ਸ਼ੁਰੂਆਤ ਮੌਕੇ ਕਾਰਜਕਾਰੀ ਇੰਜੀਨੀਅਰ ਅਤੇ ਸੀਨੀਅਰ ਵਾਤਾਵਰਣ ਮਾਹਿਰ ਸਰਬਜੀਤ ਸਿੰਘ ਨੇ ਵਾਟਰ ਟ੍ਰੀਟਮੈਂਟ ਪਲਾਂਟਾਂ ਵਿਖੇ ਕੰਮਕਾਜੀ ਸੁਰੱਖਿਆ, ਰੋਕਥਾਮ ਦੇ ਉਪਾਵਾਂ ਅਤੇ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਲਈ ਅਗਾਊਂ ਤਿਆਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸ ਪ੍ਰੋਗਰਾਮ ਵਿੱਚ ਪੰਜਾਬ ਭਰ ਦੇ ਸਰਫੇਸ ਵਾਟਰ ਪ੍ਰੋਜੈਕਟਾਂ ਨਾਲ ਸਬੰਧਤ ਉਪ-ਮੰਡਲ ਇੰਜੀਨੀਅਰਾਂ, ਜੂਨੀਅਰ ਇੰਜੀਨੀਅਰਾਂ ਅਤੇ ਪ੍ਰੋਜੈਕਟ ਮੈਨੇਜਰਾਂ ਨੇ ਸ਼ਮੂਲੀਅਤ ਕੀਤੀ।

ਅੱਗ ਤੋਂ ਸੁਰੱਖਿਆ ਸਬੰਧੀ ਮੌਕ ਡਰਿੱਲ ਪੰਜਾਬ ਦੇ ਫਾਇਰ ਸਰਵਿਸਿਜ਼ ਵਿਭਾਗ ਦੇ ਰਮਨ ਕੁਮਾਰ ਵੱਲੋਂ ਕਰਵਾਈ ਗਈ। ਉਨ੍ਹਾਂ ਨੇ ਅੱਗ ਲੱਗਣ ਦੀ ਸਥਿਤੀ ਵਿੱਚ ਕੀਤੀ ਜਾਣ ਵਾਲੀ ਕਾਰਵਾਈ ਅਤੇ ਅੱਗ ਬੁਝਾਊ ਉਪਕਰਨਾਂ ਦੀ ਸੁਰੱਖਿਅਤ ਵਰਤੋਂ ਬਾਰੇ ਵਿਹਾਰਕ ਪ੍ਰਦਰਸ਼ਨ ਕੀਤਾ। ਇਸੇ ਤਰ੍ਹਾਂ, ਕਲੋਰੀਨ ਸੁਰੱਖਿਆ ਸਬੰਧੀ ਸੈਸ਼ਨ ਦੌਰਾਨ ਬੋਡਲ ਕੈਮੀਕਲਜ਼ ਲਿਮਟਿਡ ਦੇ ਇੱਕ ਮਾਹਿਰ ਨੇ ਕਲੋਰੀਨ ਦੀ ਸੁਰੱਖਿਅਤ ਵਰਤੋਂ ਅਤੇ ਭੰਡਾਰਨ, ਰੋਕਥਾਮ ਦੇ ਉਪਾਵਾਂ, ਕਲੋਰੀਨ ਲੀਕ ਹੋਣ ਤੋਂ ਬਚਾਅ ਅਤੇ ਐਮਰਜੈਂਸੀ ਦੌਰਾਨ ਅਪਣਾਈ ਜਾਣ ਵਾਲੀ ਕਾਰਵਾਈ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

ਇਨ੍ਹਾਂ ਵਿਹਾਰਕ ਪ੍ਰਦਰਸ਼ਨਾਂ ਰਾਹੀਂ ਭਾਗੀਦਾਰਾਂ ਨੂੰ ਅਮਲੀ ਤਜਰਬਾ ਹਾਸਲ ਹੋਇਆ ਅਤੇ ਵਾਟਰ ਟ੍ਰੀਟਮੈਂਟ ਪਲਾਂਟਾਂ ਵਿਖੇ ਅੱਗ ਤੋਂ ਬਚਾਅ, ਕਲੋਰੀਨ ਲੀਕ ਹੋਣ ਦੀ ਸਥਿਤੀ ਨਾਲ ਨਜਿੱਠਣ, ਕੰਮਕਾਜੀ ਸੁਰੱਖਿਆ ਅਤੇ ਐਮਰਜੈਂਸੀ ਪ੍ਰਤੀਕਿਰਿਆ ਸਬੰਧੀ ਉਨ੍ਹਾਂ ਦੀ ਸਮਝ ਹੋਰ ਬਿਹਤਰ ਹੋਈ।

ਇਹ ਪ੍ਰੋਗਰਾਮ ਡਿਵੀਜ਼ਨ ਪੱਧਰ ਦੇ ਅਧਿਕਾਰੀਆਂ ਅਤੇ ਐਮ/ਐਸ ਕੇ.ਐਨ.ਕੇ. ਪ੍ਰਾਈਵੇਟ ਲਿਮਟਿਡ ਦੀ ਟੀਮ ਦੇ ਸਮਰਪਿਤ ਯਤਨਾਂ ਅਤੇ ਪ੍ਰਭਾਵਸ਼ਾਲੀ ਤਾਲਮੇਲ ਸਦਕਾ ਸਫਲਤਾਪੂਰਵਕ ਨੇਪਰੇ ਚੜ੍ਹਿਆ। ਲੋੜੀਂਦੇ ਪ੍ਰਬੰਧ ਕਰਨ ਅਤੇ ਵਿਹਾਰਕ ਸੈਸ਼ਨਾਂ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਵਿੱਚ ਉਨ੍ਹਾਂ ਦਾ ਅਹਿਮ ਯੋਗਦਾਨ ਰਿਹਾ।

ਇਹ ਪਹਿਲਕਦਮੀ ਪੰਜਾਬ ਭਰ ਦੇ ਸਰਫੇਸ ਵਾਟਰ ਟ੍ਰੀਟਮੈਂਟ ਪਲਾਂਟਾਂ ਵਿਖੇ ਵਾਤਾਵਰਣਕ ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤ ਕਰਨ, ਕਰਮਚਾਰੀਆਂ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ ਸੁਰੱਖਿਆ ਤੇ ਐਮਰਜੈਂਸੀ ਲਈ ਤਿਆਰ ਰਹਿਣ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਪ੍ਰਤੀ ਵਿਭਾਗ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

# ਹੀਰੋ ਮੈਨਸ ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫ਼ੀ-2026 ਦੇ ਟਰਾਫ਼ੀ ਟੂਰ ਦੌਰਾਨ ਮਾਲੇਰਕੋਟਲਾ ਵਿਖੇ ਹੋਵੇਗਾ ਪ੍ਰਦਰਸ਼ਨੀ ਮੈਚ

**ਮਲੇਰਕੋਟਲਾ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਸਰਕਾਰ ਵੱਲੋਂ ਹੀਰੋ ਮੈਨਸ ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫ਼ੀ-2026 ਦਾ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ। ਇਸ ਚੈਂਪੀਅਨਸ਼ਿਪ ਤੋਂ ਪਹਿਲਾਂ ਟਰਾਫ਼ੀ ਦਾ ਪੰਜਾਬ ਰਾਜ ਵਿੱਚ ਟੂਰ ਕਰਵਾਇਆ ਜਾ ਰਿਹਾ ਹੈ, ਜਿਸ ਦਾ ਉਦੇਸ਼ ਇਸ ਹਾਕੀ ਚੈਂਪੀਅਨਸ਼ਿਪ ਸਬੰਧੀ ਲੋਕਾਂ ਨੂੰ ਜਾਣੂ ਕਰਵਾਉਣ ਦੇ ਨਾਲ-ਨਾਲ ਹਾਕੀ ਖੇਡ ਪ੍ਰਤੀ ਉਤਸ਼ਾਹ ਵਧਾਉਣਾ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕਰਨਾ ਹੈ। ਇਸੇ ਲੜੀ ਤਹਿਤ ਟਰਾਫ਼ੀ 19 ਅਕਤੂਬਰ ਨੂੰ ਸਵੇਰੇ 8 ਵਜੇ ਜ਼ਿਲ੍ਹਾ ਮਾਲੇਰਕੋਟਲਾ ਵਿਖੇ ਪਹੁੰਚੇਗੀ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਕੁਲਦੀਪ ਚੁੱਘ ਨੇ ਦੱਸਿਆ ਕਿ ਟਰਾਫ਼ੀ ਦੇ ਸਵਾਗਤ ਲਈ ਨਨਕਾਣਾ ਸਾਹਿਬ ਪਬਲਿਕ ਸਕੂਲ, ਰਾਮਪੁਰ ਛੰਨਾ, ਅਮਰਗੜ੍ਹ ਵਿਖੇ ਲੋੜੀਂਦੇ ਪ੍ਰਬੰਧ ਕੀਤੇ ਜਾਣਗੇ। ਇਸ ਮੌਕੇ ਟਰਾਫ਼ੀ ਦਾ ਸਵਾਗਤ ਕਰਨ ਦੇ ਨਾਲ-ਨਾਲ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਵਿੱਚ ਹਾਕੀ ਪ੍ਰਤੀ ਉਤਸ਼ਾਹ ਪੈਦਾ ਕਰਨ ਲਈ ਵਿਸ਼ੇਸ਼ ਗਤੀਵਿਧੀਆਂ ਕਰਵਾਈਆਂ ਜਾਣਗੀਆਂ।

ਇਸ ਮੌਕੇ ਸਕੂਲ ਵਿਖੇ ਸਥਿਤ ਹਾਕੀ ਦੇ ਸਿਕਸ-ਏ-ਸਾਈਡ ਐਸਟਰੋਟਰਫ਼ ਗਰਾਊਂਡ ਵਿੱਚ ਪ੍ਰਦਰਸ਼ਨੀ ਮੈਚ ਕਰਵਾਇਆ ਜਾਵੇਗਾ ਅਤੇ ਟਰਾਫ਼ੀ ਨੂੰ ਵੀ ਸਜਾਇਆ ਜਾਵੇਗਾ।

ਜ਼ਿਲ੍ਹਾ ਖੇਡ ਅਫ਼ਸਰ ਨੇ ਦੱਸਿਆ ਕਿ ਅਜਿਹੇ ਸਮਾਗਮ ਖਿਡਾਰੀਆਂ ਨੂੰ ਆਪਣੀ ਖੇਡ ਪ੍ਰਤਿਭਾ ਨਿਖਾਰਨ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਖੇਡਾਂ ਦੇ ਮਹੱਤਵ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਹਾਕੀ ਪੰਜਾਬ ਦੀ ਮਾਣਮੱਤੀ ਖੇਡ ਰਹੀ ਹੈ ਅਤੇ ਇਸ ਖੇਡ ਨੂੰ ਹੋਰ ਪ੍ਰਫੁੱਲਤ ਕਰਨ ਲਈ ਨੌਜਵਾਨਾਂ ਦੀ ਸ਼ਮੂਲੀਅਤ ਬਹੁਤ ਮਹੱਤਵਪੂਰਨ ਹੈ। ।

ਉਨ੍ਹਾਂ ਦੱਸਿਆ ਕਿ ਮਾਲੇਰਕੋਟਲਾ ਵਿਖੇ ਸਮਾਗਮ ਉਪਰੰਤ ਟਰਾਫ਼ੀ ਸੜਕ ਰਸਤੇ ਜ਼ਿਲ੍ਹਾ ਬਰਨਾਲਾ ਲਈ ਰਵਾਨਾ ਹੋਵੇਗੀ ਅਤੇ ਤਕਰੀਬਨ ਦੁਪਹਿਰ 12 ਵਜੇ ਬਰਨਾਲਾ ਜ਼ਿਲ੍ਹੇ ਦੇ ਅਧਿਕਾਰੀਆਂ ਨੂੰ ਸੌਂਪ ਦਿੱਤੀ ਜਾਵੇਗੀ। ਇਸ ਤਰ੍ਹਾਂ ਟਰਾਫ਼ੀ ਟੂਰ ਰਾਹੀਂ ਵੱਖ-ਵੱਖ ਜ਼ਿਲ੍ਹਿਆਂ ਵਿੱਚ ਹਾਕੀ ਚੈਂਪੀਅਨਸ਼ਿਪ ਪ੍ਰਤੀ ਜਾਗਰੂਕਤਾ ਅਤੇ ਉਤਸ਼ਾਹ ਪੈਦਾ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ।

ਜ਼ਿਲ੍ਹਾ ਖੇਡ ਅਫਸਰ ਨੇ ਜ਼ਿਲ੍ਹੇ ਦੇ ਸਮੂਹ ਖੇਡ ਪ੍ਰੇਮੀਆਂ, ਹਾਕੀ ਖਿਡਾਰੀਆਂ ਅਤੇ ਨੌਜਵਾਨਾਂ ਨੂੰ ਇਸ ਸਮਾਗਮ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

ਉਨ੍ਹਾਂ ਕਿਹਾ ਕਿ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਸਮਾਜ ਦੇ ਹਰ ਵਰਗ ਦਾ ਸਹਿਯੋਗ ਜ਼ਰੂਰੀ ਹੈ, ਤਾਂ ਜੋ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਉਨ੍ਹਾਂ ਵਿੱਚ ਸਿਹਤਮੰਦ ਜੀਵਨ ਸ਼ੈਲੀ, ਅਨੁਸ਼ਾਸਨ ਅਤੇ ਟੀਮ ਭਾਵਨਾ ਨੂੰ ਉਤਸ਼ਾਹਿਤ ਕੀਤਾ ਜਾ ਸਕੇ ।

# ਬੇਟ ਖੇਤਰ ਵਿੱਚ ਅਕਾਲੀ ਦਲ ਹੋਇਆ ਹੋਰ ਮਜਬੂਤ



**ਮਾਛੀਵਾੜਾ ਸਾਹਿਬ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੁਆਰਾ ਪੰਜਾਬ ਦੇ ਸ਼ਹਿਰ-ਸ਼ਹਿਰ ਅਤੇ ਪਿੰਡ-ਪਿੰਡ ਜਾ ਕੇ ਆਮ ਲੋਕਾਂ ਨਾਲ ਰਾਬਤਾ ਕਾਇਮ ਕਰਨ ਲਈ ਸ਼ੁਰੂ ਮੁਹਿੰਮ ਨੂੰ ਪੂਰੇ ਪੰਜਾਬ ਵਿੱਚ ਭਾਰੀ ਸਮੱਰਥਨ ਮਿਲ ਰਿਹਾ ਹੈ। ਹਲਕਾ ਸਮਰਾਲਾ 'ਚ ਮਹਿਲਾਵਾਂ ਨਾਲ ਰਾਬਤਾ ਕਾਇਮ ਕਰਨ ਦੀ ਕਮਾਨ ਪਰਮਜੀਤ ਸਿੰਘ ਢਿੱਲੋਂ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਲੁਧਿਆਣਾ ਦਿਹਾਤੀ ਅਤੇ ਹਲਕਾ ਇੰਚਾਰਜ ਸਮਰਾਲਾ ਦੀ ਧਰਮਪਤਨੀ ਬੀਬਾ ਸੁਖਪ੍ਰੀਤ ਕੌਰ ਢਿੱਲੋਂ ਵੱਲੋਂ ਸੰਭਾਲੀ ਜਾ ਚੁੱਕੀ ਹੈ। ਜਿਸ ਤਹਿਤ ਉਨ੍ਹਾਂ ਵੱਲੋਂ ਹਲਕੇ ਅਧੀਨ ਪੈਂਦੇ ਪਿੰਡਾਂ ਦਾ ਰੋਜ਼ਾਨਾਂ ਦੌਰਾ ਕੀਤਾ ਜਾ ਰਿਹਾ ਹੈ। ਅੱਜ ਜਾਤੀਵਾਲ ਸਰਕਲ ਅਧੀਨ ਪੈਂਦੇ ਪਿੰਡ ਝੜੌਦੀ ਵਿਖੇ ਮੀਟਿੰਗ ਕੀਤੀ ਗਈ, ਜਿਸ ਵਿੱਚ ਪਿੰਡ ਦੀਆਂ ਔਰਤਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।

ਇਸ ਮੌਕੇ ਇਕੱਤਰ ਮਹਿਲਾਵਾਂ ਨੂੰ ਸੰਬੋਧਨ ਕਰਦੇ ਹੋਏ ਸੁਖਪ੍ਰੀਤ ਕੌਰ ਢਿੱਲੋਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਜੋ ਕਿ ਪੰਜਾਬ ਦੀ ਇੱਕੋ ਇੱਕ ਖੇਤਰੀ ਪਾਰਟੀ ਹੈ, ਜਿਸਨੂੰ ਪੰਜਾਬ ਨਾਲ ਦਿਲੋਂ ਹਮਦਰਦੀ ਹੈ। ਪੰਜਾਬ ਦੇ ਭੋਲੇ ਭਾਲੇ ਲੋਕ ਜੋ 2022 ਦੀਆਂ ਚੋਣਾਂ ਵਿੱਚ ਇੱਕ ਅਜਿਹੀ ਝੂਠੀ ਪਾਰਟੀ ਵੱਲੋਂ ਦਿਖਾਏ ਝੂਠੇ ਸਬਜਬਾਗਾਂ ਦੇ ਝਾਂਸੇ ਵਿੱਚ ਆ ਗਏ ਸਨ, ਅੱਜ ਪੰਜਾਬ ਦੇ ਲੋਕ ਉਸ ਪਾਰਟੀ ਤੋਂ ਇੰਨੇ ਜਿਆਦਾ ਤੰਗ ਆ ਚੁੱਕੇ ਹਨ, ਜਿਨ੍ਹਾਂ ਦੇ ਕੰਧਾਂ ਉੱਤੇ ਲੱਗੇ ਪੋਸਟਰ ਜਾਂ ਫਲੈਕਸਾਂ ਦੇਖਣ ਲਈ ਤਿਆਰ ਨਹੀਂ ਹਨ। ਸੂਬੇ ਦੇ ਲੋਕ ਮੁੜ ਸ਼੍ਰੋਮਣੀ ਅਕਾਲੀ ਦਲ ਨੂੰ ਲਿਆਉਂਣ ਲਈ ਤਤਪਰ ਹਨ। ਮੀਟਿੰਗ 'ਚ ਹਲਕਾ ਸਮਰਾਲਾ ਤੋਂ ਇਸਤਰੀ ਅਕਾਲੀ ਦੀ ਪ੍ਰਧਾਨ ਪਰਮਜੀਤ ਕੌਰ ਕੰਗ ਅਤੇ ਸ਼ਹਿਰੀ ਅਕਾਲੀ ਦਲ ਦੀ ਪ੍ਰਧਾਨ ਪ੍ਰਕਾਸ਼ ਕੌਰ ਨੇ ਵੀ ਸੰਬੋਧਨ ਕੀਤਾ।

# ਵਾਰਡ ਨੰਬਰ 38 ਵਿੱਚ ਸੜਕਾਂ ਦੇ ਨਿਰਮਾਣ ਦਾ ਕੰਮ ਜ਼ੋਰਾਂ 'ਤੇ : ਹਰਪਾਲ ਜੁਨੇਜਾ



**ਪਟਿਆਲਾ, 21 ਅਕਤੂਬਰ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਹਲਕਾ ਪਟਿਆਲਾ ਦੇ ਵਾਰਡ ਨੰਬਰ 38 ਵਿੱਚ ਸੜਕਾਂ ਦੇ ਨਿਰਮਾਣ ਅਤੇ ਨਵੀਨੀਕਰਨ ਦਾ ਕੰਮ ਜ਼ੋਰਾਂ-ਸ਼ੋਰਾਂ ਨਾਲ ਚੱਲ ਰਿਹਾ ਹੈ। ਇਲਾਕਾ ਨਿਵਾਸੀਆਂ ਨੂੰ ਬਿਹਤਰ ਸੜਕ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਵੱਖ-ਵੱਖ ਇਲਾਕਿਆਂ ਦੀਆਂ ਸੜਕਾਂ ਨੂੰ ਨਵਾਂ ਰੂਪ ਦੇਣ ਲਈ ਕੰਮ ਕੀਤਾ ਜਾ ਰਿਹਾ ਹੈ।

ਇਸ ਸਬੰਧੀ ਹਰਪਾਲ ਜੁਨੇਜਾ ਨੇ ਦੱਸਿਆ ਕਿ ਵਾਰਡ ਨੰਬਰ 38 ਦੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ। ਰੋਜ਼ ਐਵਨਿਊ, ਸ਼੍ਰੀ ਗੁਰੂ ਤੇਗ ਬਹਾਦਰ ਕਲੋਨੀ, ਮਾਲਵਾ ਕਲੋਨੀ ਅਤੇ ਮੇਨ ਰੋਡਾਂ ਅਤੇ ਵਾਰਡ ਦੀਆਂ ਹੋਰ ਸਾਰੀਆਂ ਸੜਕਾਂ ਦੇ ਨਿਰਮਾਣ ਅਤੇ ਮੁਰੰਮਤ ਦੇ ਕੰਮ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਇਲਾਕੇ ਦੀਆਂ ਸੜਕਾਂ ਨੂੰ ਬਿਹਤਰ ਬਣਾਉਣਾ ਲੋਕਾਂ ਦੀ ਇੱਕ ਅਹਿਮ ਲੋੜ ਹੈ। ਸੜਕਾਂ ਦੀ ਹਾਲਤ ਵਿੱਚ ਸੁਧਾਰ ਆਉਣ ਨਾਲ ਜਿੱਥੇ ਆਵਾਜਾਈ ਸੁਖਾਲੀ ਹੋਵੇਗੀ, ਉੱਥੇ ਹੀ ਇਲਾਕਾ ਨਿਵਾਸੀਆਂ ਨੂੰ ਰੋਜ਼ਾਨਾ ਆਉਣ-ਜਾਣ ਵਿੱਚ ਵੀ ਵੱਡੀ ਸਹੂਲਤ ਮਿਲੇਗੀ।

ਹਰਪਾਲ ਜੁਨੇਜਾ ਨੇ ਵਾਰਡ ਵਾਸੀਆਂ ਨੂੰ ਭਰੋਸਾ ਦਿਤਾ ਕੇ ਵਾਰਡ ਨੰਬਰ 38 ਦੀਆਂ ਸਾਰੀਆਂ ਸੜਕਾਂ ਦੇ ਕੰਮ ਨੂੰ ਇਸੇ ਮਹੀਨੇ ਦੇ ਅੰਦਰ-ਅੰਦਰ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੀ ਗਤੀ ਨੂੰ ਬਰਕਰਾਰ ਰੱਖਦਿਆਂ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਦੇਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਵਾਰਡ ਦਾ ਸਰਵਪੱਖੀ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਮੇਰੀ ਮੁੱਖ ਤਰਜੀਹ ਹੈ। ਇਲਾਕੇ ਦੇ ਵਸਨੀਕਾਂ ਨੂੰ ਵੀ ਅਪੀਲ ਕੀਤੀ ਕਿ ਵਿਕਾਸ ਕਾਰਜਾਂ ਦੌਰਾਨ ਸਹਿਯੋਗ ਦੇਣ, ਤਾਂ ਜੋ ਸਾਰੇ ਕੰਮ ਸਮੇਂ ਸਿਰ ਅਤੇ ਸੁਚੱਜੇ ਢੰਗ ਨਾਲ ਪੂਰੇ ਕੀਤੇ ਜਾ ਸਕਣ।

# ਮਾਲੇਰਕੋਟਲਾ ਨੂੰ ਨਸ਼ਾ ਮੁਕਤ ਬਣਾਉਣ ਲਈ ਪੁਲਿਸ ਤੇ ਸਿਵਲ ਪ੍ਰਸ਼ਾਸਨ ਵੱਲੋਂ ਮੁਹਿੰਮ ਤੇਜ਼; ਨਸ਼ਾ ਪ੍ਰਭਾਵਿਤ ਖੇਤਰਾਂ ਵਿੱਚ ਸਫ਼ਾਈ ਕਾਰਜ ਸ਼ੁਰੂ

**ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਦੇ ਨਾਲ ਸੰਵੇਦਨਸ਼ੀਲ ਇਲਾਕਿਆਂ ਵਿੱਚ ਨਾਕਾਬੰਦੀ ਅਤੇ ਤਲਾਸ਼ੀ ਮੁਹਿੰਮ ਲਗਾਤਾਰ ਜਾਰੀ -ਡੀ.ਐਸ.ਪੀ. ਯਾਦਵਿੰਦਰ ਸਿੰਘ**



**ਮਲੇਰਕੋਟਲਾ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮਾਲੇਰਕੋਟਲਾ ਨੂੰ ਨਸ਼ਿਆਂ ਦੀ ਅਲਾਮਤ ਤੋਂ ਮੁਕਤ ਕਰਨ ਲਈ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਵੱਲੋਂ ਸਾਂਝੇ ਯਤਨ ਤੇਜ਼ ਕਰਦਿਆਂ ਨਸ਼ਾ ਪ੍ਰਭਾਵਿਤ ਖੇਤਰਾਂ ਵਿੱਚ ਸਫ਼ਾਈ ਮੁਹਿੰਮ ਆਰੰਭੀ ਗਈ ਹੈ। ਇਸ ਤਹਿਤ ਜ਼ਿਲ੍ਹੇ ਦੇ ਸ਼ਨਾਖ਼ਤ ਕੀਤੇ 7 ਹਾਟਸਪਾਟਾਂ ਦੇ ਆਲੇ-ਦੁਆਲੇ ਸੁੰਨਸਾਨ ਥਾਵਾਂ, ਖਾਲੀ ਇਮਾਰਤਾਂ, ਨਹਿਰਾਂ ਅਤੇ ਰਜਵਾਹਿਆਂ ਦੇ ਕੰਢਿਆਂ ਦੀ ਸਾਫ਼-ਸਫ਼ਾਈ ਕਰਵਾਉਣ ਦੇ ਨਾਲ ਸੁਰੱਖਿਆ ਪ੍ਰਬੰਧ ਮਜ਼ਬੂਤ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਇਸ ਸਬੰਧੀ ਡੀ.ਐਸ.ਪੀ. ਯਾਦਵਿੰਦਰ ਸਿੰਘ ਨੇ ਦੱਸਿਆ ਕਿ ਨਸ਼ਿਆਂ ਦੀ ਰੋਕਥਾਮ ਲਈ ਸਿਰਫ਼ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਹੀ ਨਹੀਂ, ਸਗੋਂ ਉਨ੍ਹਾਂ ਸਥਾਨਾਂ ਨੂੰ ਵੀ ਸੁਰੱਖਿਅਤ ਬਣਾਉਣਾ ਜ਼ਰੂਰੀ ਹੈ, ਜਿੱਥੇ ਸੁੰਨਸਾਨ ਮਾਹੌਲ ਕਾਰਨ ਨਸ਼ਿਆਂ ਦੀ ਵਰਤੋਂ ਵਰਗੀਆਂ ਗਤੀਵਿਧੀਆਂ ਦਾ ਖ਼ਦਸ਼ਾ ਰਹਿੰਦਾ ਹੈ।

ਉਨ੍ਹਾਂ ਕਿਹਾ ਕਿ ਅਜਿਹੀਆਂ ਥਾਵਾਂ ਦੀ ਸਫ਼ਾਈ, ਢੁੱਕਵੀਂ ਰੌਸ਼ਨੀ ਅਤੇ ਸੀ.ਸੀ.ਟੀ.ਵੀ. ਨਿਗਰਾਨੀ ਲਈ ਸਬੰਧਤ ਵਿਭਾਗਾਂ ਨਾਲ ਤਾਲਮੇਲ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਨਸ਼ਾ ਪ੍ਰਭਾਵਿਤ ਇਲਾਕਿਆਂ ਵਿੱਚ ਪੁਲਿਸ ਵੱਲੋਂ ਨਾਕਾਬੰਦੀ, ਅਚਨਚੇਤ ਚੈਕਿੰਗ ਅਤੇ ਤਲਾਸ਼ੀ ਮੁਹਿੰਮਾਂ ਲਗਾਤਾਰ ਜਾਰੀ ਹਨ। ਨਸ਼ਿਆਂ ਦੀ ਸਪਲਾਈ ਚੇਨ ਤੋੜਨ ਅਤੇ ਤਸਕਰੀ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।

ਡੀ.ਐਸ.ਪੀ. ਨੇ ਭਾਵੁਕ ਅਪੀਲ ਕਰਦਿਆਂ ਕਿਹਾ ਕਿ ਨਸ਼ਿਆਂ ਦੀ ਮਾਰ ਸਿਰਫ਼ ਇੱਕ ਵਿਅਕਤੀ ਤੱਕ ਸੀਮਤ ਨਹੀਂ ਰਹਿੰਦੀ, ਸਗੋਂ ਪੂਰੇ ਪਰਿਵਾਰ ਦੇ ਸੁਪਨਿਆਂ ਅਤੇ ਭਵਿੱਖ ਨੂੰ ਪ੍ਰਭਾਵਿਤ ਕਰਦੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਗ੍ਰਿਫ਼ਤ ਵਿੱਚ ਆਏ ਨੌਜਵਾਨਾਂ ਨੂੰ ਨਫ਼ਰਤ ਜਾਂ ਤਿਰਸਕਾਰ ਦੀ ਬਜਾਏ ਸਹੀ ਸੇਧ, ਇਲਾਜ ਅਤੇ ਪਰਿਵਾਰਕ ਸਹਾਰੇ ਦੀ ਲੋੜ ਹੈ। ਸਾਡਾ ਉਦੇਸ਼ ਨਸ਼ਾ ਤਸਕਰੀ ਨੂੰ ਰੋਕਣ ਦੇ ਨਾਲ ਨਸ਼ਾ ਪੀੜਤਾਂ ਨੂੰ ਸਿਹਤਮੰਦ ਜੀਵਨ ਵੱਲ ਪਰਤਣ ਲਈ ਉਤਸ਼ਾਹਿਤ ਕਰਨਾ ਵੀ ਹੈ।

ਉਨ੍ਹਾਂ ਕਿਹਾ ਕਿ ਸਿਹਤ ਵਿਭਾਗ, ਨਗਰ ਕੌਂਸਲਾਂ, ਪੰਚਾਇਤੀ ਰਾਜ ਸੰਸਥਾਵਾਂ ਅਤੇ ਹੋਰ ਵਿਭਾਗਾਂ ਦੇ ਸਹਿਯੋਗ ਨਾਲ ਨਸ਼ਾ ਵਿਰੋਧੀ ਕਾਰਜ ਯੋਜਨਾ ਨੂੰ ਅਮਲੀ ਰੂਪ ਦਿੱਤਾ ਜਾ ਰਿਹਾ ਹੈ।

ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਨਸ਼ਾ ਤਸਕਰੀ ਸਬੰਧੀ ਜਾਣਕਾਰੀ ਪੁਲਿਸ ਨਾਲ ਸਾਂਝੀ ਕਰਨ ਅਤੇ ਨਸ਼ਾ ਪੀੜਤਾਂ ਨੂੰ ਇਲਾਜ ਲਈ ਪ੍ਰੇਰਿਤ ਕਰਨ।

ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਪੁਲਿਸ ਦੀ ਚੌਕਸੀ ਦੇ ਨਾਲ ਹਰ ਪਰਿਵਾਰ ਦੀ ਜਾਗਰੂਕਤਾ ਅਤੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਬੇਹੱਦ ਜ਼ਰੂਰੀ ਹੈ।

# ਮਹਿਲਾ ਕਰਮਚਾਰੀਆਂ ਨੂੰ ਇਨਸਾਫ ਦਿੱਤਾ ਜਾਵੇ : ਕਰਨ ਸਿੰਘ ਰਾਣਾ




**ਰੂਪਨਗਰ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿਛਲੇ ਤਿੰਨ ਹਫਤਿਆਂ ਤੋਂ ਰੈਲ ਮਾਜਰਾ ਸਥਿਤ ਇੱਕ ਨਿੱਜੀ ਯੂਨੀਵਰਸਿਟੀ ਵੱਲੋਂ ਕੀਤੇ ਗਏ ਮਹਿਲਾ ਸ਼ੋਸ਼ਣ ਤੇ ਧੱਕੇਸ਼ਾਹੀ ਵਿਰੁੱਧ ਦੋ ਕਰਮਚਾਰੀ ਰੋਸ ਵਜੋਂ ਯੂਨੀਵਰਸਟੀ ਦੇ ਗੇਟ ਤੇ ਬੈਠੇ ਹਨ। ਇਹਨਾਂ ਮਹਿਲਾ ਕਰਮਚਾਰੀਆਂ ਨੂੰ ਵੱਖ ਵੱਖ ਇਨਸਾਫ ਪਸੰਦ ਜਥੇਬੰਦੀ ਦੇ ਆਗੂ ਅੱਜ ਮਿਲਣ ਲਈ ਪੁੱਜੇ।

ਇਸ ਮੌਕੇ ਮਹਿਲਾ ਕਰਮਚਾਰੀਆਂ ਨੇ ਜਥੇਬੰਦੀਆਂ ਦੇ ਆਗੂਆਂ ਨੂੰ ਆਪਣਾ ਦੁਖੜਾ ਸੁਣਾਉਂਦੇ ਹੋਏ ਦੱਸਿਆ ਕਿ ਯੂਨੀਵਰਸਿਟੀ ਦੇ ਪ੍ਰਬੰਧਕਾਂ ਵੱਲੋਂ ਉਨ੍ਹਾਂ ਦਾ ਸਰੀਰਕ ਸ਼ੋਸ਼ਣ ਕਰਨ ਦਾ ਕੋਝਾ ਯਤਨ ਹੀ ਨਹੀਂ ਹੋਇਆ ਬਲਕਿ ਹੋਰ ਅਨੇਕਾਂ ਸ਼ੋਸ਼ਣ ਅਤੇ ਦਬਾਅ ਦੇ ਹੱਥ ਕੰਡੇ ਵਰਤੇ ਗਏ। ਜਿਸ ਦੀ ਸ਼ਿਕਾਇਤ ਪੰਜਾਬ ਸਰਕਾਰ ਦੇ ਸਬੰਧਤ ਵਿਭਾਗ ਨੂੰ ਕੀਤੀ ਗਈ ਸੀ। ਔਰਤ ਕਰਮਚਾਰੀ ਰਤਨ ਕੌਰ ਨੇ ਦੱਸਿਆ ਕਿ ਜ਼ਿਲਾ ਪੁਲਿਸ ਅਤੇ ਜ਼ਿਲਾ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨੇ ਸਾਡੀ ਸ਼ਿਕਾਇਤ ਦੀ ਪੜਤਾਲ ਕੀਤੀ ਹੈ ।ਅਸੀਂ ਸਾਰੇ ਸਬੂਤ ਪੜਤਾਲੀਆ ਅਧਿਕਾਰੀਆਂ ਨੂੰ ਦੇ ਦਿੱਤੇ ਹਨ ਪਰ ਅਜੇ ਤੱਕ ਕਥਤ ਦੋਸ਼ੀਆਂ ਖਿਲਾਫ ਕਾਰਵਾਈ ਨਹੀਂ ਹੋਈ। ਇਸ ਮੌਕੇ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਪੰਜਾਬ ਨੇ ਜਿਲਾ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਨਿਰਪੱਖ ਜਾਂਚ ਤੁਰੰਤ ਮੁਕੰਮਲ ਕਰਕੇ ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ। ਅੱਜ ਵੱਖ-ਵੱਖ ਆਗੂਆਂ, ਸਾਥੀ ਮੋਹਨ ਸਿੰਘ ਧਮਾਣਾ, ਗੁਰਨੈਬ ਸਿੰਘ, ਸ਼ਮਸ਼ੇਰ ਸਿੰਘ, ਸੰਤੋਖ ਸਿੰਘ, ਧਰਮਪਾਲ ਭਾਰਥਲਾ, ਕਰਨੈਲ ਸਿੰਘ ਭੱਲਾ ਸਤਪਾਲ ਆਦਿ ਆਗੂਆਂ ਨੇ ਪੀੜਤ ਮਹਿਲਾ ਕਰਮਚਾਰੀਆਂ ਨੂੰ ਇਨਸਾਫ ਲੈਣ ਲਈ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਦਿੱਤਾ.।

# ਪਰਮਿੰਦਰ ਸਿੰਘ ਝੋਟਾ ਦੇ ਕਤਲ 'ਤੇ ਭਖਿਆ ਪੰਜਾਬ, ਨਸ਼ਾ ਤਸਕਰੀ ਤੇ ਵਿਗੜੀ ਕਾਨੂੰਨ ਵਿਵਸਥਾ ਵਿਰੁੱਧ ਵਾਰਿਸ ਪੰਜਾਬ ਦੇ ਨੇ ਚੁੱਕੀ ਆਵਾਜ



**ਨਾਭਾ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਤਜਿੰਦਰ ਸਿੰਘ ਰਾਜੂ (ਹਲਕਾ ਨਾਭਾ ), ਵਾਰਿਸ ਪੰਜਾਬ ਦੇ, ਨੇ ਕਿਹਾ ਕਿ ਪਰਮਿੰਦਰ ਸਿੰਘ ਝੋਟਾ ਪੰਜਾਬ ਦਾ ਇੱਕ ਸੰਘਰਸ਼ਸ਼ੀਲ ਯੋਧਾ ਸੀ, ਜੋ ਲੰਮੇ ਸਮੇਂ ਤੋਂ ਪੰਜਾਬ ਵਿੱਚੋਂ ਨਸ਼ਿਆਂ ਦਾ ਖ਼ਾਤਮਾ ਕਰਵਾਉਣ ਲਈ ਨਸ਼ਾ ਤਸਕਰਾਂ ਵਿਰੁੱਧ ਜੰਗ ਲੜ ਰਿਹਾ ਸੀ।

ਪਰਮਿੰਦਰ ਸਿੰਘ ਝੋਟਾ ਦੇ ਹੋਏ ਕਤਲ ਦੇ ਮਾਮਲੇ ਨੂੰ ਲੈ ਕੇ ਅੱਜ ਸਾਰਾ ਪੰਜਾਬ ਰੋਸ ਦੀ ਅੱਗ ਵਿੱਚ ਸੜ ਰਿਹਾ ਹੈ। ਪੂਰੇ ਪੰਜਾਬ ਵਿੱਚ ਸੋਗ ਦੀ ਲਹਿਰ ਫੈਲੀ ਹੋਈ ਹੈ ਅਤੇ ਹਰ ਪਾਸੇ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ।

ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਬੂ ਕਰਨ ਵਿੱਚ ਅਸਫ਼ਲ ਰਹੀ ਹੈ। ਪੰਜਾਬ ਵਿੱਚ ਨਸ਼ਾ ਤਸਕਰੀ ਦਿਨੋਂ-ਦਿਨ ਵਧ ਰਹੀ ਹੈ।

ਅੱਜ ਪੰਜਾਬ ਦੇ ਹਰ ਪਿੰਡ ਅਤੇ ਹਰ ਸ਼ਹਿਰ ਦੀਆਂ ਗਲੀਆਂ ਤੱਕ ਨਸ਼ਾ ਪਹੁੰਚ ਚੁੱਕਾ ਹੈ। ਹਾਲਾਤ ਇਹ ਹਨ ਕਿ ਘਰ-ਘਰ ਨਸ਼ਿਆਂ ਦੀ ਸਪਲਾਈ ਹੋ ਰਹੀ ਹੈ ਅਤੇ ਪੰਜਾਬ ਦੀ ਨੌਜਵਾਨ ਪੀੜ੍ਹੀ ਨਸ਼ਿਆਂ ਦੀ ਦਲਦਲ ਵਿੱਚ ਫਸਦੀ ਜਾ ਰਹੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਵਾਰਿਸ ਪੰਜਾਬ ਦੇ ਪਾਰਟੀ ਪਰਮਿੰਦਰ ਸਿੰਘ ਝੋਟਾ ਦੇ ਹੱਕ ਵਿੱਚ ਪੂਰੀ ਤਰ੍ਹਾਂ ਖੜ੍ਹੀ ਹੈ ਅਤੇ ਹਰ ਸਮੇਂ ਉਨ੍ਹਾਂ ਦੇ ਪਰਿਵਾਰ ਤੇ ਹਮਾਇਤੀਆਂ ਦੇ ਨਾਲ ਡਟ ਕੇ ਖੜ੍ਹੀ ਰਹੇਗੀ।

# ਪਰਮਿੰਦਰ ਸਿੰਘ ਢੀਂਡਸਾ ਨੂੰ ਝਟਕਾ; ਪਿੰਡ ਮਨਿਆਣਾ ਦੇ ਕਈ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ



**ਮੂਨਕ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਲਹਿਰਾ ਦੇ ਪਿੰਡ ਮਨਿਆਣਾ ਵਿੱਚ ਪਰਮਿੰਦਰ ਸਿੰਘ ਢੀਂਡਸਾ ਨੂੰ ਸਿਆਸੀ ਝਟਕਾ ਲੱਗਿਆ ਹੈ। ਢੀਂਡਸਾ ਪਰਿਵਾਰ ਦੇ ਨਜ਼ਦੀਕੀ ਰਹੇ ਜਗਤਾਰ ਸਿੰਘ, ਮਨਦੀਪ ਸਿੰਘ ਅਤੇ ਜੱਜ ਸਿੰਘ ਸਮੇਤ ਕਈ ਪਰਿਵਾਰਾਂ ਨੇ ਉਨ੍ਹਾਂ ਦਾ ਸਾਥ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ। ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਬਣਦਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿੱਤਾ।

ਇਸ ਮੌਕੇ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪਾਰਟੀ ਨਾਲ ਜੁੜਨ ਵਾਲਾ ਹਰ ਵਿਅਕਤੀ ਉਨ੍ਹਾਂ ਲਈ ਅਹਿਮ ਹੈ ਅਤੇ ਸਾਰੇ ਸਾਥੀਆਂ ਨੂੰ ਨਾਲ ਲੈ ਕੇ ਹਲਕੇ ਦੀ ਬਿਹਤਰੀ ਲਈ ਕੰਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਵੇਂ ਸਾਥੀਆਂ ਦੇ ਤਜਰਬੇ ਅਤੇ ਸਹਿਯੋਗ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ। ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹਲਕਾ ਲਹਿਰਾ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ, ਲੋਕਾਂ ਦੀਆਂ ਸਮੱਸਿਆਵਾਂ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਯਤਨ ਕਰਨਾ ਉਨ੍ਹਾਂ ਦੀ ਤਰਜੀਹ ਹੈ। ਬਰਿੰਦਰ ਕੁਮਾਰ ਗੋਇਲ ਨੇ ਪਾਰਟੀ ਵਿੱਚ ਸ਼ਾਮਲ ਹੋਏ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਉਹ ਪਿੰਡ ਦੀਆਂ ਸਾਂਝੀਆਂ ਲੋੜਾਂ ਅਤੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ ਤਾਂ ਜੋ ਉਨ੍ਹਾਂ ਦੇ ਹੱਲ ਲਈ ਤਾਲਮੇਲ ਨਾਲ ਕੰਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਰਗਰਮ ਭਾਗੀਦਾਰੀ ਨਾਲ ਹੀ ਪਿੰਡਾਂ ਦੇ ਸਰਬਪੱਖੀ ਵਿਕਾਸ ਨੂੰ ਹੋਰ ਗਤੀ ਦਿੱਤੀ ਜਾ ਸਕਦੀ ਹੈ।

ਉਨ੍ਹਾਂ ਦੁਹਰਾਇਆ ਕਿ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਸਾਥੀਆਂ ਦੇ ਮਾਣ-ਸਨਮਾਨ ਦਾ ਪੂਰਾ ਧਿਆਨ ਰੱਖਿਆ ਜਾਵੇਗਾ ਅਤੇ ਉਨ੍ਹਾਂ ਨੂੰ ਪਾਰਟੀ ਦੀਆਂ ਗਤੀਵਿਧੀਆਂ ਤੇ ਲੋਕ ਸੇਵਾ ਦੇ ਕਾਰਜਾਂ ਵਿੱਚ ਨਾਲ ਲੈ ਕੇ ਚੱਲਿਆ ਜਾਵੇਗੀ।

# ਮੋਰਿੰਡਾ ਵਿੱਚ ਪ੍ਰਾਪਰਟੀ ਵਿਵਾਦ ਨੂੰ ਲੈ ਕੇ ਚੱਲੀਆਂ ਗੋਲੀਆਂ ਵਾਰਡ ਦੇ ਮੌਜੂਦਾ ਐਮ,ਸੀ ਤੇ ਜਾਨਲੇਵਾ ਹਮਲਾ; ਗੱਡੀ ਦੀ ਕੀਤੀ ਭੰਨ ਤੋੜ

**ਮੋਰਿੰਡਾ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਨਜਦੀਕੀ ਪਿੰਡ ਬਲਦੇਵ ਨਗਰ ਸਰਹਿੰਦ ਬਾਈਪਾਸ ਨੇੜੇ ਸਥਿਤ ਇਕ ਕਲੋਨੀ ਵਿੱਚ ਦੁਕਾਨਾਂ ਦੀ ਮਾਲਕੀ ਅਤੇ ਪ੍ਰਾਪਰਟੀ ਦੇ ਵਿਵਾਦ ਨੂੰ ਲੈ ਕੇ ਗੋਲੀਬਾਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਘਟਨਾ ਵਿੱਚ ਮੋਰਿੰਡਾ ਦੇ ਵਾਰਡ ਨੰਬਰ 6 ਦੇ ਮੌਜੂਦਾ ਕੌਂਸਲਰ ਮਨਦੀਪ ਸਿੰਘ ਬਾਜਵਾ ਨੇ ਆਪਣੇ ਕੁਝ ਸਾਥੀ ਪ੍ਰਾਪਰਟੀ ਕਾਰੋਬਾਰੀਆਂ ਅਤੇ ਹੋਰ ਵਿਅਕਤੀਆਂ 'ਤੇ ਉਸ ਨੂੰ ਘੇਰ ਕੇ ਕੁੱਟਮਾਰ ਕਰਨ, ਹਾਕੀ ਨਾਲ ਹਮਲਾ ਕਰਨ, ਗੋਲੀਆਂ ਚਲਾਉਣ ਅਤੇ ਗੱਡੀ ਚੜ੍ਹਾ ਕੇ ਜਾਨੋਂ ਮਾਰਨ ਦੀ ਕੋਸ਼ਿਸ਼ ਕਰਨ ਦੇ ਗੰਭੀਰ ਦੋਸ਼ ਲਗਾਏ ਹਨ। ਪੁਲਿਸ ਨੇ ਮਨਦੀਪ ਸਿੰਘ ਬਾਜਵਾ ਦੀ ਸ਼ਿਕਾਇਤ ਦੇ ਆਧਾਰ 'ਤੇ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਇਸ ਸਬੰਧੀ ਐਸਐਚ ਓ ਸਿਟੀ ਮੋਰਿੰਡਾ ਇੰਸਪੈਕਟਰ ਗਗਨਦੀਪ ਸਿੰਘ ਨੇ ਦੱਸਿਆ ਕਿ ਪੁਲਿਸ ਦਿੱਤੇ ਬਿਆਨ ਵਿੱਚ ਮਨਦੀਪ ਸਿੰਘ ਬਾਜਵਾ ਨੇ ਦੱਸਿਆ ਕਿ ਉਹ ਪ੍ਰਾਪਰਟੀ ਖਰੀਦਣ ਅਤੇ ਵੇਚਣ ਦਾ ਕਾਰੋਬਾਰ ਕਰਦਾ ਹੈ। ਉਸ ਨੇ ਆਪਣੇ ਸਾਥੀ ਪਰਮਿੰਦਰ ਸਿੰਘ ਅਤੇ ਖਰੜ, ਮੋਹਾਲੀ ਦੇ ਰਹਿਣ ਵਾਲੇ ਕੁਝ ਹੋਰ ਵਿਅਕਤੀਆਂ ਨਾਲ ਮਿਲ ਕੇ ਮੋਰਿੰਡਾ-ਸਰਹਿੰਦ ਬਾਈਪਾਸ ਨੇੜੇ ਬਲਦੇਵ ਨਗਰ ਵਿੱਚ ਇਕ ਕਲੋਨੀ ਕੱਟੀ ਹੋਈ ਹੈ, ਜਿਸ ਵਿੱਚ ਕੁੱਲ 30 ਦੁਕਾਨਾਂ ਹਨ। ਇਨ੍ਹਾਂ ਵਿੱਚੋਂ 15 ਦੁਕਾਨਾਂ ਉਸ ਦੀਆਂ ਅਤੇ ਉਸ ਦੇ ਸਾਥੀ ਦੀਆਂ ਹਨ, ਜਦਕਿ ਬਾਕੀ 15 ਦੁਕਾਨਾਂ ਹੋਰਨਾਂ ਭਾਈਵਾਲਾਂ ਦੀਆਂ ਹਨ। ਉਸ ਅਨੁਸਾਰ ਦੁਕਾਨਾਂ ਦੀ ਵੰਡ ਆਪਸੀ ਸਹਿਮਤੀ ਨਾਲ ਹੋ ਚੁੱਕੀ ਸੀ।

ਮਨਦੀਪ ਸਿੰਘ ਬਾਜਵਾ ਨੇ ਦੋਸ਼ ਲਾਇਆ ਕਿ ਕੁਝ ਦਿਨ ਪਹਿਲਾਂ ਉਸ ਦੀ ਜਾਣਕਾਰੀ ਤੋਂ ਬਿਨਾਂ ਦੋ ਭਾਈਵਾਲਾਂ ਨੇ ਕਥਿਤ ਤੌਰ 'ਤੇ ਸਾਂਝ-ਭਿਆਲੀ ਕਰਕੇ ਅੱਠ ਦੁਕਾਨਾਂ ਨੂੰ ਛੱਡ ਕੇ ਬਾਕੀ ਦੁਕਾਨਾਂ 'ਤੇ ਆਪਣੇ ਨਾਂ ਅਤੇ ਮੋਬਾਈਲ ਨੰਬਰ ਲਿਖਵਾ ਦਿੱਤੇ। ਇਸ ਬਾਰੇ ਪਤਾ ਲੱਗਣ 'ਤੇ ਉਸ ਨੇ ਫੋਨ ਰਾਹੀਂ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ, ਪਰ ਮਾਮਲਾ ਹੱਲ ਨਹੀਂ ਹੋਇਆ।

ਮਨਦੀਪ ਸਿੰਘ ਬਾਜਵਾ ਅਨੁਸਾਰ 14 ਅਕਤੂਬਰ ਨੂੰ ਉਸ ਨੂੰ ਵਿਕਰਮ ਸਿੰਘ ਗਰੇਵਾਲ ਦਾ ਫੋਨ ਆਇਆ ਅਤੇ ਕਲੋਨੀ ਵਿੱਚ ਆ ਕੇ ਹਿਸਾਬ-ਕਿਤਾਬ ਕਰਨ ਲਈ ਕਿਹਾ ਗਿਆ। ਇਸ ਤੋਂ ਬਾਅਦ ਉਹ ਬਲਦੇਵ ਨਗਰ ਸਥਿਤ ਕਲੋਨੀ ਵਿੱਚ ਪਹੁੰਚ ਗਿਆ, ਜਿੱਥੇ ਜਸਵਿੰਦਰ ਸਿੰਘ, ਵਿਕਰਮ ਸਿੰਘ ਗਰੇਵਾਲ, ਪ੍ਰੀਤ ਅਤੇ ਇਕ ਹੋਰ ਅਣਪਛਾਤਾ ਵਿਅਕਤੀ ਮੌਜੂਦ ਸਨ। ਉਸ ਨੇ ਦੋਸ਼ ਲਾਇਆ ਕਿ ਉੱਥੇ ਪਹੁੰਚਣ ਤੋਂ ਬਾਅਦ ਉਸ ਨਾਲ ਗਾਲੀ-ਗਲੋਚ ਕੀਤੀ ਗਈ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਗਈਆਂ।

ਸ਼ਿਕਾਇਤ ਅਨੁਸਾਰ ਦੁਪਹਿਰ ਕਰੀਬ 3.15 ਵਜੇ ਉਕਤ ਵਿਅਕਤੀਆਂ ਨੇ ਉਸ ਨੂੰ ਘੇਰ ਕੇ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ, ਜਿਸ ਦੌਰਾਨ ਉਸ ਦੀ ਪੱਗ ਵੀ ਉਤਰ ਗਈ।

ਇਸ ਤੋਂ ਬਾਅਦ ਜਸਵਿੰਦਰ ਸਿੰਘ ਵੱਲੋਂ ਕਥਿਤ ਤੌਰ 'ਤੇ ਗੱਡੀ ਵਿੱਚੋਂ ਹਾਕੀ ਕੱਢ ਕੇ ਉਸ ਦੇ ਸਿਰ 'ਤੇ ਵਾਰ ਕਰਨ ਦੀ ਕੋਸ਼ਿਸ਼ ਕੀਤੀ ਗਈ। ਉਸ ਨੇ ਬਚਾਅ ਲਈ ਖੱਬਾ ਹੱਥ ਅੱਗੇ ਕੀਤਾ, ਜਿਸ ਕਾਰਨ ਹਾਕੀ ਦਾ ਵਾਰ ਉਸ ਦੀ ਹਥੇਲੀ 'ਤੇ ਲੱਗਿਆ।

ਮਨਦੀਪ ਸਿੰਘ ਬਾਜਵਾ ਨੇ ਅੱਗੇ ਦੋਸ਼ ਲਾਇਆ ਕਿ ਇਸ ਦੌਰਾਨ ਪ੍ਰੀਤ ਅਤੇ ਜਸਵਿੰਦਰ ਸਿੰਘ ਪਿਸਤੌਲ ਲੈ ਕੇ ਆ ਗਏ ਅਤੇ ਉਸ ਨੂੰ ਨਿਸ਼ਾਨਾ ਬਣਾਉਂਦੇ ਹੋਏ 7-8 ਫਾਇਰ ਕੀਤੇ। ਉਹ ਆਪਣੀ ਜਾਨ ਬਚਾਉਣ ਲਈ ਖੇਤਾਂ ਵੱਲ ਭੱਜਿਆ ਤਾਂ ਇਕ ਗੋਲੀ ਉਸ ਦੇ ਕੰਨ ਦੇ ਨੇੜਿਓਂ ਲੰਘ ਗਈ। ਉਸ ਨੇ ਇਹ ਵੀ ਦੋਸ਼ ਲਾਇਆ ਕਿ ਕੁਝ ਹੋਰ ਵਿਅਕਤੀਆਂ ਨੇ ਫੋਰਚੂਨਰ ਗੱਡੀ ਰਾਹੀਂ ਉਸ ਦਾ ਪਿੱਛਾ ਕੀਤਾ ਅਤੇ ਉਸ 'ਤੇ ਗੱਡੀ ਚੜ੍ਹਾਉਣ ਦੀ ਕੋਸ਼ਿਸ਼ ਕੀਤੀ।

ਸ਼ਿਕਾਇਤਕਰਤਾ ਮੁਤਾਬਕ ਭੱਜਦੇ ਹੋਏ ਉਹ ਬਲਦੇਵ ਨਗਰ ਦੇ ਵਸਨੀਕ ਕਸ਼ਮੀਰ ਚੰਦ ਦੇ ਘਰ ਦੇ ਸਾਹਮਣੇ ਡਿੱਗ ਪਿਆ। ਕਸ਼ਮੀਰ ਚੰਦ ਨੇ ਉਸ ਨੂੰ ਬਾਂਹ ਤੋਂ ਫੜ ਕੇ ਆਪਣੇ ਘਰ ਅੰਦਰ ਲਿਜਾ ਕੇ ਬਚਾਇਆ। ਉਸ ਨੇ ਦਾਅਵਾ ਕੀਤਾ ਕਿ ਇਸ ਦੌਰਾਨ ਘਰ ਦੇ ਬਾਹਰ ਵੀ ਗੋਲੀ ਚਲਾਈ ਗਈ, ਜੋ ਸਾਹਮਣੇ ਵਾਲੇ ਮਕਾਨ ਦੀ ਕੰਧ 'ਤੇ ਲੱਗੀ। ਉਸ ਦੇ ਰੌਲਾ ਪਾਉਣ 'ਤੇ ਪਿੰਡ ਦੇ ਲੋਕ ਇਕੱਠੇ ਹੋ ਗਏ, ਜਿਸ ਕਾਰਨ ਉਸ ਦੀ ਜਾਨ ਬਚ ਸਕੀ।

ਕੌਂਸਲਰ ਮਨਦੀਪ ਸਿੰਘ ਬਾਜਵਾ ਨੇ ਇਹ ਵੀ ਦੋਸ਼ ਲਾਇਆ ਕਿ ਹਮਲਾਵਰਾਂ ਨੇ ਕਲੋਨੀ ਵਿੱਚ ਖੜ੍ਹੀ ਉਸ ਦੀ ਰੂਬੀਕਨ ਗੱਡੀ ਅਤੇ ਇਕ ਥਾਰ ਦੇ ਸ਼ੀਸ਼ੇ ਤੋੜ ਦਿੱਤੇ। ਉਸ ਅਨੁਸਾਰ ਮੁਲਜ਼ਮ ਦੋ ਫੋਰਚੂਨਰ ਅਤੇ ਇਕ ਕਾਲੀ ਸਕਾਰਪੀਓ-ਐੱਨ ਸਮੇਤ ਮੌਕੇ ਤੋਂ ਫਰਾਰ ਹੋ ਗਏ। ਉਸ ਨੇ ਇਹ ਵੀ ਦੱਸਿਆ ਕਿ ਗੋਲੀਬਾਰੀ ਦੌਰਾਨ ਕਥਿਤ ਤੌਰ 'ਤੇ ਹਮਲਾਵਰਾਂ ਦੇ ਆਪਣੇ ਇਕ ਸਾਥੀ ਨੂੰ ਵੀ ਗੋਲੀ ਲੱਗਣ ਬਾਰੇ ਬਾਅਦ ਵਿੱਚ ਪਤਾ ਲੱਗਾ।ਘਟਨਾ ਵਿੱਚ ਸੱਟਾਂ ਲੱਗਣ ਤੋਂ ਬਾਅਦ ਉਸ ਦੇ ਦੋਸਤ ਰਾਹੁਲ ਸ਼ਰਮਾ ਨੇ ਉਸ ਨੂੰ ਇਲਾਜ ਲਈ ਸੀ.ਐੱਚ.ਸੀ. ਮੋਰਿੰਡਾ ਵਿਖੇ ਦਾਖਲ ਕਰਵਾਇਆ। ਇਲਾਜ ਤੋਂ ਬਾਅਦ ਉਸ ਨੇ ਥਾਣਾ ਸਿਟੀ ਮੋਰਿੰਡਾ ਪਹੁੰਚ ਕੇ ਪੁਲਿਸ ਨੂੰ ਬਿਆਨ ਦਰਜ ਕਰਵਾਇਆ ਜਿਸ ਦੇ ਚਲਦੇ ਪੁਲਿਸ ਵੱਲੋਂ ਜਸਵਿੰਦਰ ਸਿੰਘ, ਵਿਕਰਮ ਸਿੰਘ ਗਰੇਵਾਲ, ਪ੍ਰੀਤ, ਇਕ ਅਣਪਛਾਤੇ ਸਰਦਾਰ ਵਿਅਕਤੀ ਅਤੇ 4-5 ਹੋਰ ਅਣਪਛਾਤੇ ਵਿਅਕਤੀਆਂ ਵਿਰੁੱਧ ਦੀਆਂ ਵੱਖ-ਵੱਖ ਧਾਰਾਵਾਂ ਅਤੇ ਅਸਲਾ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਨੂੰਨੀ ਕਾਰਵਾਈ ਸੁਰੂ ਕਰ ਦਿੱਤੀ ਹੈ।

# ਭਾਜਪਾ ਨੇ ਕਿਸਾਨ ਮੋਰਚੇ ਦੇ ਸੂਬਾ ਕਾਰਜਕਾਰਨੀ ਮੈਂਬਰ ਭਿਲੋਵਾਲ ਨੂੰ ਜਿਲਾ ਪਟਿਆਲਾ ਦਾ ਇੰਚਾਰਜ ਕੀਤਾ ਨਿਯੁਕਤ

-ਪਟਿਆਲਾ, 21 ਅਕਤੂਬਰ
ਅਮਰਜੀਤ ਸਿੰਘ
-ਕੌਮੀ ਪੱਤ੍ਰਿਕਾ ਬਿਊਰੋ-



ਭਾਜਪਾ ਵੱਲੋਂ ਸੂਬੇ ਅੰਦਰ 2027 ਦੀਆਂ ਵਿਧਾਨ ਸਭਾ ਚੋਣਾਂ ਅਤੇ ਕਿਸਾਨਾਂ ਦੀਆਂ ਮੁਸ਼ਕਿਲਾਂ ਦੇ ਹੱਲ ਕਰਨ ਲਈ ਬਣਾਏ ਗਏ ਕਿਸਾਨ ਮੋਰਚਾ ਪੰਜਾਬ ਵਿਚ ਹੋਰ ਨਿਯੁਕਤੀਆਂ ਜੰਗੀ ਪੱਧਰ ਤੇ ਕੀਤੀ ਜਾ ਰਹੀਆਂ ਹਨ ਤਾਂ ਜੋ ਕਿਸਾਨਾਂ ਦੇ ਮਸਲਿਆਂ ਨੂੰ ਕੇਂਦਰ ਦੀ ਭਾਜਪਾ ਸਰਕਾਰ ਤੱਕ ਪਹੁੰਚਾਇਆ ਜਾ ਸਕੇ ਇਸੇ ਅਨੁਸਾਰ ਪਾਰਟੀ ਹਾਈ ਕਮਾਂਡ ਵੱਲੋਂ ਕਿਸਾਨ ਮੋਰਚਾ ਪੰਜਾਬ ਅੰਦਰ ਪਿਛਲੇ ਲੰਬੇ ਸਮੇਂ ਤੋਂ ਕੰਮ ਕਰਨ ਵਾਲੇ ਮਿਹਨਤੀ ਵਰਕਰ ਵਜੋਂ ਆਪਣੀਆ ਸੇਵਾਵਾਂ ਨਿਭਾਉਂਦੇ ਆ ਰਹੇ ਰਮਨਦੀਪ ਸਿੰਘ ਭਿਲੋਵਾਲ ਨੂੰ ਪਹਿਲਾਂ ਕਿਸਾਨ ਮੋਰਚਾ ਪੰਜਾਬ ਅੰਦਰ ਸੂਬਾ ਕਾਰਜਕਾਰਨੀ ਮੈਂਬਰ ਨਿਯੁਕਤ ਕੀਤਾ ਗਿਆ ਸੀ ਜਿਨਾਂ ਦੇ ਕੰਮ ਨੂੰ ਦੇਖਦੇ ਹੋਏ ਹੁਣ ਮੁੜ ਤੋਂ ਪਾਰਟੀ ਹਾਈ ਕਮਾਂਡ ਨੇ ਸੂਬਾ ਪੱਧਰੀ ਕਾਰਜਕਾਰਨੀ ਮੈਂਬਰ ਦੇ ਨਾਲ ਨਾਲ ਕਿਸਾਨ ਮੋਰਚਾ ਜਿਲਾ ਪਟਿਆਲਾ ਦਾ ਇੰਚਾਰਜ ਨਿਯੁਕਤ ਕਰ ਦਿੱਤਾ ਗਿਆ ਹੈ ਜਿਸ ਨਾਲ ਨੌਜਵਾਨਾਂ ਅਤੇ ਕਿਸਾਨਾਂ ਵਿੱਚ ਕਾਫੀ ਖੁਸ਼ੀ ਪਾਈ ਜਾ ਰਹੀ ਹੈ। ਜਿਕਰਯੋਗ ਹੈ ਕੀ ਰਮਨਦੀਪ ਸਿੰਘ ਭਿਲੋਵਾਲ ਪਿਛਲੇ ਲੰਮੇ ਸਮੇਂ ਤੋਂ ਬਤੌਰ ਵਰਕਰ ਆਪਣੀਆਂ ਸੇਵਾਵਾਂ ਪਾਰਟੀ ਆਗੂਆਂ ਦੇ ਦਿਸ਼ਾ ਨਿਰਦੇਸ਼ਾ ਹੇਠ ਨਿਭਾਉਂਦੇ ਆ ਰਹੇ ਹਨ ਜੋ ਹਰ ਗਤੀਵਿਧੀ ਵਿੱਚ ਹਿੱਸਾ ਲੈਂਦੇ ਹੋਏ ਕਿਸਾਨਾਂ ਦੇ ਮਸਲਿਆਂ ਨੂੰ ਹੱਲ ਕਰਵਾਉਣ ਲਈ ਪਾਰਟੀ ਹਾਈ ਕਮਾਂਡ ਨਾਲ ਸਮੇਂ ਸਮੇਂ ਸਿਰ ਗੱਲਬਾਤ ਕਰਦੇ ਰਹਿੰਦੇ ਹਨ ਇਸ ਨਿਯੁਕਤੀ ਦਾ ਜਿਲਾ ਭਾਜਪਾ ਇਕਾਈ ਅੰਦਰ ਵੀ ਸਵਾਗਤ ਕੀਤਾ ਜਾ ਰਿਹਾ ਹੈ ਭਾਜਪਾ ਕਿਸਾਨ ਮੋਰਚਾ ਦੇ ਜ਼ਿਲ੍ਹਾ ਇੰਚਾਰਜ ਰਾਮਨਦੀਪ ਸਿੰਘ ਭਿਲੋਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪਾਰਟੀ ਹਾਈ ਕਮਾਂਡ ਦੇ ਦਿਸਾ ਨਿਰਦੇਸ਼ਾਂ ਹੇਠ ਜਿਲਾ ਪੱਧਰ ਤੇ ਕਿਸਾਨ ਮੋਰਚੇ ਵਿੱਚ ਨੌਜਵਾਨਾਂ ਦੀਆਂ ਨਿਯੁਕਤੀਆਂ ਕੀਤੀਆਂ ਜਾਣਗੀਆਂ ਤਾਂ ਜੋ ਕਿਸਾਨੀ ਲਈ ਕੇਂਦਰ ਸਰਕਾਰ ਵੱਲੋਂ ਕੀਤੇ ਜਾ ਰਹੇ ਕਾਰਜਾਂ ਨੂੰ ਹਰ ਕਿਸਾਨ ਤੱਕ ਪਹੁੰਚਾਇਆ ਜਾ ਸਕੇ ਉਹਨਾਂ ਕਿਹਾ ਕਿ ਕਿਸਾਨ ਮੋਰਚੇ ਦੀਆਂ ਜਿਲਾ ਪੱਧਰ ਤੇ ਬਣਨ ਵਾਲੀਆਂ ਨਵੀਆਂ ਕਮੇਟੀਆਂ ਵਿੱਚ ਕਿਸਾਨਾਂ ਦੇ ਲੜਕਿਆਂ ਨੂੰ ਵੀ ਇਸ ਮੋਰਚੇ ਵਿੱਚ ਸ਼ਾਮਿਲ ਕੀਤਾ ਜਾਵੇਗਾ ਤਾਂ ਜੋ ਕਿਸਾਨਾਂ ਨਾਲ ਜੁੜੇ ਮਸਲਿਆਂ ਦਾ ਪਹਿਲ ਦੇ ਅਧਾਰ ਤੇ ਕੇਂਦਰ ਸਰਕਾਰ ਤੋਂ ਹੱਲ ਕਰਵਾਇਆ ਜਾ ਸਕੇ ਉਹਨੂੰ ਕਿਹਾ ਕਿ ਕਿਸਾਨ ਮੋਰਚਾ ਪੰਜਾਬ ਦੇ ਆਗੂਆਂ ਵੱਲੋਂ ਜਿਲਾ ਪਟਿਆਲਾ ਅੰਦਰ ਕਿਸਾਨਾਂ ਦੀ ਜਾਗਰੂਕ ਵੀ ਕੈਂਪ ਵੀ ਲਗਾਏ ਜਾਣਗੇ ਤਾਂ ਜੋ ਭਾਜਪਾ ਦੀ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਲਈ ਚਲਾਈਆ ਗਈਆ ਸਕੀਮਾਂ ਪ੍ਰਤੀ ਜਾਣੂ ਕਰਵਾਇਆ ਜਾ ਜਿਲਾ ਇੰਚਾਰਜ ਭਿਲੋਵਾਲ ਨੇ ਸੂਬੇ ਦੇ ਭਾਜਪਾ ਸੰਗਠਨ ਇੰਚਾਰਜ ਸ੍ਰੀ ਨਿਵਾਸਲੂ ,ਕਿਸਾਨ ਮੋਰਚਾ ਦੇ ਸੂਬਾ ਪ੍ਰਧਾਨ ਲਖਵਿੰਦਰ ਸਿੰਘ ਮੌਮੀ, ਪੰਜਾਬ ਇੰਚਾਰਜ ਸਤੀਸ਼ ਪੂਨੀਆ , ਸੂਬਾ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਤੇ ਸੂਬਾ ਕਾਰਜਕਾਰਨੀ ਮੈਂਬਰ ਗੁਰਤੇਜ ਸਿੰਘ ਢਿੱਲੋਂ ਆਦਿ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦੇ ਹੋਏ ਭਿਲੋਵਾਲ ਨੇ ਕਿਹਾ ਕਿ ਭਾਜਪਾ ਕਿਸਾਨ ਮੋਰਚਾ ਨੂੰ ਮਜਬੂਤ ਕਰਨ ਲਈ ਦਿਨ ਰਾਤ ਇੱਕ ਕਰ ਦੇਵਾਂਗਾ।

# ਸਮਾਜ ਸੇਵੀ ਸੰਸਥਾਵਾਂ ਵੱਲੋਂ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਦਾ ਆਯੋਜਨ ਕਰਨਾ ਸ਼ਲਾਘਾਯੋਗ : ਦਰਪਣ ਆਹਲੂਵਾਲੀਆ

ਪਟਿਆਲਾ, 21 ਅਕਤੂਬਰ
-ਅਮਰਜੀਤ ਸਿੰਘ
-ਕੌਮੀ ਪੱਤ੍ਰਿਕਾ ਬਿਊਰੋ-



)ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ ਅਤੇ ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਪੰਜਾਬ ਪੁਲਿਸ ਦੇ ਸਹਿਯੋਗ ਨਾਲ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਅਤੇ ਭਾਰਤ ਸਰਕਾਰ ਦੇ 'ਨਸ਼ਾ ਮੁਕਤ ਭਾਰਤ ਅਭਿਆਨ' ਤਹਿਤ ਸੂਬੇ ਦੇ ਹਰ ਜ਼ਿਲ੍ਹੇ ਵਿੱਚ ਲਗਾਤਾਰ ਜਾਗਰੂਕਤਾ ਪ੍ਰੋਗਰਾਮ ਕੀਤੇ ਜਾ ਰਹੇ ਹਨ।

ਇਸੇ ਲੜੀ ਤਹਿਤ ਅੱਜ ਪੁਲਿਸ ਜ਼ਿਲ੍ਹਾ ਖੰਨਾ ਦੇ ਐਸ.ਐਸ.ਪੀ. ਡਾਕਟਰ ਦਰਪਣ ਆਹਲੂਵਾਲੀਆ ਅਤੇ ਐਸ.ਪੀ. ਰਾਕੇਸ਼ ਯਾਦਵ ਨਾਲ ਸਟੇਟ ਐਵਾਰਡੀ ਪਰਮਿੰਦਰ ਭਲਵਾਨ, ਜੋ ਕਿ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ ਅਤੇ ਮੈਂਬਰ ਵੂਮੈਨ ਕਾਊਂਸਲਿੰਗ ਸੈੱਲ ਪਟਿਆਲਾ ਪੁਲਿਸ ਵਜੋਂ ਸੇਵਾਵਾਂ ਨਿਭਾ ਰਹੇ ਹਨ, ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਵਿਸ਼ੇਸ਼ ਮੁਲਾਕਾਤ ਕੀਤੀ ਅਤੇ ਉਹਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਦੌਰਾਨ ਵੰਡੀਆਂ ਜਾ ਰਹੀਆਂ ਮੁਫ਼ਤ ਕਿਤਾਬਾਂ ਵੀ ਦਿੱਤੀਆਂ ਗਈਆਂ , ਇਸ ਮੌਕੇ ਵਿਸ਼ੇਸ਼ ਤੌਰ ਤੇ ਡੀ ਐਸ ਪੀ ਪਾਇਲ ਹਰਮਨਦੀਪ ਸਿੰਘ ਚੀਮਾ ਵੀ ਹਾਜ਼ਰ ਸਨ। ਮੁਲਾਕਾਤ ਦੌਰਾਨ ਨਸ਼ਿਆਂ ਦੇ ਖਾਤਮੇ ਲਈ ਚਲਾਏ ਜਾ ਰਹੇ ਜਾਗਰੂਕਤਾ ਕੈਂਪਾਂ, ਸੈਮੀਨਾਰਾਂ, ਪਿੰਡ-ਪਿੰਡ ਅਤੇ ਸਕੂਲਾਂ-ਕਾਲਜਾਂ ਵਿੱਚ ਕੀਤੇ ਜਾ ਰਹੇ ਪ੍ਰੋਗਰਾਮਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਮੌਕੇ ਐਸ.ਐਸ.ਪੀ. ਖੰਨਾ ਡਾਕਟਰ ਦਰਪਣ ਆਹਲੂਵਾਲੀਆ ਨੇ ਸਮਾਜ ਸੇਵੀ ਸੰਸਥਾਵਾਂ ਵੱਲੋਂ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਸ਼ਲਾਘਾਯੋਗ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਵੱਲੋਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਕੀਤੇ ਜਾ ਰਹੇ ਯਤਨਾਂ ਨੂੰ ਸਮਾਜ ਲਈ ਪ੍ਰੇਰਨਾ ਸਰੋਤ ਦੱਸਿਆ।

ਡਾਕਟਰ ਆਹਲੂਵਾਲੀਆ ਨੇ ਕਿਹਾ ਕਿ ਨਸ਼ਾ ਇੱਕ ਸਮਾਜਿਕ ਬੁਰਾਈ ਹੈ ਜਿਸ ਨੂੰ ਸਿਰਫ ਪੁਲਿਸ ਹੀ ਨਹੀਂ ਸਗੋਂ ਸਮੁੱਚੇ ਸਮਾਜ ਦੇ ਸਹਿਯੋਗ ਨਾਲ ਹੀ ਖਤਮ ਕੀਤਾ ਜਾ ਸਕਦਾ ਹੈ। ਉਨ੍ਹਾਂ ਆਮ ਜਨਤਾ, ਖਾਸ ਕਰਕੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਵਿਰੁੱਧ ਲਾਮਬੰਦ ਹੋ ਕੇ ਅੱਗੇ ਆਉਣ ਅਤੇ ਪੁਲਿਸ ਦਾ ਸਾਥ ਦੇਣ। ਜੇਕਰ ਕਿਤੇ ਵੀ ਨਸ਼ਾ ਵਿਕਦਾ ਹੈ ਤਾਂ ਉਸਦੀ ਸੂਚਨਾ ਤੁਰੰਤ ਪੁਲਿਸ ਨੂੰ ਦਿੱਤੀ ਜਾਵੇ, ਸੂਚਨਾ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ। ਉਨ੍ਹਾਂ ਨੌਜਵਾਨਾਂ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਨਸ਼ਿਆਂ ਨੂੰ ਛੱਡ ਕੇ ਖੇਡਾਂ ਨਾਲ ਜੁੜੋ। ਖੇਡਾਂ ਜਿੱਥੇ ਸਰੀਰ ਨੂੰ ਤੰਦਰੁਸਤ ਰੱਖਦੀਆਂ ਹਨ ਉੱਥੇ ਮਨ ਨੂੰ ਵੀ ਸਕਾਰਾਤਮਕ ਦਿਸ਼ਾ ਵੱਲ ਲੈ ਕੇ ਜਾਂਦੀਆਂ ਹਨ। ਪੰਜਾਬ ਪੁਲਿਸ ਵੱਲੋਂ ਨੌਜਵਾਨਾਂ ਨੂੰ ਖੇਡ ਮੈਦਾਨਾਂ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਉਨ੍ਹਾਂ ਦੀਆਂ ਸੰਸਥਾਵਾਂ ਵੱਲੋਂ ਪਿਛਲੇ ਕਈ ਸਾਲਾਂ ਤੋਂ ਪੰਜਾਬ ਪੁਲਿਸ ਦੇ ਸਾਂਝ ਕੇਂਦਰਾਂ ਰਾਹੀਂ ਨਸ਼ਾ ਪੀੜਤਾਂ ਦੀ ਕਾਊਂਸਲਿੰਗ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਡਾ ਮਕਸਦ ਸਿਰਫ ਨਸ਼ਾ ਤਸਕਰਾਂ ਨੂੰ ਫੜਵਾਉਣਾ ਹੀ ਨਹੀਂ ਸਗੋਂ ਨਸ਼ੇ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਨੂੰ ਬਾਹਰ ਕੱਢ ਕੇ ਮੁੜ ਸਮਾਜ ਦੀ ਮੁੱਖ ਧਾਰਾ ਨਾਲ ਜੋੜਨਾ ਹੈ। ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਨੇ ਕਿਹਾ ਕਿ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਹਰ ਪੰਜਾਬੀ ਨੂੰ ਆਪਣਾ ਫਰਜ਼ ਨਿਭਾਉਣਾ ਪਵੇਗਾ। ਉਨ੍ਹਾਂ ਕਿਹਾ ਕਿ ਐਸ.ਐਸ.ਪੀ. ਖੰਨਾ ਵੱਲੋਂ ਦਿੱਤੇ ਸਹਿਯੋਗ ਨਾਲ ਇਸ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਐਸ.ਪੀ. ਰਾਕੇਸ਼ ਯਾਦਵ ਨੇ ਹੋਰਨਾਂ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਅਪੀਲ ਕੀਤੀ ਕਿ ਉਹੋ ਨਸ਼ਿਆਂ ਵਿਰੁੱਧ ਲੜਾਈ ਵਿੱਚ ਪੰਜਾਬ ਪੁਲਿਸ ਨੂੰ ਸਹਿਯੋਗ ਕਰਨ ਲਈ ਅੱਗੇ ਆਉਣ ਤਾ ਹੀ ਪੁਲਿਸ ਪਬਲਿਕ ਦੇ ਸਹਿਯੋਗ ਨਾਲ ਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਸਫਲ ਬਣਾ ਸਕਦੀ ਹੈ।

# ਪਿੰਡ ਬਿਰੜਵਾਲ ਵਿਖੇ ਪਰਾਲੀ ਪ੍ਰਬੰਧਨ ਸੰਬੰਧੀ ਜਾਗਰੂਕਤਾ ਕੈਂਪ ਲਗਾਇਆ, ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਕੀਤੀ ਅਪੀਲ



ਨਾਭਾ, 21 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਸਬੰਧੀ ਜਾਗਰੂਕ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਬਲਾਕ ਨਾਭਾ ਦੇ ਸਰਕਲ ਅਗੌਲ ਅਧੀਨ ਪਿੰਡ ਬਿਰੜਵਾਲ ਵਿਖੇ ਪਿੰਡ ਪੱਧਰੀ ਜਾਗਰੂਕਤਾ ਕੈਂਪ ਲਗਾਇਆ ਗਿਆ। ਇਹ ਕੈਂਪ ਡਾ. ਦਾਰਾ ਸਿੰਘ, ਮੁੱਖ ਖੇਤੀਬਾੜੀ ਅਫ਼ਸਰ, ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਬਲਾਕ ਖੇਤੀਬਾੜੀ ਅਫ਼ਸਰ ਸ੍ਰੀ ਜਪਿੰਦਰ ਗਿੱਲ ਦੀ ਅਗਵਾਈ ਹੇਠ ਲਗਾਇਆ ਗਿਆ।

ਕੈਂਪ ਦੌਰਾਨ ਬੀ.ਟੀ.ਐੱਮ. ਸ੍ਰੀ ਸੁਰਿੰਦਰ ਸਿੰਘ ਅਤੇ ਬੀ.ਟੀ.ਐੱਮ. ਸ੍ਰੀਮਤੀ ਨਵਜੋਤ ਕੌਰ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਦੇ ਵੱਖ-ਵੱਖ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਸਾਨਾਂ ਨੂੰ ਦੱਸਿਆ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ, ਮਿੱਟੀ ਦੇ ਲਾਭਦਾਇਕ ਜੀਵਾਣੂਆਂ ਦਾ ਨੁਕਸਾਨ ਹੁੰਦਾ ਹੈ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤੀਬਾੜੀ ਮਸ਼ੀਨਰੀ ਦੀ ਵਰਤੋਂ ਕਰਕੇ ਇਸ ਦਾ ਸੁਚੱਜਾ ਪ੍ਰਬੰਧਨ ਕਰਨ। ਇਸ ਨਾਲ ਜਿੱਥੇ ਵਾਤਾਵਰਣ ਨੂੰ ਸਾਫ਼ ਰੱਖਣ ਵਿੱਚ ਮਦਦ ਮਿਲੇਗੀ, ਉੱਥੇ ਹੀ ਮਿੱਟੀ ਦੀ ਸਿਹਤ ਵਿੱਚ ਸੁਧਾਰ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਵੀ ਯਕੀਨੀ ਬਣਾਈ ਜਾ ਸਕਦੀ ਹੈ।

ਇਸ ਮੌਕੇ ਪਿੰਡ ਬਿਰੜਵਾਲ ਦੇ ਕਿਸਾਨਾਂ ਨੇ ਕੈਂਪ ਵਿੱਚ ਸ਼ਮੂਲੀਅਤ ਕੀਤੀ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਤੋਂ ਪਰਾਲੀ ਪ੍ਰਬੰਧਨ ਸਬੰਧੀ ਜਾਣਕਾਰੀ ਪ੍ਰਾਪਤ ਕੀਤੀ। ਵਿਭਾਗ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਉਹ ਪਰਾਲੀ ਨੂੰ ਅੱਗ ਨਾ ਲਗਾਉਣ ਅਤੇ ਹੋਰਨਾਂ ਕਿਸਾਨਾਂ ਨੂੰ ਵੀ ਜਾਗਰੂਕ ਕਰਕੇ ਵਾਤਾਵਰਣ ਦੀ ਸੰਭਾਲ ਵਿੱਚ ਆਪਣਾ ਯੋਗਦਾਨ ਪਾਉਣ।

# ਖੇਤੀਬਾੜੀ ਵਿਭਾਗ ਪਟਿਆਲਾ ਵੱਲੋਂ ਮਨਾਇਆ ਗਿਆ ਕਿਸਾਨ ਮਹਿਲਾ ਦਿਵਸ: ਮੁੱਖ ਖੇਤੀਬਾੜੀ ਅਫਸਰ

ਪਟਿਆਲਾ, 21 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-




ਖੇਤੀਬਾੜੀ ਵਿਭਾਗ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਪਟਿਆਲਾ ਵੱਲੋਂ ਮਾਨਯੋਗ ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਡਾ. ਗੁਰਜੀਤ ਸਿੰਘ ਬਰਾੜ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੰਯੁਕਤ ਡਾਇਰੈਕਟਰ ਖੇਤੀਬਾੜੀ ਵਿਸਥਾਰ ਅਤੇ ਸਿਖਲਾਈ ਡਾ. ਕਰਨਜੀਤ ਸਿੰਘ ਗਿੱਲ ਦੀ ਅਗਵਾਈ ਹੇਠ ਮਿਤੀ 15.10.2026 ਦਿਨ ਵੀਰਵਾਰ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਦੇ ਸਹਿਯੋਗ ਨਾਲ ਮੁੱਖ ਖੇਤੀਬਾੜੀ ਅਫਸਰ ਡਾ. ਦਾਰਾ ਸਿੰਘ ਵੱਲੋਂ ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਵਿਖੇ ਮਹਿਲਾ ਕਿਸਾਨ ਦਿਵਸ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਪਟਿਆਲਾ ਜਿਲ੍ਹੇ ਦੇ ਵੱਖ-ਵੱਖ ਪਿੰਡਾਂ ਤੋਂ ਕਿਸਾਨ ਮਹਿਲਾਵਾਂ ਅਤੇ ਲੜਕੀਆਂ ਨੇ ਭਾਗ ਲਿਆ। ਇਸ ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਡਾ. ਪਰਮਜੀਤ ਕੌਰ ਨੇ ਆਈਆਂ ਕਿਸਾਨ ਮਹਿਲਾਵਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਖੇਤੀ ਵਿਚ ਬੀਜਾਂ ਦੀ ਸਾਂਭਸੰਭਾਲ, ਫਸਲਾਂ ਦੀ ਬਿਜਾਈ, ਪਸ਼ੂਆਂ ਦੀ ਸਾਂਭ ਸੰਭਾਲ, ਫਲ ਸਬਜੀਆਂ ਦੀ ਕਾਸ਼ਤ, ਪ੍ਰੋਸੈਸਿੰਗ, ਮੱਛੀ ਪਾਲਣ ਅਤੇ ਹੋਰ ਸਹਾਇਕ ਧੰਦਿਆਂ ਵਿਚ ਔਰਤਾਂ ਦੀ ਭਰਪੂਰ ਹਿੱਸੇਦਾਰੀ ਰਹਿੰਦੀ ਹੈ ਅਤੇ ਉਹਨਾਂ ਨੇ ਖੇਤੀਬਾੜੀ ਵਿਭਾਗ ਵਿਚ ਚੱਲ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਵੀ ਸਾਂਝੀ ਕੀਤੀ। ਇਸ ਮੌਕੇ ਸੀਨੀਅਰ ਮੱਛੀ ਪਾਲਣ ਅਫਸਰ ਡਾ. ਵੀਰਪਾਲ ਕੌਰ ਨੇ ਕਿਹਾ ਕਿ ਮੱਛੀ ਪਾਲਣ ਵਿਚ ਔਰਤਾਂ ਦਾ ਅਹਿਮ ਯੋਗਦਾਨ ਹੁੰਦਾ ਹੈ ਅਤੇ ਉਹਨਾਂ ਦੇ ਮੱਛੀ ਪਾਲਣ ਵਿਭਾਗ ਦੀਆਂ ਚੱਲ ਰਹੀਆਂ ਸਕੀਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਕੇ.ਵੀ.ਕੇ. ਪਟਿਆਲਾ ਦੇ ਡਿਪਟੀ ਡਾਇਰੈਕਟਰ ਡਾ. ਹਰਦੀਪ ਸਿੰਘ ਸਭੀਖੀ ਨੇ ਦਸਿਆ ਕਿ ਕਿਸਾਨ ਮਹਿਲਾਵਾਂ ਲਈ ਚਲਾਏ ਜਾਂਦੇ ਕਿੱਤਾਮੁੱਖੀ ਸਿਖਲਾਈ ਪ੍ਰੋਗਰਾਮਾਂ ਅਤੇ ਹੋਰ ਸਹੂਲਤਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਇਸ ਮੌਕੇ ਉਹਨਾਂ ਨੇ ਸ਼ਹਿਦ ਦੀ ਮਹੱਤਤਾ ਬਾਰੇ ਅਤੇ ਸ਼ੁੱਧਤਾ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਡਾ. ਗੁਰਉਪਦੇਸ਼ ਕੌਰ ਨੇ ਦਸਿਆ ਕਿ ਸੰਯੁਕਤ ਰਾਸ਼ਟਰ ਨੇ 2026 ਨੂੰ ਮਹਿਲਾ ਕਿਸਾਨਾਂ ਦਾ ਅੰਤਰਰਾਸ਼ਟਰੀ ਸਾਲ ਐਲਾਨਿਆ ਹੈ। ਉਹਨਾਂ ਦਸਿਆ ਕਿ ਪੰਜਾਬ ਵਿਚ ਖੇਤੀ ਦੇ ਧੰਦੇ ਨੂੰ ਮਰਦਾਂ ਦੇ ਧੰਦੇ ਵਜੋਂ ਵੇਖਿਆ ਗਿਆ ਹੈ ਪਰ ਫਿਰ ਵੀ ਖੇਤੀ ਸੰਦਾਂ ਵਿਚ ਹੱਥ ਵਟਾਉਂਦੀਆਂ ਔਰਤਾਂ ਸਾਡੇ ਸਮਾਜ ਦੇ ਆਰਥਿਕ ਤੰਤਰ ਦੀ ਗੀੜ ਦੀ ਹੱਡੀ ਹਨ। ਉਹਨਾਂ ਦੇ ਹੱਡ ਭੰਨਵੇਂ ਕੰਮਾਂ ਨੂੰ ਸੁਖਾਲਾ ਕਰਨ ਵਾਲੇ ਸੰਦਾਂ ਜਿਵੇਂ ਕਿ ਰਿੰਗ ਕਟਰ, ਘੁੰਮਦੀ ਪੀੜੀ, ਸਬਜੀਆਂ ਨੂੰ ਤੋੜਨ ਲਈ ਦਸਤਾਨੇ ਅਤੇ ਹਲਦੀ ਪੁੱਟਣ ਵਾਲੇ ਸੰਦ ਬਾਰੇ ਜਾਣਕਾਰੀ ਦਿੱਤੀ ਅਤੇ ਦਸਿਆ ਕਿ ਇਹਨਾਂ ਸੰਦਾਂ ਦੀ ਵਰਤੋਂ ਕਰਨ ਨਾਲ ਸਰੀਰਕ ਤਣਾਅ ਘੱਟ ਮਹਿਸੂਸ ਹੁੰਦਾ ਹੈ। ਡਾ. ਰਜਨੀ ਗੋਇਲ ਨੇ ਭੋਜਨ ਪ੍ਰੋਸੈਸਿੰਗ ਬਾਰੇ ਜਾਣਕਾਰੀ ਦਿੱਤੀ। ਡਾ. ਰਚਨਾ ਸਿੰਗਲਾ ਨੇ ਖੁੰਭਾ ਦੀ ਕਾਸ਼ਤ ਅਤੇ ਘਰੇਲੂ ਬਗੀਚੀ ਦੀ ਵਿਉਂਤਬੰਦੀ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਅਗਾਂਹਵਧੂ ਕਿਸਾਨ ਮਹਿਲਾਵਾਂ ਸ਼੍ਰੀਮਤੀ ਭਿੰਦਰ ਕੌਰ, ਸ਼੍ਰੀਮਤੀ ਕੁਲਵਿੰਦਰ ਕੌਰ, ਸ਼੍ਰੀਮਤੀ ਮਾਲਾ ਕੁਮਾਰੀ, ਸ਼੍ਰੀਮਤੀ ਹਰਜੀਤ ਕੌਰ, ਸ਼੍ਰੀਮਤੀ ਮੀਨਾ ਰਾਣੀ ਅਤੇ ਸ਼੍ਰੀਮਤੀ ਕੁਲਵਿੰਦਰ ਕੌਰ ਨੂੰ ਸਨਮਾਨਿਤ ਕੀਤਾ ਗਿਆ।

# ਡਾ. ਰਤਨ ਸਿੰਘ ਜੱਗੀ ਵਿਦਵਾਨ ਤੇ ਚਿੰਤਕ ਹੋਣ ਦੇ ਨਾਲ ਸਦਭਾਵਨਾ ਦੇ ਪ੍ਰਤੀਕ ਵੀ ਸਨ:ਜਸਵੰਤ ਸਿੰਘ ਜ਼ਫ਼ਰ

ਪਟਿਆਲਾ, 21 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-



ਭਾਸ਼ਾ ਵਿਭਾਗ ਪੰਜਾਬ ਵੱਲੋਂ ਉੱਘੇ ਵਿਦਵਾਨ ਡਾ. ਰਤਨ ਸਿੰਘ ਜੱਗੀ ਦੀ ਸਾਹਿਤਕ ਘਾਲਣਾ ਤੇ ਪੰਜਾਬੀ ਸਾਹਿਤ ਨੂੰ ਦੇਣ ਨੂੰ ਸਤਿਕਾਰ ਦਿੰਦਿਆਂ ਅੱਜ ਰੈਂਫਰੈਂਸ ਲਾਇਬਰੇਰੀ 'ਚ ਡਾ. ਜੱਗੀ ਯਾਦਗਾਰੀ ਸਾਹਿਤਕ ਕੋਨਾ ਸਥਾਪਤ ਕੀਤਾ ਹੈ ਜਿਸ ਨੂੰ ਉਹਨਾ ਦੀ ਧਰਮ ਪਤਨੀ ਡਾਕਟਰ ਗੁਰਸ਼ਰਨ ਕੌਰ ਜੱਗੀ, ਡਾਇਰੈਕਟਰ ਭਾਸ਼ਾਵਾਂ ਸ. ਜਸਵੰਤ ਸਿੰਘ ਜ਼ਫ਼ਰ ਤੇ ਹੋਰ ਸਤਿਕਾਰਤ ਸ਼ਖ਼ਸੀਅਤਾਂ ਵੱਲੋਂ ਲੋਕ ਅਰਪਣ ਕੀਤਾ ਗਿਆ। ਇਸ ਕੋਨੇ ਵਿੱਚ ਡਾ. ਜੱਗੀ ਦੇ ਜੀਵਨ ਸੰਘਰਸ਼ ਤੇ ਕੀਤੇ ਵਿਕਾਸ ਨਾਲ ਸਬੰਧਿਤ ਤਸਵੀਰਾਂ, ਉਹਨਾਂ ਦੀਆਂ ਅਕਾਦਮਿਕ ਡਿਗਰੀਆਂ, ਪੁਰਸਕਾਰ, ਉਹਨਾਂ ਦੁਆਰਾ ਸਿਰਜੇ ਅਧਿਐਨ ਗ੍ਰੰਥ, ਖੋਜ ਪੁਸਤਕਾਂ ਆਦਿ ਸ਼ਾਮਲ ਹਨ। ਇਸ ਚੰਗੇਰੇ ਕਾਰਜ ਵਿੱਚ ਰਤਨ ਸਿੰਘ ਜੱਗੀ ਦੇ ਪੁੱਤਰ ਮਾਲਵਿੰਦਰ ਸਿੰਘ ਜੱਗੀ, ਸਾਬਕਾ ਸਕੱਤਰ, ਪੰਜਾਬ ਸਰਕਾਰ ਤੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਭੂਮਿਕਾ ਅਹਿਮ ਰਹੀ ਜਿਨ੍ਹਾਂ ਦੇ ਸਾਂਝੇ ਉੱਦਮ ਨੇ ਇਸ ਕਾਰਜ ਨੂੰ ਅਮਲ ਵਿਚ ਲਿਆਂਦਾ ਗਿਆ ਹੈ। ਗੌਰਤਲਬ ਹੈ ਕਿ ਡਾ. ਰਤਨ ਸਿੰਘ ਜੱਗੀ ਨੇ ਮੁੱਢਲੀ ਨੌਕਰੀ ਭਾਸ਼ਾ ਵਿਭਾਗ ਪੰਜਾਬ ਤੋਂ ਹੀ ਸ਼ੁਰੂ ਕੀਤੀ ਸੀ ਤੇ ਹਰ ਸਾਹਿਤਕ ਮੰਚ @ਤੇ ਇਸ ਗੱਲ ਦੀ ਖੁਸ਼ੀ ਜ਼ਾਹਰ ਕਰਦੇ ਸਨ। ਇਸ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਡਾਇਰੈਕਟਰ ਭਾਸ਼ਾਵਾਂ ਸ. ਜਸਵੰਤ ਸਿੰਘ ਜ਼ਫ਼ਰ ਨੇ ਸਵਾਗਤੀ ਭਾਸ਼ਣ ਦੌਰਾਨ ਕਿਹਾ ਕਿ ਸ. ਰਤਨ ਸਿੰਘ ਜੱਗੀ ਪੰਜਾਬੀ ਦੇ ਅਸਲੀ ਸਪੂਤ ਹਨ ਜਿਨ੍ਹਾਂ ਨੇ ਪੰਜਾਬੀ ਦੇ ਡੂੰਘੇ ਗਿਆਨ ਨੂੰ ਖੋਲ੍ਹਕੇ ਦੇਖਣ ਤੇ ਉਸ ਨੂੰ ਵਿਖਾਉਣ ਦੀ ਵੱਡੀ ਭੂਮਿਕਾ ਨਿਭਾਈ ਹੈ। ਉਹਨਾਂ ਕਿਹਾ ਕਿ ਡਾ. ਜੱਗੀ ਕੇਵਲ ਚਿੰਤਕ ਤੇ ਵਿਦਵਾਨ ਹੀ ਨਹੀਂ ਸਨ ਸਗੋਂ ਉਹ ਪੰਜਾਬੀ ਸਦਭਾਵਨਾ ਦੇ ਵੀ ਪ੍ਰਤੀਕ ਸਨ। ਉਹਨਾਂ ਦੇ ਚਲੇ ਜਾਣ ਤੋਂ ਬਾਅਦ ਉਹਨਾਂ ਦੇ ਕੀਤੇ ਕਾਰਜ ਦੀ ਭੂਮਿਕਾ ਹੋਰ ਵੀ ਵੱਧ ਗਈ ਹੈ। ਭਾਸ਼ਾ ਵਿਭਾਗ ਵਿੱਚ ਉਹਨਾਂ ਦੇ ਨਾਂ ਦਾ ਕੋਨਾ ਬਣਨਾ ਸਭ ਲਈ ਮਾਣ ਤੇ ਖੁਸ਼ੀ ਦੀ ਗੱਲ ਹੈ। ਇਸ ਮੌਕੇ ਉੱਘੇ ਚਿੰਤਕ ਸ. ਅਮਰਜੀਤ ਗਰੇਵਾਲ ਨੇ ਕਿਹਾ ਕਿ ਡਾ. ਰਤਨ ਸਿੰਘ ਜੱਗੀ ਨੇ ਪੰਜਾਬੀ ਭਾਸ਼ਾ, ਸੱਭਿਆਚਾਰ, ਚਿੰਤਨ ਦਾ ਢਾਂਚਾ ਖੜ੍ਹਾ ਕੀਤਾ ਹੈ ਤੇ ਉਨ੍ਹਾਂ ਦੇ ਸਪੁੱਤਰ ਇਸ ਨੂੰ ਸਾਂਭਣ ਦਾ ਕਾਰਜ ਕਰ ਰਹੇ ਹਨ। ਜਦੋਂ ਪੰਜਾਬੀਆਂ ਵਿੱਚੋਂ ਲਾਇਬ੍ਰੇਰੀ ਦੀ ਰੁਚੀ ਘੱਟ ਰਹੀ ਹੈ ਉਸ ਵੇਲੇ ਅਜਿਹੀਆਂ ਕਾਰਵਾਈਆਂ ਸ਼ੁਭ ਹਨ ਤੇ ਇਹ ਮੌਕੇ ਸਿਰ ਕੀਤੀ ਸਰਗਰਮੀ ਹੈ। ਸ. ਹਰਪ੍ਰੀਤ ਸਿੰਘ ਦਰਦੀ ਨੇ ਕਿਹਾ ਕਿ ਡਾ. ਜੱਗੀ ਨੇ ਆਉਣ ਵਾਲੀਆਂ ਪੀੜ੍ਹੀਆਂ ਲਈ ਖ਼ਜ਼ਾਨਾ ਤਿਆਰ ਕੀਤਾ ਹੈ ਤੇ ਅਗਲੀਆਂ ਪੀੜ੍ਹੀਆਂ ਇਸ ਖ਼ਜ਼ਾਨੇ ਤੋਂ ਲਾਭ ਲੈਂਦੀਆਂ ਰਹਿਣਗੀਆਂ। ਉਨ੍ਹਾਂ ਸ. ਮਾਲਵਿੰਦਰ ਸਿੰਘ ਜੱਗੀ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਹ ਸੱਚੇ ਸਪੁੱਤਰ ਵਾਲੇ ਕਾਰਜ ਕਰ ਰਹੇ ਹਨ।

ਇਸ ਮੌਕੇ ਪੰਜਾਬੀ ਰੰਗਮੰਚ ਦੀ ਪ੍ਰਸਿੱਧ ਹਸਤੀ ਸ੍ਰੀ ਪ੍ਰਾਣ ਸਭਰਵਾਲ ਨੇ ਡਾ. ਜੱਗੀ ਬਾਰੇ ਆਪਣੀਆਂ ਯਾਦਾਂ ਸਾਂਝੀਆਂ ਕੀਤੀਆਂ ਤੇ ਕਿਹਾ ਕਿ ਇਸ ਪਰਿਵਾਰ ਵੱਲੋਂ ਭਾਸ਼ਾ ਵਿਭਾਗ ਨਾਲ ਰਲ ਕੇ ਕੀਤੇ ਕੰਮ ਦੀ ਭਰਪੂਰ ਪ੍ਰਸ਼ੰਸਾ ਹੋਣੀ ਚਾਹੀਦੀ ਹੈ।

# ਡਾ. ਨਿਰਮਲ ਨੈਯਰ ਭਾਜਪਾ ਪੰਜਾਬ ਦੀ ਸੂਬਾ ਕਾਰਜਕਾਰਨੀ ਦੇ ਮੈਂਬਰ ਨਿਯੁਕਤ

ਲੁਧਿਆਣਾ, 21 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-



ਭਾਰਤੀ ਜਨਤਾ ਪਾਰਟੀ ਲੁਧਿਆਣਾ ਦੇ ਸਾਬਕਾ ਉਪ ਪ੍ਰਧਾਨ ਡਾ. ਨਿਰਮਲ ਨੈਯਰ ਨੂੰ ਭਾਜਪਾ ਪੰਜਾਬ ਦੀ ਸੂਬਾ ਕਾਰਜਕਾਰਨੀ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੀ ਨਿਯੁਕਤੀ ਨਾਲ ਲੁਧਿਆਣਾ ਦੇ ਭਾਜਪਾ ਵਰਕਰਾਂ ਵਿੱਚ ਖੁਸ਼ੀ ਦਾ ਮਾਹੌਲ ਹੈ।

ਇਸ ਮੌਕੇ ਡਾ. ਨਿਰਮਲ ਨੈਯਰ ਨੇ ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਵੀਨ, ਸੂਬਾ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਅਤੇ ਸੂਬਾ ਜਨਰਲ ਸਕੱਤਰ ਰਜਨੀਸ਼ ਧੀਮਾਨ ਦਾ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਪਾਰਟੀ ਲੀਡਰਸ਼ਿਪ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਨਿਸ਼ਠਾ ਅਤੇ ਸਮਰਪਣ ਨਾਲ ਨਿਭਾਉਣਗੇ। ਉਨ੍ਹਾਂ ਦਾ ਮੁੱਖ ਉਦੇਸ਼ ਪਾਰਟੀ ਸੰਗਠਨ ਨੂੰ ਹੋਰ ਮਜ਼ਬੂਤ ਕਰਨਾ ਅਤੇ ਭਾਜਪਾ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣਾ ਹੋਵੇਗਾ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਪਾਰਟੀ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਲਗਾਤਾਰ ਯਤਨਸ਼ੀਲ ਰਹਿਣਗੇ।

# ਇੰਗਲੈਂਡ ਵਿੱਚ ਇਲਾਜ ਲਈ ਲੰਬੀ ਉਡੀਕ ਤੋਂ ਬਾਅਦ ਮਰੀਜ਼ ਨੇ ਲੁਧਿਆਣਾ ਵਿੱਚ ਕਰਵਾਇਆ ਦੋਵੇਂ ਗੋਡਿਆਂ ਦਾ ਰੋਬੋਟਿਕ ਰਿਪਲੇਸਮੈਂਟ

ਲੁਧਿਆਣਾ, 21 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-



ਇੰਗਲੈਂਡ ਵਿੱਚ ਗੋਡਿਆਂ ਦੇ ਇਲਾਜ ਲਈ ਲੰਬੀ ਉਡੀਕ ਦੇ ਚੱਲਦਿਆਂ ਇੱਕ ਮਰੀਜ਼ ਨੇ ਭਾਰਤ ਆ ਕੇ ਲੁਧਿਆਣਾ ਸਥਿਤ ਮੈਸ਼-ਪ੍ਰੋਲਾਈਫ ਮਲਟੀਸਪੈਸ਼ਲਿਟੀ ਹਸਪਤਾਲ, ਪਿੰਡ ਗਿੱਲ, ਮਲੇਰਕੋਟਲਾ ਰੋਡ ਵਿਖੇ ਆਧੁਨਿਕ ਰੋਬੋਟਿਕ ਤਕਨੀਕ ਦੀ ਮਦਦ ਨਾਲ ਦੋਵੇਂ ਗੋਡਿਆਂ ਦਾ ਰਿਪਲੇਸਮੈਂਟ ਕਰਵਾਇਆ। ਇਹ ਇਲਾਜ ਹਸਪਤਾਲ ਦੇ ਹੱਡੀਆਂ ਅਤੇ ਜੋੜਾਂ ਦੇ ਮਾਹਿਰ ਡਾ. ਮਨੀਸ਼ ਗੋਇਲ ਦੀ ਦੇਖ-ਰੇਖ ਹੇਠ ਕੀਤਾ ਗਿਆ।

ਪ੍ਰਾਪਤ ਜਾਣਕਾਰੀ ਅਨੁਸਾਰ, ਮਰੀਜ਼ ਨੂੰ ਇੰਗਲੈਂਡ ਵਿੱਚ ਗੋਡਿਆਂ ਦੇ ਇਲਾਜ ਲਈ ਲੰਬਾ ਸਮਾਂ ਉਡੀਕ ਕਰਨੀ ਪੈ ਰਹੀ ਸੀ। ਇਸ ਤੋਂ ਬਾਅਦ ਉਸ ਨੇ ਭਾਰਤ ਵਿੱਚ ਇਲਾਜ ਕਰਵਾਉਣ ਦਾ ਫੈਸਲਾ ਕੀਤਾ ਅਤੇ ਮੈਸ਼-ਪ੍ਰੋਲਾਈਫ ਮਲਟੀਸਪੈਸ਼ਲਿਟੀ ਹਸਪਤਾਲ ਨਾਲ ਸੰਪਰਕ ਕੀਤਾ। ਹਸਪਤਾਲ ਵਿੱਚ ਮਰੀਜ਼ ਦੀ ਡਾਕਟਰੀ ਜਾਂਚ ਅਤੇ ਸਿਹਤ ਸਥਿਤੀ ਦਾ ਮੁਲਾਂਕਣ ਕਰਨ ਤੋਂ ਬਾਅਦ ਡਾਕਟਰਾਂ ਦੀ ਸਲਾਹ ਅਨੁਸਾਰ ਦੋਵੇਂ ਗੋਡਿਆਂ ਦਾ ਰਿਪਲੇਸਮੈਂਟ ਕੀਤਾ ਗਿਆ।

ਡਾ. ਮਨੀਸ਼ ਗੋਇਲ ਨੇ ਦੱਸਿਆ ਕਿ ਗੋਡਿਆਂ ਵਿੱਚ ਲਗਾਤਾਰ ਦਰਦ, ਜੋੜਾਂ ਦੀ ਘਸਾਈ ਅਤੇ ਤੁਰਨ-ਫਿਰਨ ਵਿੱਚ ਮੁਸ਼ਕਲ ਕਾਰਨ ਵਿਅਕਤੀ ਦੀ ਰੋਜ਼ਾਨਾ ਜ਼ਿੰਦਗੀ ਪ੍ਰਭਾਵਿਤ ਹੋ ਸਕਦੀ ਹੈ। ਅਜਿਹੇ ਮਾਮਲਿਆਂ ਵਿੱਚ ਮਰੀਜ਼ ਦੀ ਸਿਹਤ ਸਥਿਤੀ, ਐਕਸ-ਰੇ ਅਤੇ ਹੋਰ ਜ਼ਰੂਰੀ ਜਾਂਚਾਂ ਦੇ ਆਧਾਰ 'ਤੇ ਇਲਾਜ ਦੀ ਯੋਜਨਾ ਤਿਆਰ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਰੋਬੋਟਿਕ ਤਕਨੀਕ ਸਰਜਰੀ ਦੀ ਯੋਜਨਾਬੰਦੀ ਕਰਨ ਅਤੇ ਨਕਲੀ ਜੋੜ ਨੂੰ ਸਹੀ ਸਥਿਤੀ ਵਿੱਚ ਲਗਾਉਣ ਲਈ ਸਰਜਨ ਦੀ ਮਦਦ ਕਰਦੀ ਹੈ। ਹਾਲਾਂਕਿ, ਸਰਜਰੀ ਦੇ ਨਤੀਜੇ ਮਰੀਜ਼ ਦੀ ਵਿਅਕਤੀਗਤ ਸਿਹਤ ਸਥਿਤੀ ਅਤੇ ਹੋਰ ਡਾਕਟਰੀ ਹਾਲਾਤਾਂ 'ਤੇ ਨਿਰਭਰ ਕਰਦੇ ਹਨ।

ਡਾ. ਗੋਇਲ ਨੇ ਕਿਹਾ ਕਿ ਗੋਡਿਆਂ ਦੇ ਰਿਪਲੇਸਮੈਂਟ ਤੋਂ ਬਾਅਦ ਫਿਜ਼ੀਓਥੈਰੇਪੀ, ਨਿਯਮਤ ਕਸਰਤ, ਡਾਕਟਰ ਦੀਆਂ ਹਦਾਇਤਾਂ ਦੀ ਪਾਲਣਾ ਅਤੇ ਸਮੇਂ-ਸਮੇਂ 'ਤੇ ਜਾਂਚ ਕਰਵਾਉਣਾ ਬਹੁਤ ਮਹੱਤਵਪੂਰਨ ਹੈ। ਉਚਿਤ ਦੇਖਭਾਲ ਅਤੇ ਮੁੜ-ਵਸੇਬੇ ਦੀ ਪ੍ਰਕਿਰਿਆ ਮਰੀਜ਼ ਨੂੰ ਸਿਹਤਯਾਬ ਹੋਣ ਵਿੱਚ ਮਦਦ ਕਰਦੀ ਹੈ।

ਮੈਸ਼-ਪ੍ਰੋਲਾਈਫ ਮਲਟੀਸਪੈਸ਼ਲਿਟੀ ਹਸਪਤਾਲ ਵਿੱਚ ਹੱਡੀਆਂ ਦੇ ਰੋਗਾਂ, ਜੋੜਾਂ ਦੇ ਰਿਪਲੇਸਮੈਂਟ ਸਮੇਤ ਵੱਖ-ਵੱਖ ਵਿਸ਼ੇਸ਼ ਮੈਡੀਕਲ ਸੇਵਾਵਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ। ਹਸਪਤਾਲ ਦਾ ਉਦੇਸ਼ ਆਧੁਨਿਕ ਮੈਡੀਕਲ ਤਕਨੀਕ, ਮਾਹਿਰ ਡਾਕਟਰਾਂ ਦੀ ਦੇਖ-ਰੇਖ ਅਤੇ ਢੁੱਕਵੀਆਂ ਇਲਾਜ ਸਹੂਲਤਾਂ ਰਾਹੀਂ ਮਰੀਜ਼ਾਂ ਨੂੰ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਹੈ।

# ਪਰਾਲੀ ਨਾ ਸਾੜਣ ਸਬੰਧੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਲਚਕਾਣੀ ਵਿਖੇ ਕਰਵਾਈਆਂ ਵੱਖ-ਵੱਖ ਪ੍ਰਤੀਯੋਗਤਾਵਾਂ: ਮੁੱਖ ਖੇਤੀਬਾੜੀ ਅਫਸਰ

ਪਟਿਆਲਾ, 21 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-



ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪਟਿਆਲਾ ਅਤੇ ਸਰਕਾਰੀ ਸੀਨੀਅਰ ਸੈਕੰਡਰ ਸਮਾਰਟ ਸਕੂਲ, ਲਚਕਾਣੀ ਵੱਲੋਂ ਸਾਂਝੇ ਤੌਰ ਤੇ ਪਰਾਲੀ ਨੂੰ ਨਾ ਸਾੜਨ ਸਬੰਧੀ ਨੁਕੜ ਨਾਟਕ, ਪੋਸਟਰ, ਭਾਸ਼ਣ ਅਤੇ ਸਲੋਗਨ ਪ੍ਰਤੀਯੋਗਤਾਵਾਂ ਦਾ ਆਯੋਜਨ ਕੀਤਾ ਗਿਆ। ਮੁੱਖ ਖੇਤੀਬਾੜੀ ਅਫਸਰ, ਪਟਿਆਲਾ ਡਾ. ਦਾਰਾ ਸਿੰਘ, ਬਲਾਕ ਖੇਤੀਬਾੜੀ ਅਫਸਰ ਡਾ. ਗੁਰਮੀਤ ਸਿੰਘ ਅਤੇ ਸਕੂਲ ਦੇ ਪ੍ਰਿੰਸੀਪਲ ਸ. ਰੰਧਾਵਾ ਸਿੰਘ ਦੀ ਯੋਗ ਅਗਵਾਈ ਹੇਠ ਸਿੱਖਿਆ ਅਤੇ ਖੇਤੀਬਾੜੀ ਵਿਭਾਗ ਦੇ ਸਟਾਫ ਦੇ ਯਤਨਾਂ ਸਦਕਾ ਸਕੂਲ ਦੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਇਹਨਾਂ ਮੁਕਾਬਲਿਆਂ ਨੇ ਭਾਗ ਲਿਆ। ਪਿੰਡ ਲਚਕਾਣੀ ਦੇ ਸਰਪੰਚ ਸ. ਪ੍ਰਿਤਪਾਲ ਸਿੰਘ ਖਰੌੜ ਅਤੇ ਚੇਅਰਮੈਨ ਸਕੂਲ ਮੈਨੇਜਮੈਂਟ ਕਮੇਟੀ ਸ. ਨਿਰਮਲ ਸਿੰਘ ਵੱਲੋਂ ਵਿਸ਼ੇਸ਼ ਤੌਰ ਤੇ ਸਕੂਲ ਵਿਦਿਆਰਥੀਆਂ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਇਹਨਾਂ ਪ੍ਰਤੀਯੋਗਤਾਵਾਂ ਦੀ ਤਿਆਰੀ ਅਮਨਦੀਪ ਕੌਰ, ਸੀਮਾ ਰਾਣੀ, ਡਿੰਪਲ ਬਾਲਾ, ਅੰਨੂ ਬਾਲਾ, ਕੁਲਦੀਪ ਕੌਰ, ਜ਼ਸਵੀਰ ਕੌਰ, ਰਾਜਵਿੰਦਰ ਕੌਰ, ਕਮਲਪ੍ਰੀਤ ਕੌਰ, ਗਗਨਦੀਪ ਸਿੰਘ, ਰਾਕੇਸ਼ ਕੁਮਾਰ, ਮੀਤਇੰਦਰ ਕੌਰ, ਸੁਖਦੀਪ ਕੌਰ ਅਤੇ ਸੁਸ਼ਮਾ ਮੈਡਮ ਨੇ ਕਰਵਾਈ। ਭਾਸ਼ਣ ਮੁਕਾਬਲਿਆਂ ਵਿਚ ਪਹਿਲੇ ਸਥਾਨ ਤੇ ਸਿਮਰਨਜੀਤ ਕੌਰ, ਦੂਜੇ ਸਥਾਨ ਸਹਿਜਾਦ ਅਤੇ ਤੀਜੇ ਸਥਾਨ ਤੇ ਰਾਜੀਨਾ ਰਹੇ ਜਿਹਨਾਂ ਨੇ ਪਰਾਲੀ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਨੁਕਸਾਨਾਂ ਸਬੰਧੀ ਆਪਣੇ ਭਾਸ਼ਣਾਂ ਵਿਚ ਅਪੀਲ ਕੀਤੀ ਕਿ ਕਿਸਾਨ ਪਰਾਲੀ ਨੂੰ ਆਪਣੇ ਖੇਤਾਂ ਵਿਚ ਮਿਲਾਕੇ ਉਪਜਾਊ ਸ਼ਕਤੀ ਵਿਚ ਵਾਧਾ ਕਰਨ। ਪੈਂਟਿੰਗ ਮੁਕਾਬਲਿਆਂ ਵਿਚ ਪਹਿਲੇ ਸਥਾਨ ਤੇ ਜੈਸਮੀਨ ਕੌਰ, ਹੀਨਾ, ਦੂਜੇ ਸਥਾਨ ਤੇ ਰਹਿਮਾਨ ਖਾਨ, ਮੁਸਕਾਨ ਅਤੇ ਤੀਜੇ ਸਥਾਨ ਤੇ ਹਰਸ਼ਪ੍ਰੀਤ ਕੌਰ, ਜਸ਼ਨਦੀਪ ਕੌਰ ਰਹੇ। ਖੇਤੀਬਾੜੀ ਵਿਭਾਗ ਵੱਲੋਂ ਇਸ ਪ੍ਰੋਗਰਾਮ ਨੂੰ ਵਧੀਆ ਤਰੀਕੇ ਨਾਲ ਨੇਪਰੇ ਚਾੜ੍ਹਣ ਲਈ ਖੇਤੀਬਾੜੀ ਵਿਕਾਸ ਅਫਸਰ ਜਸ਼ਨਦੀਪ ਕੌਰ ਨੇ ਵਿਸ਼ੇਸ਼ ਉਪਰਾਲੇ ਕੀਤੇ ਅਤੇ ਉਹਨਾਂ ਦੀ ਟੀਮ ਦੇ ਮੈਂਬਰ ਸ. ਹਰਪਾਲ ਸਿੰਘ, ਸ. ਭੁਪਿੰਦਰ ਸਿੰਘ ਅਤੇ ਕੁਲਦੀਪ ਸਿੰਘ ਨੇ ਸਕੂਲ ਦੇ ਵਿਦਿਆਰਥੀਆਂ ਲਈ ਸਟੇਸ਼ਨਰੀ, ਟਰਾਫੀਆਂ ਅਤੇ ਖਾਣ-ਪੀਣ ਦੇ ਸਾਮਾਨ ਦਾ ਇੰਤਜਾਮ ਬਹੁਤ ਵਧੀਆਂ ਤਰੀਕੇ ਨਾਲ ਕੀਤਾ। ਇਸ ਮੌਕੇ ਖੇਤੀਬਾੜੀ ਵਿਸਥਾਰ ਅਫਸਰ ਡਾ. ਰਵਿੰਦਰਪਾਲ ਸਿੰਘ ਚੱਠਾ ਵੱਲੋਂ ਵਿਦਿਆਰਥੀਆਂ ਨੂੰ ਸੰਭੋਧਨ ਕਰਦਿਆਂ ਦਸਿਆ ਕਿ ਬੱਚੇ ਆਪਣੇ ਘਰ ਜਾ ਕੇ ਆਪਣੇ ਪਰਿਵਾਰ ਦੇ ਮੈਂਬਰਾਂ ਨੂੰ ਝੋਨੇ ਦੀ ਵਾਢੀ ਸੁਪਰ ਐਸ.ਐਮ.ਐਸ. ਲਗੀ ਕੰਬਾਇਨ ਨਾਲ ਕਰਾਉਣ ਲਈ ਕਹਿਣ ਤਾਂ ਜ਼ੋ ਪਰਾਲੀ ਨੂੰ ਕੁਤਰਾ ਕਰ ਖੇਤ ਵਿਚ ਹੀ ਮਿਲਾਇਆ ਜਾ ਸਕੇ।

# ਜੋੜੀਆਂ ਭੱਠੀਆਂ ਚੌਂਕ ਦੀ ਸ਼੍ਰੀ ਰਾਮਲੀਲਾ ਵਿੱਚ ਸ਼੍ਰੀ ਰਾਮ ਅਤੇ ਭਰਤ ਮਿਲਾਪ ਦੇ ਦ੍ਰਿਸ਼ ਨੇ ਸਭ ਦੀਆਂ ਅੱਖਾਂ ਕੀਤੀਆਂ ਨਮ

ਪਟਿਆਲਾ, 21 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-



ਸ਼੍ਰੀ ਰਾਮਲੀਲਾ ਪ੍ਰਬੰਧਕ ਕਮੇਟੀ ਅਤੇ ਜੋੜੀਆਂ ਭੱਠੀਆਂ ਰਾਇਲ ਯੂਥ ਕਲੱਬ ਵੱਲੋਂ ਪ੍ਰਧਾਨ ਵਰੁਣ ਜਿੰਦਲ ਦੀ ਦੇਖ-ਰੇਖ ਹੇਠ ਜੋੜੀਆਂ ਭੱਠੀਆਂ ਚੌਂਕ ਵਿੱਚ ਆਯੋਜਿਤ ਸ਼੍ਰੀ ਰਾਮਲੀਲਾ ਦੇ ਪੰਜਵੇਂ ਦਿਨ ਸ਼੍ਰੀ ਰਾਮ, ਮਾਤਾ ਸੀਤਾ ਅਤੇ ਲਕਸ਼ਮਣ ਦੇ ਬਨਵਾਸ ਅਤੇ ਸ਼੍ਰੀ ਰਾਮ-ਭਰਤ ਮਿਲਾਪ ਦੇ ਦ੍ਰਿਸ਼ ਨੇ ਪੰਡਾਲ ਵਿੱਚ ਬੈਠੇ ਸਾਰੇ ਲੋਕਾਂ ਦੀਆਂ ਅੱਖਾਂ ਨਮ ਕਰ ਦਿੱਤੀਆਂ ਅਤੇ ਪੂਰਾ ਪੰਡਾਲ ਰਾਮ ਨਾਮ ਦੇ ਜੈਕਾਰਿਆਂ ਨਾਲ ਗੂੰਜ ਉੱਠਿਆ। ਇਸ ਮੌਕੇ ਸ਼ਿਆਮਵੀਰ ਜੀ ਵਿਭਾਗ ਪ੍ਰਚਾਰਕ ਆਰ.ਐਸ.ਐਸ., ਸਤੀਸ਼ ਜੀ ਨਗਰ ਕਾਰਜਵਾਹਕ, ਗੁਰਵਿੰਦਰ ਕਾਂਸਲ, ਮੁਨੀਸ਼ ਗੋਇਲ, ਸੰਦੀਪ ਬਾਂਸਲ, ਵਿਕਾਸ ਸਿੰਗਲਾ, ਜਿੰਮੀ ਸਿੰਗਲਾ, ਡਾ. ਪ੍ਰਦੀਪ ਧੀਰ ਬਤੌਰ ਮੁੱਖ ਮਹਿਮਾਨ ਪਹੁੰਚੇ।

ਪ੍ਰਧਾਨ ਵਰੁਣ ਜਿੰਦਲ ਨੇ ਦੱਸਿਆ ਕਿ ਪ੍ਰਸਿੱਧ ਨਿਰਦੇਸ਼ਕ ਮੋਹਨ ਕੰਬੋਜ ਅਤੇ ਉਨ੍ਹਾਂ ਦੇ ਸੁਪੁੱਤਰ ਐਸ. ਕੁੰਤਲ ਕੰਬੋਜ ਦੇ ਨਿਰਦੇਸ਼ਨ ਹੇਠ ਸ਼੍ਰੀ ਰਾਮਲੀਲਾ ਵਿੱਚ ਭਰਤ ਮਿਲਾਪ ਦੇ ਦ੍ਰਿਸ਼ ਰਾਹੀਂ ਦਿਖਾਇਆ ਗਿਆ ਕਿ ਭਰਾ ਦਾ ਭਰਾ ਪ੍ਰਤੀ ਪ੍ਰੇਮ, ਸਮਰਪਣ ਅਤੇ ਤਿਆਗ ਸਾਰਿਆਂ ਲਈ ਪ੍ਰੇਰਨਾ ਸਰੋਤ ਹੈ। ਇੱਕ ਪਾਸੇ ਜਿੱਥੇ ਭਰਤ ਸ਼੍ਰੀ ਰਾਮ ਨੂੰ ਅਯੋਧਿਆ ਵਾਪਸ ਚਲਣ ਦੀ ਪ੍ਰਾਰਥਨਾ ਕਰਦੇ ਹਨ, ਉੱਥੇ ਹੀ ਸ਼੍ਰੀ ਰਾਮ ਪਿਤਾ ਦੇ ਵਚਨ ਲਈ 14 ਸਾਲਾਂ ਤੱਕ ਵਨ ਵਿੱਚ ਰਹਿਣ 'ਤੇ ਅਡਿੱਗ ਰਹਿੰਦੇ ਹਨ। ਇਸ 'ਤੇ ਭਰਤ ਸ਼੍ਰੀ ਰਾਮ ਦੀ ਖੜਾਊ ਲੈ ਕੇ ਅਯੋਧਿਆ ਵਾਪਸ ਲੌਟ ਜਾਂਦੇ ਹਨ। ਰਾਮ ਭਗਤ ਲੈ ਚਲਾ ਰੇ ਰਾਮ ਦੀ ਨਿਸ਼ਾਨੀ... ਭਜਨ ਨੇ ਤਾਂ ਸਭ ਨੂੰ ਭਾਵੁਕ ਕਰ ਦਿੱਤਾ। ਇਸ ਦ੍ਰਿਸ਼ ਵਿੱਚ ਸ਼੍ਰੀ ਰਾਮ ਦੀ ਭੂਮਿਕਾ ਗੌਰਵ ਗੋਇਲ, ਲਕਸ਼ਮਣ ਦੀ ਭੂਮਿਕਾ ਨੀਰਜ ਸ਼ਰਮਾ, ਸੀਤਾ ਮਾਤਾ ਦੀ ਭੂਮਿਕਾ ਮੋਕਸ਼ਾ, ਰਾਣੀ ਕੈਕੇਈ ਦੀ ਭੂਮਿਕਾ ਭਾਵਨਾ, ਗੁਰੂ ਵਸ਼ਿਸ਼ਠ ਦੀ ਭੂਮਿਕਾ ਦਿਵਾਂਸ਼ ਗਰਗ, ਭਰਤ ਦੀ ਭੂਮਿਕਾ ਕਨਵ, ਸ਼ਤਰੂਘਨ ਦੀ ਭੂਮਿਕਾ ਦਿਵਯਮ ਮਿੱਤਲ ਨੇ ਨਿਭਾਈ। ਨਾਲ ਹੀ ਮਾਧਵ, ਮੀਤ, ਤਨੀਸ਼ ਅਤੇ ਗੋਰਿਸ਼ ਨੇ ਅਯੋਧਿਆ ਵਾਸੀਆਂ ਦਾ ਰੋਲ ਨਿਭਾਇਆ।

ਅਗਲੇ ਦ੍ਰਿਸ਼ ਵਿੱਚ ਸ਼੍ਰੀ ਰਾਮ, ਮਾਤਾ ਸੀਤਾ ਅਤੇ ਲਕਸ਼ਮਣ ਨੂੰ ਪੰਚਵਟੀ ਵੱਲ ਜਾਂਦੇ ਹੋਏ ਦਿਖਾਇਆ ਜਾਂਦਾ ਹੈ, ਜਿੱਥੇ ਉਹਨਾਂ ਦੀ ਭੇਟ ਰਿਸ਼ੀ ਅਤਰੀ ਅਤੇ ਮਾਤਾ ਅਨਸੂਆ ਨਾਲ ਹੁੰਦੀ ਹੈ। ਇਸ ਤੋਂ ਬਾਅਦ ਸ਼ੂਰਪਣਖਾ ਪੰਚਵਟੀ ਪਹੁੰਚਦੀ ਹੈ, ਜਿੱਥੇ ਉਹ ਮਾਤਾ ਸੀਤਾ ਨੂੰ ਮਾਰਨ ਦੀ ਕੋਸ਼ਿਸ਼ ਕਰਦੀ ਹੈ, ਪਰ ਲਕਸ਼ਮਣ ਉਸ ਦੀ ਨੱਕ ਕੱਟ ਦਿੰਦੇ ਹਨ। ਇਸ ਬਾਰੇ ਸ਼ੂਰਪਣਖਾ ਖਰ-ਦੂਸ਼ਣ ਨੂੰ ਦੱਸਦੀ ਹੈ, ਜਿਸ ਤੋਂ ਬਾਅਦ ਸ਼੍ਰੀ ਰਾਮ ਅਤੇ ਖਰ-ਦੂਸ਼ਣ ਵਿਚਕਾਰ ਯੁੱਧ ਹੁੰਦਾ ਹੈ, ਜਿਸ ਵਿੱਚ ਖਰ-ਦੂਸ਼ਣ ਸਮੇਤ ਸਾਰੇ ਰਾਖਸ਼ ਮਾਰੇ ਜਾਂਦੇ ਹਨ। ਇਨ੍ਹਾਂ ਵਿੱਚ ਰਿਸ਼ੀ ਅਤਰੀ ਦਾ ਰੋਲ ਆਦਿਤਿਆ ਸ਼ਰਮਾ, ਮਾਤਾ ਅਨਸੂਆ ਦਾ ਰੋਲ ਕਨੂਪ੍ਰਿਆ, ਖਰ-ਦੂਸ਼ਣ ਦਾ ਪਾਤਰ ਮਯੰਕ ਤੇ ਦਿਵਯਮ, ਸ਼ੂਰਪਣਖਾ ਦਾ ਪਾਤਰ ਗੀਤੂ ਨੇ ਨਿਭਾਇਆ।

ਇਸ ਤੋਂ ਇਲਾਵਾ ਪ੍ਰਭ ਅਤੇ ਰੋਬਿਨ ਨੇ ਵੀ ਵੱਖ-ਵੱਖ ਪਾਤਰਾਂ ਦੀਆਂ ਭੂਮਿਕਾਵਾਂ ਨਿਭਾਈਆਂ। ਪ੍ਰਧਾਨ ਵਰੁਣ ਜਿੰਦਲ ਨੇ ਕਿਹਾ ਕਿ ਸ਼੍ਰੀ ਰਾਮ ਜੀ ਦਾ ਜੀਵਨ ਬਹੁਤ ਹੀ ਪ੍ਰੇਰਨਾਦਾਇਕ ਹੈ, ਜਿਸ ਤੋਂ ਮਾਤਾ-ਪਿਤਾ ਦੀ ਆਗਿਆ ਦਾ ਪਾਲਣ ਕਰਨਾ, ਭਰਾ-ਭਰਾ ਦਾ ਪਿਆਰ, ਵੱਡੇ ਭਰਾ ਲਈ ਤਿਆਗ, ਭਗਤੀ ਸਮੇਤ ਵੱਖ-ਵੱਖ ਸਿੱਖਿਆਵਾਂ ਮਿਲਦੀਆਂ ਹਨ। ਇਸ ਲਈ ਸਾਰੇ ਮਾਤਾ-ਪਿਤਾ ਆਪਣੇ ਬੱਚਿਆਂ ਨੂੰ ਸ਼੍ਰੀ ਰਾਮਲੀਲਾ ਜ਼ਰੂਰ ਦਿਖਾਉਣ, ਤਾਂ ਜੋ ਸਾਡੀ ਨਵੀਂ ਪੀੜ੍ਹੀ ਨੂੰ ਧਰਮ ਅਤੇ ਸੱਭਿਆਚਾਰ ਦਾ ਗਿਆਨ ਮਿਲ ਸਕੇ।

# ਪ੍ਰਿੰਸੀਪਲ ਹਰਜਿੰਦਰ ਸਿੰਘ ਨੇ ਪੀ.ਐੱਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮਲੇਰਕੋਟਲਾ (ਮੁੰਡੇ) ਵਿਖੇ ਅਹੁਦਾ ਸੰਭਾਲਿਆ



ਮਲੇਰਕੋਟਲਾ, 21 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੀ.ਐੱਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ,ਮਲੇਰਕੋਟਲਾ (ਮੁੰਡੇ) ਵਿਖੇ ਪ੍ਰਿੰਸੀਪਲ ਸ੍ਰੀ ਹਰਜਿੰਦਰ ਸਿੰਘ ਨੇ ਆਪਣਾ ਅਹੁਦਾ ਸੰਭਾਲ ਲਿਆ। ਇਸ ਤੋਂ ਪਹਿਲਾਂ ਉਹ ਪੀ.ਐੱਮ. ਸ਼੍ਰੀ ਮਾਸਟਰ ਕਰਤਾਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਭਵਾਨੀਗੜ੍ਹ ਲੜਕੇ ਵਿਖੇ ਆਪਣੀਆਂ ਸੇਵਾਵਾਂ ਨਿਭਾ ਰਹੇ ਸਨ।

ਉਨ੍ਹਾਂ ਦੇ ਕਾਰਜਕਾਲ ਦੌਰਾਨ ਭਵਾਨੀਗੜ੍ਹ ਸਕੂਲ ਵਿੱਚ ਵਿਦਿਅਕ ਮਿਆਰ ਨੂੰ ਉੱਚਾ ਚੁੱਕਣ ਲਈ ਵਿਸ਼ੇਸ਼ ਯਤਨ ਕੀਤੇ ਗਏ, ਜਿਸ ਨਾਲ ਸੰਸਥਾ ਦੀ ਵਿਦਿਅਕ ਕਾਰਗੁਜ਼ਾਰੀ ਨੂੰ ਹੋਰ ਬਿਹਤਰ ਬਣਾਉਣ ਵਿੱਚ ਮਦਦ ਮਿਲੀ।

ਅਹੁਦਾ ਸੰਭਾਲਣ ਮੌਕੇ ਆਪਣੇ ਵਿਚਾਰ ਸਾਂਝੇ ਕਰਦਿਆਂ ਪ੍ਰਿੰਸੀਪਲ ਹਰਜਿੰਦਰ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਮੁੱਖ ਤਰਜੀਹ ਸਕੂਲ ਵਿੱਚ ਵਿਦਿਆਰਥੀਆਂ ਦੇ ਵਿਦਿਅਕ ਮਿਆਰ ਨੂੰ ਉੱਚਾ ਚੁੱਕਣਾ, ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ ਕਰਨਾ ਅਤੇ ਵਿਦਿਆਰਥੀਆਂ ਵਿੱਚ ਅਨੁਸ਼ਾਸਨ ਦੀ ਭਾਵਨਾ ਪੈਦਾ ਕਰਨਾ ਹੋਵੇਗੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਅਧਿਆਪਕਾਂ, ਮਾਪਿਆਂ ਅਤੇ ਸਕੂਲ ਪ੍ਰਬੰਧਨ ਦੇ ਆਪਸੀ ਸਹਿਯੋਗ ਨਾਲ ਯਤਨ ਕੀਤੇ ਜਾਣਗੇ।

ਉਨ੍ਹਾਂ ਨੇ ਸਿੱਖਿਆ ਦੇ ਖੇਤਰ ਵਿੱਚ ਨਵੀਆਂ ਸੰਭਾਵਨਾਵਾਂ ਨੂੰ ਅਪਨਾਉਣ, ਵਿਦਿਆਰਥੀਆਂ ਨੂੰ ਪੜ੍ਹਾਈ ਪ੍ਰਤੀ ਉਤਸ਼ਾਹਿਤ ਕਰਨ ਅਤੇ ਸਕੂਲ ਵਿੱਚ ਸਿੱਖਿਆ ਲਈ ਸੁਖਾਵਾਂ ਤੇ ਅਨੁਸ਼ਾਸਿਤ ਮਾਹੌਲ ਸਿਰਜਣ ਦੀ ਵਚਨਬੱਧਤਾ ਪ੍ਰਗਟਾਈ।ਉਨ੍ਹਾਂ ਆਸ ਪ੍ਰਗਟਾਈ ਕਿ ਸਮੂਹ ਅਧਿਆਪਕਾਂ ਅਤੇ ਮਾਪਿਆਂ ਦੇ ਸਹਿਯੋਗ ਨਾਲ ਸਕੂਲ ਨੂੰ ਸਿੱਖਿਆ ਦੇ ਖੇਤਰ ਵਿੱਚ ਨਵੀਆਂ ਬੁਲੰਦੀਆਂ ਤੱਕ ਪਹੁੰਚਾਉਣ ਲਈ ਸਾਂਝੇ ਯਤਨ ਕੀਤੇ ਜਾਣਗੇ। ਇਸ ਮੌਕੇ ਤੇ ਪ੍ਰਿੰਸੀਪਲ ਦੀਪਕ ਕੁਮਾਰ, ਨਰੇਸ਼ ਕੁਮਾਰ ਡਿਪਟੀ ਡੀ ਈ ਓ (ਐਲੀਮੈਂਟਰੀ), ਕਮਲੇਸ਼ ਰਾਣੀ ਡਿਪਟੀ ਡੀ ਈ ਓ (ਸੈਕੰਡਰੀ), ਗੋਬਿੰਦ ਸਿੰਘ, ਪ੍ਰਿੰਸੀਪਲ ਜਸਪਾਲ ਸਿੰਘ, ਅਵਤਾਰ ਦਾਸ, ਦਲਜੀਤ ਸਿੰਘ, ਹਰਜਿੰਦਰ ਸਿੰਘ, ਰਜਿੰਦਰ ਸਿੰਘ, ਕੁਨਾਲ ਕਪੂਰ, ਅੰਮ੍ਰਿਤ ਪਾਲ ਸਿੰਘ, ਦੁਰਗੇਸ਼ ਸਪਰਾ, ਮੁਹੰਮਦ ਦਿਲਸ਼ਾਦ, ਸ੍ਰੀਮਤੀ ਆਸੂ ਅੱਗਰਵਾਲ ,ਸ੍ਰੀਮਤੀ ਪ੍ਰਵੀਨ ਅਤੇ ਰਘੂਨੰਦਨ ਵੀ ਹਾਜ਼ਰ ਸਨ।

ਕੌਮੀ ਪੱਤ੍ਰਿਕਾ

# ਝੋਟਾ ਕਤਲ ਕਾਂਡ ਦੀ ਹੋਵੇਗੀ ਸੀ ਬੀ ਆਈ ਜਾਂਚ; ਅਮਿਤ ਸ਼ਾਹ ਨੇ ਪਰਿਵਾਰ ਨੂੰ ਦਿੱਤਾ ਭਰੋਸਾ

## ਸੂਬਾ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਵੀ ਸ਼ਾਹ ਦੇ ਨਾਲ ਰਹੇ ਮੌਜੂਦ

**ਮਾਨਸਾ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਮੰਗਲਵਾਰ ਨੂੰ ਮਾਨਸਾ ਦੇ ਵਾਟਰਵਰਕਸ ਰੋਡ 'ਤੇ ਮਰਹੂਮ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ (42) ਦੇ ਘਰ ਪਹੁੰਚੇ। ਇਸ ਦੌਰਾਨ ਉਨ੍ਹਾਂ ਨੇ ਝੋਟਾ ਦੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕੀਤੀ। ਜਾਣਕਾਰੀ ਮੁਤਾਬਕ ਅਮਿਤ ਸ਼ਾਹ ਨੇ ਪਰਿਵਾਰ ਨੂੰ ਵਿਸ਼ਵਾਸ ਦਵਾਇਆ ਕਿ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਦੀ ਸੀ ਬੀ ਆਈ (329) ਜਾਂਚ ਕਰਵਾਈ ਜਾਵੇਗੀ।

ਝੋਟਾ ਦੇ ਪਰਿਵਾਰ ਨਾਲ ਮੁਲਾਕਾਤ ਦੌਰਾਨ ਇਨਸਾਫ਼ ਦਾ ਭਰੋਸਾ ਦਿੰਦਿਆਂ ਕੇਂਦਰੀ ਗ੍ਰਹਿ ਮੰਤਰੀ ਨੇ ਕਿਹਾ ਕਿ ਸੀ ਬੀ ਆਈ ਦੇ ਅਧਿਕਾਰੀ ਭਲਕੇ ਹੀ ਪਰਵਿੰਦਰ ਝੋਟਾ ਦੇ ਪਿਤਾ ਭੀਮ ਸਿੰਘ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੇ ਬਿਆਨ ਦਰਜ ਕਰਨ ਲਈ ਉਨ੍ਹਾਂ ਦੇ ਘਰ ਪਹੁੰਚ ਜਾਣਗੇ।



ਇਸ ਤੋਂ ਪਹਿਲਾਂ ਅਮਿਤ ਸ਼ਾਹ ਦਾ ਹੈਲੀਕਾਪਟਰ ਦੁਪਹਿਰ 3:15 ਵਜੇ ਨਵੀਂ ਅਨਾਜ ਮੰਡੀ ਵਿਖੇ ਉਤਰਿਆ, ਜਿਸ ਤੋਂ ਬਾਅਦ ਉਹ ਗੱਡੀਆਂ ਦੇ ਕਾਫ਼ਲੇ ਰਾਹੀਂ ਝੋਟਾ ਦੇ ਘਰ ਪਹੁੰਚੇ। ਉਹ ਦੁਪਹਿਰ 3:26 ਵਜੇ ਸੂਬਾ ਸਰਕਾਰ ਵੱਲੋਂ ਮੁਹੱਈਆ ਕਰਵਾਈ ਗਈ ਬੁਲੇਟਪਰੂਫ ਗੱਡੀ ਵਿੱਚ ਪਹੁੰਚੇ ਅਤੇ 3:46 ਵਜੇ ਉੱਥੋਂ ਰਵਾਨਾ ਹੋਏ।

ਝੋਟਾ ਦੇ ਘਰ ਦੌਰੇ ਦੌਰਾਨ ਸੂਬਾ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਵੀ ਸ਼ਾਹ ਦੇ ਨਾਲ ਮੌਜੂਦ ਸਨ। ਅਮਿਤ ਸ਼ਾਹ ਦੇ ਪਹੁੰਚਣ ਤੋਂ ਪਹਿਲਾਂ, ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਪਤਨੀ ਅਤੇ ਸਾਬਕਾ ਕੇਂਦਰੀ ਰਾਜ ਮੰਤਰੀ ਪਰਨੀਤ ਕੌਰ ਨੇ ਝੋਟਾ ਦੇ ਘਰ ਦਾ ਦੌਰਾ ਕੀਤਾ। ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ, ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ, ਭਾਜਪਾ ਦੇ ਕੌਮੀ ਮੀਤ ਪ੍ਰਧਾਨ ਮਨਪ੍ਰੀਤ ਸਿੰਘ ਬਾਦਲ ਅਤੇ ਭਾਜਪਾ ਦੇ ਸੂਬਾ ਜਨਰਲ ਸਕੱਤਰ ਪਰਮਿੰਦਰ ਸਿੰਘ ਬਰਾੜ ਵੀ ਝੋਟਾ ਦੇ ਘਰ ਹਾਜ਼ਰ ਸਨ।

ਸ਼ਾਹ ਦੇ ਦੌਰੇ ਦੇ ਮੱਦੇਨਜ਼ਰ ਮਾਨਸਾ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਭਾਰੀ ਗਿਣਤੀ ਵਿੱਚ ਸੁਰੱਖਿਆ ਮੁਲਾਜ਼ਮ ਤਾਇਨਾਤ ਕੀਤੇ ਗਏ ਸਨ। ਪਰਿਵਾਰ ਦੀ ਮੁੱਖ ਮੰਗ ਸੀ ਬੀ ਆਈ ਜਾਂਚ ਦੀ ਹੈ, ਜਿਸ ਬਾਰੇ ਮੁੱਖ ਮੰਤਰੀ ਭਗਵੰਤ ਮਾਨ ਨੇ ਸਵੇਰੇ ਦਾਅਵਾ ਕੀਤਾ ਸੀ ਕਿ ਸੂਬਾ ਸਰਕਾਰ ਵੱਲੋਂ ਇਹ ਜਾਂਚ ਕੇਂਦਰੀ ਏਜੰਸੀ ਨੂੰ ਸੌਂਪ ਦਿੱਤੀ ਗਈ ਹੈ। ਇਸ ਤੋਂ ਇਲਾਵਾ ਪਰਿਵਾਰ ਮੁੱਖ ਮੰਤਰੀ, ਡੀ ਜੀ ਪੀ ਅਤੇ ਕਈ ਹੋਰ ਅਧਿਕਾਰੀਆਂ ਦੇ ਅਸਤੀਫ਼ੇ ਦੀ ਮੰਗ ਕਰ ਰਿਹਾ ਹੈ।

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਵਿੱਚ ਨਸ਼ਿਆਂ ਦੇ ਮੁੱਦੇ 'ਤੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਸੂਬਾ ਸਰਕਾਰ ਨੂੰ ਨਸ਼ਿਆਂ ਨਾਲ ਜੁੜੇ ਬਾਕੀ ਦੋ ਮਾਮਲੇ ਵੀ ਕੇਂਦਰੀ ਜਾਂਚ ਬਿਊਰੋ (ਸੀਬੀਆਈ) ਦੇ ਹਵਾਲੇ ਕਰ ਦੇਣੇ ਚਾਹੀਦੇ ਹਨ। ਉਨ੍ਹਾਂ ਸਵਾਲ ਕੀਤਾ ਕਿ ਪੰਜਾਬ ਸਰਕਾਰ ਨੇ ਪੀ ਆਈ ਟੀ ਐੱਨ ਡੀ ਪੀ ਐੱਸ ਕਾਨੂੰਨ ਤਹਿਤ ਹੁਣ ਤੱਕ ਇੱਕ ਵੀ ਕੇਸ ਦਰਜ ਕਿਉਂ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਇਸ ਕਾਨੂੰਨ ਤਹਿਤ ਜ਼ਮਾਨਤ ਮਿਲਣੀ ਬੇਹੱਦ ਮੁਸ਼ਕਲ ਹੈ, ਇਸ ਲਈ ਸਰਕਾਰ ਨੂੰ ਇਸ ਦੀ ਵਰਤੋਂ ਕਰਨੀ ਚਾਹੀਦੀ ਹੈ।

ਲੁਧਿਆਣਾ ਵਿੱਚ ਪ੍ਰੈੱਸ ਕਾਨਫਰੰਸ ਦੌਰਾਨ ਅਮਿਤ ਸ਼ਾਹ ਨੇ ਦੋਸ਼ ਲਾਇਆ ਕਿ ਪੰਜਾਬ ਵਿੱਚ ਸਿਆਸੀ ਸਰਪ੍ਰਸਤੀ ਤੋਂ ਬਿਨਾਂ ਨਸ਼ਿਆਂ ਦਾ ਕਾਰੋਬਾਰ ਚੱਲਣਾ ਸੰਭਵ ਨਹੀਂ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਨਸ਼ਿਆਂ ਦਾ ਜਾਲ ਫੈਲਿਆ ਹੋਇਆ ਹੈ ਅਤੇ ਇਸ ਮਾਮਲੇ ਵਿੱਚ ਸਖ਼ਤ ਕਾਰਵਾਈ ਦੀ ਲੋੜ ਹੈ।

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਵਿੱਚ ਨਸ਼ਿਆਂ ਦੇ ਮੁੱਦੇ 'ਤੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਸੂਬਾ ਸਰਕਾਰ ਨੂੰ ਨਸ਼ਿਆਂ ਨਾਲ ਜੁੜੇ ਬਾਕੀ ਦੋ ਮਾਮਲੇ ਵੀ ਕੇਂਦਰੀ ਜਾਂਚ ਬਿਊਰੋ (ਸੀਬੀਆਈ) ਦੇ ਹਵਾਲੇ ਕਰ ਦੇਣੇ ਚਾਹੀਦੇ ਹਨ। ਉਨ੍ਹਾਂ ਸਵਾਲ ਕੀਤਾ ਕਿ ਪੰਜਾਬ ਸਰਕਾਰ ਨੇ ਪੀ ਆਈ ਟੀ ਐੱਨ ਡੀ ਪੀ ਐੱਸ ਕਾਨੂੰਨ ਤਹਿਤ ਹੁਣ ਤੱਕ ਇੱਕ ਵੀ ਕੇਸ ਦਰਜ ਕਿਉਂ ਨਹੀਂ ਕੀਤਾ।

# ਭਾਜਪਾ ਆਪਣੀ ਪੀੜ੍ਹੀ ਹੇਠ ਸੋਟਾ ਫੇਰੇ: ਅਮਿਤ ਸ਼ਾਹ ਦੀ ਪੰਜਾਬ ਫੇਰੀ 'ਤੇ ਬੋਲੇ ਭਗਵੰਤ ਮਾਨ

**ਚੰਡੀਗੜ੍ਹ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਮਾਨ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਪੰਜਾਬ ਫੇਰੀ 'ਤੇ ਸਵਾਲ ਚੁੱਕਦਿਆਂ ਭਾਜਪਾ ਨੂੰ ਆਪਣੀ ਪੀੜ੍ਹੀ ਹੇਠ ਸੋਟਾ ਫੇਰਨ ਦੀ ਸਲਾਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸ਼ਾਸਿਤ ਸੂਬਿਆਂ ਵਿੱਚ ਗੈਂਗਸਟਰ ਤੇ ਨਸ਼ਾ ਵਧ-ਫੁੱਲ ਰਿਹਾ ਹੈ ਅਤੇ ਹਰਿਆਣਾ ਗੈਂਗਸਟਰਾਂ ਦੀ ਨਰਸਰੀ ਬਣ ਗਿਆ ਹੈ।

ਉਨ੍ਹਾਂ ਅੱਜ ਵੀਡੀਓ ਸੁਨੇਹੇ ਵਿੱਚ ਕਿਹਾ ਕਿ ਜਦੋਂ ਦਿੱਲੀ ਅੰਦੋਲਨ ਵਿੱਚ ਪੰਜਾਬ ਦੇ 700 ਕਿਸਾਨ ਸ਼ਹੀਦ ਹੋ ਗਏ ਸਨ ਤਾਂ ਉਸ ਵੇਲੇ ਅਮਿਤ ਸ਼ਾਹ ਉਨ੍ਹਾਂ ਪਰਿਵਾਰਾਂ ਨਾਲ ਦੁੱਖ ਵੰਡਾਉਣ ਕਿਉਂ ਨਹੀਂ ਆਏ ਸਨ। ਉਨ੍ਹਾਂ ਕਿਹਾ ਕਿ ਭਾਜਪਾ ਚੋਣਾਂ ਕਰਕੇ ਹੁਣ ਹੋਛੀ ਸਿਆਸਤ 'ਤੇ ਉੱਤਰ ਆਈ ਹੈ।



ਮੁੱਖ ਮੰਤਰੀ ਨੇ ਕਿਹਾ ਕਿ ਜੋ ਭਾਜਪਾ ਹੁਣ ਪੰਜਾਬ ਦੇ ਫ਼ਿਕਰ ਦਾ ਢੌਂਗ ਕਰ ਰਹੀ ਹੈ, ਉਸ ਨੂੰ ਉਦੋਂ ਤਾਂ ਪੰਜਾਬ ਦੀ ਚਿੰਤਾ ਨਹੀਂ ਹੋਈ ਜਦੋਂ ਪੰਜਾਬ ਦੇ ਹੱਕਾਂ 'ਤੇ ਡਾਕੇ ਮਾਰੇ ਗਏ। ਉਨ੍ਹਾਂ ਬੀ ਬੀ ਐੱਮ ਬੀ ਵਿੱਚ ਪੰਜਾਬ ਦੀ ਨੁਮਾਇੰਦਗੀ ਵਿੱਚ ਕਟੌਤੀ, ਚੰਡੀਗੜ੍ਹ ਸੈਨੇਟ ਵਿੱਚ ਕੱਟ ਅਤੇ ਪਾਣੀਆਂ ਦੇ ਹੱਕ ਦੀ ਅਣਦੇਖੀ ਦੀ ਮਿਸਾਲ ਦਿੱਤੀ।

ਮੁੱਖ ਮੰਤਰੀ ਨੇ ਐੱਨ ਡੀ ਪੀ ਐੱਸ ਕਾਨੂੰਨ ਨੂੰ ਸਖ਼ਤ ਕੀਤੇ ਜਾਣ ਦੀ ਮੰਗ ਕੀਤੀ ਅਤੇ ਇਹ ਵੀ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਪੰਜਾਬ ਨੂੰ ਇਮੋਸ਼ਨਲ ਬਲੈਕਮੇਲ ਕਰਨ ਵਿੱਚ ਜੁਟੇ ਹਨ, ਪਰ ਪੰਜਾਬੀ ਭਾਜਪਾ ਦੀ ਧੱਕੇਸ਼ਾਹੀ ਨੂੰ ਭੁੱਲੇ ਨਹੀਂ।

ਜ਼ਿਕਰਯੋਗ ਹੈ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਮੰਗਲਵਾਰ ਨੂੰ ਆਪਣੇ ਇੱਕ ਰੋਜ਼ਾ ਦੌਰੇ ਤਹਿਤ ਪੰਜਾਬ ਆਏ ਹੋਏ ਹਨ। ਉਨ੍ਹਾਂ ਵੱਲੋਂ ਸੂਬੇ ਵਿੱਚ ਨਸ਼ਿਆਂ ਖ਼ਿਲਾਫ਼ ਲੜਾਈ 'ਚ ਜਾਨਾਂ ਗੁਆਉਣ ਵਾਲੇ ਕਾਰਕੁਨਾਂ ਦੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕੀਤੀ ਗਈ ਹੈ।

# ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਪੰਜਾਬ ਆਉਣਾ ਸਪੱਸ਼ਟ ਸੰਕੇਤ ਨਸ਼ਾ ਤਸਕਰਾਂ ਦੇ ਦਿਨ ਪੂਰੇ ਹੋਏ : ਕੇਵਲ ਸਿੰਘ ਢਿੱਲੋਂ

**ਚੰਡੀਗੜ੍ਹ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ ਜੀ ਦੀ ਪੰਜਾਬ ਫੇਰੀ ਨੇ ਇਹ ਸਪੱਸ਼ਟ ਸੰਦੇਸ਼ ਦੇ ਦਿੱਤਾ ਹੈ ਕਿ ਨਸ਼ਾ ਤਸਕਰਾਂ ਦੇ ਦਿਨ ਹੁਣ ਪੂਰੇ ਹੋ ਚੁੱਕੇ ਹਨ ਅਤੇ ਪੰਜਾਬ ਬਹੁਤ ਜਲਦ ਨਸ਼ਾ ਮੁਕਤ ਹੋਵੇਗਾ। ਇਹ ਪ੍ਰਗਟਾਵਾ ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਪਰਮਿੰਦਰ ਸਿੰਘ ਝੋਟਾ ਸਮੇਤ ਵੱਖ ਵੱਖ ਪੀੜਤ ਪਰਿਵਾਰਾਂ ਨਾਲ ਮੁਲਾਕਾਤ ਕਰਨ ਉਪਰੰਤ ਕੀਤਾ। ਸ. ਢਿੱਲੋਂ ਨੇ ਦੱਸਿਆ ਕਿ ਅੱਜ ਉਨ੍ਹਾਂ ਨੇ ਗ੍ਰਹਿ ਮੰਤਰੀ ਜੀ ਦੇ ਨਾਲ ਗੁਰਦਾਸਪੁਰ ਦੇ ਵਿਖੇ ਬਿਕਰਮਜੀਤ ਸਿੰਘ, ਸੰਗਰੂਰ ਦੇ ਤੂਰ ਬੰਜਾਰਾ ਵਿਖੇ ਗੁਲਜ਼ਾਰ ਸਿੰਘ ਅਤੇ ਮਾਨਸ ਵਿਖੇ ਪਰਮਿੰਦਰ ਸਿੰਘ ਝੋਟਾ ਦੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ, ਜਿਨ੍ਹਾਂ ਨੂੰ ਇਨਸਾਫ਼ ਦਿਵਾਉਣ ਦਾ ਪੂਰਾ ਭਰੋਸਾ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਦੀ 'ਆਪ' ਸਰਕਾਰ ਨਸ਼ਿਆਂ ਨੂੰ ਰੋਕਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ, ਅਤੇ ਜੋ ਵੀ ਨਸ਼ਿਆਂ ਵਿਰੁੱਧ ਆਵਾਜ਼ ਉਠਾਉਂਦਾ ਹੈ, ਉਸ ਦੀ ਆਵਾਜ਼ ਨੂੰ ਦਬਾ ਦਿੱਤਾ ਜਾਂਦਾ ਹੈ।

ਪੰਜਾਬ ਸਰਕਾਰ ਵੱਲੋਂ ਅੱਜ ਸੀਬੀਆਈ ਜਾਂਚ ਦੇ ਲਏ ਗਏ ਫ਼ੈਸਲੇ ਬਾਰੇ ਢਿੱਲੋਂ ਨੇ ਕਿਹਾ ਕਿ ਇਹ ਫ਼ੈਸਲਾ ਇਨਸਾਫ਼ ਦੀ ਇੱਛਾ ਨਹੀਂ, ਸਗੋਂ ਗ੍ਰਹਿ ਮੰਤਰੀ ਅਮਿਤ ਸ਼ਾਹ ਜੀ ਦੇ ਆਉਣ ਦੀ ਘਬਰਾਹਟ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ 'ਆਪ' ਸਰਕਾਰ ਪਰਮਿੰਦਰ ਝੋਟਾ ਦੇ ਕਤਲ ਨੂੰ ਨਿੱਜੀ ਰੰਜਿਸ਼ ਦੱਸ ਕੇ ਮਾਮਲੇ ਨੂੰ ਦਬਾਉਂਦੀ ਰਹੀ। ਇਸ ਲਈ ਸਰਕਾਰ ਨੂੰ ਝੋਟਾ ਦੇ ਪਰਿਵਾਰ ਅਤੇ ਪੂਰੇ ਪੰਜਾਬੀਆਂ ਤੋਂ ਸਾਰਵਜਨਿਕ ਤੌਰ 'ਤੇ ਮੁਆਫ਼ੀ ਮੰਗਣੀ ਚਾਹੀਦੀ ਹੈ। ਸੀਬੀਆਈ ਨੂੰ ਜਾਂਚ ਸੌਂਪਣਾ ਇਸ ਗੱਲ ਦਾ ਖ਼ੁਦ ਕਬੂਲਨਾਮਾ ਹੈ ਕਿ ਪੰਜਾਬ ਸਰਕਾਰ ਪੀੜਤ ਪਰਿਵਾਰਾਂ ਨੂੰ ਇਨਸਾਫ਼ ਦੇਣ ਦੇ ਸਮਰੱਥ ਨਹੀਂ ਹੈ। ਕੇਵਲ ਸਿੰਘ ਢਿੱਲੋਂ ਨੇ ਦੱਸਿਆ ਕਿ ਭਾਜਪਾ ਨੇ ਇਸ ਮਾਮਲੇ ਵਿੱਚ ਪਹਿਲਾਂ ਹੀ ਪਹਿਲਕਦਮੀ ਕੀਤੀ ਸੀ। ਉਨ੍ਹਾਂ ਨੇ 13 ਅਕਤੂਬਰ ਨੂੰ ਹੀ ਪੰਜਾਬ ਦੇ ਮਾਣਯੋਗ ਰਾਜਪਾਲ ਨੂੰ ਪੱਤਰ ਲਿਖ ਕੇ ਸੀਬੀਆਈ ਜਾਂਚ ਦੀ ਮੰਗ ਕੀਤੀ ਸੀ, ਕਿਉਂਕਿ 'ਆਪ' ਸਰਕਾਰ ਤੋਂ ਕਿਸੇ ਕਾਰਵਾਈ ਦੀ ਉਮੀਦ ਨਹੀਂ ਸੀ।

# ਅਮਿਤ ਸ਼ਾਹ ਨੇ ਸੰਗਰੂਰ ਵਿੱਚ ਗੁਲਜ਼ਾਰ ਸਿੰਘ ਦੇ ਪਰਿਵਾਰ ਨਾਲ ਕੀਤੀ ਮੁਲਾਕਾਤ, ਹਰ ਸੰਭਵ ਮਦਦ ਦਾ ਦਿੱਤਾ ਭਰੋਸਾ



**ਸੰਗਰੂਰ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਗਰੂਰ()ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਮੰਗਲਵਾਰ ਨੂੰ ਸੰਗਰੂਰ ਜ਼ਿਲ੍ਹੇ ਦੇ ਪਿੰਡ ਤੂਰ ਵਣਜਾਰਾ ਦਾ ਦੌਰਾ ਕਰਕੇ ਗੁਲਜ਼ਾਰ ਸਿੰਘ ਦੇ ਪਰਿਵਾਰ ਨਾਲ ਮੁਲਾਕਾਤ ਕੀਤੀ। ਗੁਲਜ਼ਾਰ ਸਿੰਘ ਦੀ ਪਿਛਲੇ ਮਹੀਨੇ ਕਥਿਤ ਤੌਰ 'ਤੇ ਜ਼ਹਿਰੀਲਾ ਪਦਾਰਥ ਨਿਗਲਣ ਕਾਰਨ ਮੌਤ ਹੋ ਗਈ ਸੀ।

ਮੁਲਾਕਾਤ ਦੌਰਾਨ ਅਮਿਤ ਸ਼ਾਹ ਨੇ ਦੁਖੀ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ। ਉਨ੍ਹਾਂ ਨੇ ਪਰਿਵਾਰ ਨੂੰ ਹਰ ਸੰਭਵ ਮਦਦ ਮੁਹੱਈਆ ਕਰਵਾਉਣ ਦਾ ਭਰੋਸਾ ਦਿੱਤਾ।

ਪਰਿਵਾਰ ਨੇ ਗੁਲਜ਼ਾਰ ਸਿੰਘ ਦੀ ਮੌਤ ਨਾਲ ਜੁੜੇ ਸਾਰੇ ਹਾਲਾਤ ਦੀ ਡੂੰਘਾਈ ਨਾਲ ਜਾਂਚ ਕਰਵਾਉਣ ਅਤੇ ਦੋਸ਼ੀ ਪਾਏ ਜਾਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ। ਇਸ ਮਾਮਲੇ ਦੀ ਜਾਂਚ ਪੰਜਾਬ ਸਰਕਾਰ ਵੱਲੋਂ ਗਠਿਤ ਵਿਸ਼ੇਸ਼ ਜਾਂਚ ਟੀਮ (ਐੱਸਆਈਟੀ) ਕਰ ਰਹੀ ਹੈ।

ਅਮਿਤ ਸ਼ਾਹ ਦਾ ਸੰਗਰੂਰ ਦੌਰਾ ਉਨ੍ਹਾਂ ਦੇ ਪੰਜਾਬ ਦੌਰੇ ਦਾ ਹਿੱਸਾ ਹੈ। ਇਸ ਦੌਰਾਨ ਉਹ ਤਿੰਨ ਵੱਖ-ਵੱਖ ਜ਼ਿਲ੍ਹਿਆਂ ਵਿੱਚ ਵਾਪਰੀਆਂ ਅਲੱਗ-ਅਲੱਗ ਘਟਨਾਵਾਂ ਨਾਲ ਪ੍ਰਭਾਵਿਤ ਪਰਿਵਾਰਾਂ ਨਾਲ ਮੁਲਾਕਾਤ ਕਰ ਰਹੇ ਹਨ। ਇਸ ਤੋਂ ਪਹਿਲਾਂ ਗ੍ਰਹਿ ਮੰਤਰੀ ਨੇ ਗੁਰਦਾਸਪੁਰ ਜ਼ਿਲ੍ਹੇ ਦੇ ਬਟਾਲਾ ਵਿੱਚ ਪਹੁੰਚ ਕੇ ਬਿਕਰਮਜੀਤ ਸਿੰਘ ਦੇ ਪਰਿਵਾਰ ਨਾਲ ਮੁਲਾਕਾਤ ਕੀਤੀ। ਇਸ ਤੋਂ ਇਲਾਵਾ ਉਹ ਮਾਨਸਾ ਵਿੱਚ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨੂੰ ਵੀ ਮਿਲਣਗੇ। ਇਨ੍ਹਾਂ ਮੁਲਾਕਾਤਾਂ ਦੌਰਾਨ ਪ੍ਰਭਾਵਿਤ ਪਰਿਵਾਰਾਂ ਵੱਲੋਂ ਇਨਸਾਫ਼ ਅਤੇ ਜਵਾਬਦੇਹੀ ਦੀ ਮੰਗ ਕੀਤੀ ਜਾ ਰਹੀ ਹੈ।

ਪਰਿਵਾਰਾਂ ਦਾ ਕਹਿਣਾ ਹੈ ਕਿ ਸਬੰਧਤ ਮਾਮਲਿਆਂ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ, ਤਾਂ ਜੋ ਸੱਚਾਈ ਸਾਹਮਣੇ ਆ ਸਕੇ ਅਤੇ ਇਨਸਾਫ਼ ਯਕੀਨੀ ਬਣਾਇਆ ਜਾ ਸਕੇ।

# ਪਵਨ ਗੁਪਤਾ ਨੇ ਪਟਿਆਲਾ ਵਿੱਚ ਆਯੋਜਿਤ ਵਿਸ਼ੇਸ਼ ਦੁਸਹਿਰਾ ਸਮਾਗਮਾਂ ਵਿੱਚ ਕੀਤੀ ਸ਼ਿਰਕਤ

**ਪਟਿਆਲਾ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ ਪਵਨ ਗੁਪਤਾ ਨੇ ਪਟਿਆਲਾ ਵਿੱਚ ਆਯੋਜਿਤ ਕਈ ਵਿਸ਼ੇਸ਼ ਦੁਸਹਿਰਾ ਸਮਾਗਮਾਂ ਵਿੱਚ ਸ਼ਿਰਕਤ ਕੀਤੀ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਅਮਨ ਨਗਰ ਵਿੱਚ ਸ਼੍ਰੀ ਸੱਤਿਆ ਸਨਾਤਨ ਰਾਮਲੀਲਾ ਕਮੇਟੀ ਵਲੋਂ ਆਯੋਜਿਤ ਵੱਡੇ ਪੱਧਰ 'ਤੇ ਦੁਸਹਿਰਾ ਸਮਾਰੋਹ ਵਿੱਚ ਸ਼ਿਰਕਤ ਕੀਤੀ। ਸ਼੍ਰੀ ਗਿਰੀਸ਼ ਸ਼ਰਮਾ ਦੇ ਨਿਰਦੇਸ਼ਨ ਹੇਠ ਰਾਮਲੀਲਾ ਵਿਸ਼ੇਸ਼ ਤੌਰ 'ਤੇ ਆਯੋਜਿਤ ਕੀਤੀ ਗਈ।

ਭਗਵਾਨ ਸ਼੍ਰੀ ਰਾਮ ਅਤੇ ਰਾਵਣ ਵਿਚਕਾਰ ਯੁੱਧ ਦੇ ਅੰਤ ਤੋਂ ਬਾਅਦ, ਰਾਵਣ ਦੇ ਪੁਤਲੇ ਦੀ ਪੂਜਾ ਕੀਤੀ ਗਈ ਅਤੇ ਫਿਰ ਅਗਨੀ ਸਸਕਾਰ ਕੀਤਾ ਗਿਆ। ਇਸ ਤੋਂ ਪਹਿਲਾਂ, ਦੁਸਹਿਰਾ ਮੇਲੇ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਪਵਨ ਗੁਪਤਾ ਨੇ ਕਿਹਾ ਕਿ ਦੁਸਹਿਰਾ ਇਸ ਗੱਲ ਦਾ ਪ੍ਰਤੀਕ ਹੈ ਕਿ ਜ਼ੁਲਮ, ਪਾਪ ਅਤੇ ਝੂਠ ਕਿੰਨਾ ਵੀ ਸ਼ਕਤੀਸ਼ਾਲੀ ਕਿਉਂ ਨਾ ਹੋਵੇ, ਸੱਚ ਅਤੇ ਧਾਰਮਿਕਤਾ ਹਮੇਸ਼ਾ ਜਿੱਤਦੀ ਹੈ। ਧਾਰਮਿਕਤਾ ਅਤੇ ਮਰਿਆਦਾ ਨੂੰ ਬਰਕਰਾਰ ਰੱਖਣ ਵਾਲਾ ਵਿਅਕਤੀ ਕਦੇ ਵੀ ਕਮਜ਼ੋਰ ਨਹੀਂ ਹੋ ਸਕਦਾ।

ਭਗਵਾਨ ਸ਼੍ਰੀ ਰਾਮ ਜੀ ਦੀ ਰਾਵਣ 'ਤੇ ਜਿੱਤ ਇਸ ਗੱਲ ਦਾ ਪ੍ਰਤੀਕ ਹੈ ਕਿ ਜਦੋਂ ਤੁਸੀਂ ਧਰਮ ਅਤੇ ਸਦਾਚਾਰ ਨੂੰ ਕਾਇਮ ਰੱਖਦੇ ਹੋ, ਤਾਂ ਧਰਮ ਤੁਹਾਡੀ ਤਾਕਤ ਬਣ ਜਾਂਦੀ ਹੈ ਅਤੇ ਹਮੇਸ਼ਾ ਤੁਹਾਨੂੰ ਜਿੱਤ ਦਾ ਝੰਡਾ ਲਹਿਰਾਉਣ ਵਿੱਚ ਮਦਦ ਕਰਦੀ ਹੈ।

ਇਸ ਤੋਂ ਬਾਅਦ, ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ, ਸ਼੍ਰੀ ਪਵਨ ਗੁਪਤਾ ਨੇ ਬਹਾਦਰਗੜ੍ਹ ਸ਼ਹਿਰ ਦੇ ਪ੍ਰਸਿੱਧ ਸ਼੍ਰੀ ਕੇਦਾਰਨਾਥ ਮੰਦਰ ਵਿੱਚ ਸ਼੍ਰੀ ਰਾਮਲੀਲਾ ਕਮੇਟੀ ਵਲੋਂ ਆਯੋਜਿਤ ਦੁਸਹਿਰਾ ਮੇਲੇ ਵਿੱਚ ਸ਼ਿਰਕਤ ਕੀਤੀ। ਉੱਥੇ, ਸ਼੍ਰੀ ਹਿੰਦੂ ਤਖ਼ਤ ਭਾਰਤ ਦੇ ਮੁਖੀ ਸ਼੍ਰੀ ਬ੍ਰਹਮਾਨੰਦ ਗਿਰੀ ਮਹਾਰਾਜ ਨੇ ਉਨ੍ਹਾਂ ਦਾ ਵਿਸ਼ੇਸ਼ ਤੌਰ 'ਤੇ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ। ਇਸ ਦੁਸਹਿਰਾ ਮੇਲੇ ਵਿੱਚ ਭਗਵਾਨ ਰਾਵਣ ਦਾ ਪੁਤਲਾ ਵੀ ਸਾੜਿਆ ਗਿਆ। ਇਸ ਮੌਕੇ 'ਤੇ ਸ਼ਿਵ ਸੈਨਾ ਹਿੰਦੁਸਤਾਨ ਦੇ ਸੀਨੀਅਰ ਨੇਤਾ ਸ਼੍ਰੀ ਸ਼ਮਾਕਾਂਤ ਪਾਂਡੇ ਅਤੇ ਸ਼੍ਰੀ ਅਮਰਜੀਤ ਬੰਟੀ ਉਨ੍ਹਾਂ ਦੇ ਨਾਲ ਸਨ।

# ਸਰਕਾਰ ਵੱਲੋਂ 28 ਆਈਪੀਐੱਸ, ਐਚਪੀਐੱਸ ਅਧਿਕਾਰੀਆਂ ਦੇ ਤਬਾਦਲੇ

## ਆਈ.ਜੀ. ਸਤੀਸ਼ ਬਾਲਨ ਨੂੰ ਮਿਲਿਆ ਵਾਧੂ ਚਾਰਜ; ਮੋਹਿਤ ਹਾਂਡਾ ਰਾਜਪਾਲ ਦੇ ਏ.ਡੀ.ਸੀ. ਵਜੋਂ ਤਾਇਨਾਤ

**ਚੰਡੀਗੜ੍ਹ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰ ਨੇ ਮੰਗਲਵਾਰ ਨੂੰ ਤੁਰੰਤ ਪ੍ਰਭਾਵ ਨਾਲ ਵੱਡੇ ਪੱਧਰ 'ਤੇ ਪੁਲੀਸ ਪ੍ਰਸ਼ਾਸਨ ਵਿੱਚ ਫੇਰਬਦਲ ਕਰਦਿਆਂ 28 ਆਈ.ਪੀ.ਐਸ. ਅਤੇ ਐਚ.ਪੀ.ਐਸ. ਅਧਿਕਾਰੀਆਂ ਦੇ ਤਬਾਦਲਿਆਂ ਅਤੇ ਨਿਯੁਕਤੀਆਂ ਦੇ ਹੁਕਮ ਜਾਰੀ ਕੀਤੇ ਹਨ। ਹਰਿਆਣਾ ਸਰਕਾਰ ਵੱਲੋਂ ਜਾਰੀ ਸੂਚੀ ਅਨੁਸਾਰ ਕਈ ਸੀਨੀਅਰ ਪੁਲੀਸ ਅਧਿਕਾਰੀਆਂ ਨੂੰ ਨਿੰਮੀਆਂ ਜ਼ਿੰਮੇਵਾਰੀਆਂ ਦੇ ਨਾਲ-ਨਾਲ ਅਹਿਮ ਅਹੁਦਿਆਂ ਦਾ ਵਾਧੂ ਚਾਰਜ ਵੀ ਸੌਂਪਿਆ ਗਿਆ ਹੈ।

ਹੁਕਮਾਂ ਮੁਤਾਬਕ 2004 ਬੈਚ ਦੇ ਆਈ.ਪੀ.ਐਸ. ਅਧਿਕਾਰੀ ਅਤੇ ਆਈ.ਜੀ.ਪੀ. (ਰੇਲਵੇ ਤੇ ਕਮਾਂਡੋ) ਬੀ. ਸਤੀਸ਼ ਬਾਲਨ ਨੂੰ ਆਈ.ਜੀ.ਪੀ., ਇੰਡੀਅਨ ਰਿਜ਼ਰਵ ਬਟਾਲੀਅਨ ਭੋਂਡਸੀ ਦਾ ਵਾਧੂ ਚਾਰਜ ਸੌਂਪਿਆ ਗਿਆ ਹੈ। ਇਸ ਦੇ ਨਾਲ ਹੀ ਗੁਰੂਗ੍ਰਾਮ ਦੇ ਡੀ.ਸੀ.ਪੀ. ਹੈਡਕੁਆਰਟਰ ਡਾ. ਅੰਸ਼ੂ ਸਿੰਗਲਾ ਨੂੰ ਰਿਕਰੂਟ ਟਰੇਨਿੰਗ ਸੈਂਟਰ ਭੋਂਡਸੀ ਦੇ ਐਸ.ਪੀ. ਦਾ ਵਾਧੂ ਚਾਰਜ ਦਿੱਤਾ ਗਿਆ ਹੈ।

ਇਸੇ ਤਰ੍ਹਾਂ 2017 ਬੈਚ ਦੀ ਆਈ.ਪੀ.ਐਸ. ਅਧਿਕਾਰੀ ਅਤੇ ਸੀ.ਆਈ.ਡੀ. ਦੀ ਐਸ.ਪੀ. ਉਪਾਸਨਾ ਨੂੰ ਜੀਂਦ ਦਾ ਨਵਾਂ ਐਸ.ਪੀ. ਤਾਇਨਾਤ ਕੀਤਾ ਗਿਆ ਹੈ। ਉਨ੍ਹਾਂ ਦੀ ਥਾਂ 'ਤੇ ਕੁਲਦੀਪ ਸਿੰਘ ਨੂੰ ਸੀ.ਆਈ.ਡੀ. ਐਸ.ਪੀ. ਲਗਾਇਆ ਗਿਆ ਹੈ, ਜਿਨ੍ਹਾਂ ਕੋਲ ਐਂਟੀ ਟੈਰਰਿਸਟ ਸਕੱਡ ਦਾ ਵਾਧੂ ਚਾਰਜ ਵੀ ਰਹੇਗਾ। 2015 ਬੈਚ ਦੇ ਆਈ.ਪੀ.ਐਸ. ਅਧਿਕਾਰੀ ਮੋਹਿਤ ਹਾਂਡਾ ਨੂੰ ਹਰਿਆਣਾ ਦੇ ਰਾਜਪਾਲ ਦਾ ਏ.ਡੀ.ਸੀ. (143) ਅਤੇ ਲੋਕਾਯੁਕਤ ਦੇ ਐਸ.ਪੀ. ਦਾ ਵਾਧੂ ਚਾਰਜ ਦਿੱਤਾ ਗਿਆ ਹੈ।

ਵਿਭਾਗ ਵੱਲੋਂ ਜਾਰੀ ਸੂਚੀ ਵਿੱਚ ਕਈ ਐਚ.ਪੀ.ਐਸ. ਅਧਿਕਾਰੀਆਂ ਦੇ ਨਾਮ ਵੀ ਸ਼ਾਮਲ ਹਨ। ਨੂਪੁਰ ਬਿਸ਼ਨੋਈ ਨੂੰ ਏ.ਆਈ.ਜੀ. ਵੈਲਫੇਅਰ ਦਾ ਵਾਧੂ ਚਾਰਜ ਦਿੱਤਾ ਗਿਆ ਹੈ, ਜਦੋਂਕਿ ਪੂਜਾ ਡਾਬਲਾ ਨੂੰ ਐਸ.ਪੀ., ਐਸ.ਵੀ. ਐਂਡ ਏ.ਸੀ.ਬੀ. (SV & 132) ਤਾਇਨਾਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਅਮਿਤ ਬੈਨੀਵਾਲ, ਰਾਜੀਵ ਕੁਮਾਰ, ਗੌਰਵ ਸ਼ਰਮਾ ਅਤੇ ਰਿਸ਼ੀ ਕਾਂਤ ਸਮੇਤ ਕਈ ਹੋਰ ਡੀ.ਐਸ.ਪੀ. ਪੱਧਰ ਦੇ ਅਧਿਕਾਰੀਆਂ ਦੇ ਵੀ ਤਬਦੇਲੇ ਕੀਤੇ ਗਏ ਹਨ ਤਾਂ ਜੋ ਪ੍ਰਸ਼ਾਸਨਿਕ ਕੰਮਕਾਜ ਨੂੰ ਹੋਰ ਸੁਚਾਰੂ ਬਣਾਇਆ ਜਾ ਸਕੇ

# ਬੀਬੀ ਮਨਪ੍ਰੀਤ ਕੌਰ ਦੀ ਨਿਯੁਕਤੀ ਪੰਥਕ ਸੇਵਾਵਾਂ ਨੂੰ ਦੇਵੇਗੀ ਨਵੀਂ ਦਿਸ਼ਾ: ਕਾਲਕਾ

**ਨਵੀਂ ਦਿੱਲੀ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦੇ ਕੌਮੀ ਆਗੂ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਬੀਬੀ ਮਨਪ੍ਰੀਤ ਕੌਰ ਨੂੰ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦਾ ਮੀਤ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਵਧਾਈ ਦਿੱਤੀ ਹੈ।

ਸਰਦਾਰ ਕਾਲਕਾ ਨੇ ਆਸ ਪ੍ਰਗਟਾਈ ਕਿ ਬੀਬੀ ਮਨਪ੍ਰੀਤ ਕੌਰ ਆਪਣੀ ਮਿਹਨਤ, ਲਗਨ, ਸਮਰਪਣ ਅਤੇ ਸੇਵਾ ਭਾਵਨਾ ਨਾਲ ਪਾਰਟੀ ਦੀ ਮਜ਼ਬੂਤੀ ਲਈ ਵਡਮੁੱਲਾ ਯੋਗਦਾਨ ਪਾਉਣਗੇ।



ਉਨ੍ਹਾਂ ਕਿਹਾ ਕਿ ਬੀਬੀ ਮਨਪ੍ਰੀਤ ਕੌਰ ਦੀ ਅਗਵਾਈ ਅਤੇ ਸਰਗਰਮ ਭੂਮਿਕਾ ਨਾਲ ਪੰਥਕ ਸੇਵਾਵਾਂ ਨੂੰ ਹੋਰ ਉਤਸ਼ਾਹ ਅਤੇ ਸਮਰਪਿਤ ਭਾਵਨਾ ਨਾਲ ਅੱਗੇ ਵਧਾਉਣ ਵਿੱਚ ਮਦਦ ਮਿਲੇਗੀ।

ਉਨ੍ਹਾਂ ਬੀਬੀ ਮਨਪ੍ਰੀਤ ਕੌਰ ਨੂੰ ਨਵੀਂ ਜ਼ਿੰਮੇਂਵਾਰੀ ਲਈ ਸ਼ੁਭਕਾਮਨਾਵਾਂ ਦਿੰਦਿਆਂ ਉਮੀਦ ਜਤਾਈ ਕਿ ਉਹ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਪਾਰਟੀ ਦੀਆਂ ਨੀਤੀਆਂ ਅਤੇ ਪੰਥਕ ਹਿੱਤਾਂ ਦੀ ਪਹਿਰੇਦਾਰੀ ਕਰਦਿਆਂ ਸਿੱਖ ਕੌਮ ਦੀ ਚੜ੍ਹਦੀ ਕਲਾ ਲਈ ਆਪਣੀਆਂ ਸੇਵਾਵਾਂ ਲਗਾਤਾਰ ਜਾਰੀ ਰੱਖਣਗੇ।

# ਪਰਵਿੰਦਰ ਝੋਟਾ ਕਤਲ ਕਾਂਡ: ਅਸਲਾ ਲਾਇਸੈਂਸ ਜਾਰੀ ਕਰਨ ਵਾਲੇ ਆਈ ਏ ਐੱਸ ਅਧਿਕਾਰੀ 'ਤੇ ਉੱਠੀ ਉਂਗਲ

**ਚੰਡੀਗੜ੍ਹ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਨਸਾ ਦੇ ਨਸ਼ਾ ਵਿਰੋਧੀ ਕਾਰਕੁੰਨ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਕਰਨ ਵਾਲੇ ਅਸ਼ਵਨੀ ਕੁਮਾਰ ਨੂੰ ਅਸਲਾ ਲਾਇਸੈਂਸ ਜਾਰੀ ਕਰਨ ਵਾਲੇ ਆਈ ਏ ਐੱਸ ਅਧਿਕਾਰੀ 'ਤੇ ਉਂਗਲ ਉੱਠਣ ਲੱਗੀ ਹੈ। 2019 ਬੈਚ ਦੇ ਆਈ ਏ ਐੱਸ ਅਧਿਕਾਰੀ ਨਿਰਮਲ ਉਸੇਪਚਨ ਵੱਲੋਂ ਵਧੀਕ ਡਿਪਟੀ ਕਮਿਸ਼ਨਰ ਮਾਨਸਾ ਦੀ ਹੈਸੀਅਤ 'ਚ 21 ਅਗਸਤ 2024 ਨੂੰ ਅਸ਼ਵਨੀ ਕੁਮਾਰ ਨੂੰ ਅਸਲਾ ਲਾਇਸੈਂਸ ਜਾਰੀ ਕੀਤਾ ਗਿਆ ਸੀ। ਹਾਲਾਂਕਿ ਮੁਲਜ਼ਮ 'ਤੇ ਪੰਜ ਪੁਲੀਸ ਕੇਸ ਦਰਜ ਸਨ ਜਿਨ੍ਹਾਂ ਦੀ ਅਣਦੇਖੀ ਕਰਕੇ ਅਸਲਾ ਲਾਇਸੈਂਸ ਜਾਰੀ ਕੀਤਾ ਗਿਆ। ਆਈ ਏ ਐੱਸ ਅਧਿਕਾਰੀ ਨਿਰਮਲ ਉਸੇਪਚਨ ਨੇ ਮਾਨਸਾ ਦੇ ਵਧੀਕ ਡਿਪਟੀ ਕਮਿਸ਼ਨਰ ਵਜੋਂ 11 ਦਸੰਬਰ 2023 ਨੂੰ ਅਹੁਦਾ ਸੰਭਾਲਿਆ ਸੀ ਅਤੇ ਉਹ 19 ਮਾਰਚ 2025 ਤੱਕ ਇਸ ਅਹੁਦੇ 'ਤੇ ਰਹੇ ਸਨ। ਮੌਜੂਦਾ ਸਮੇਂ ਇਹ ਆਈ ਏ ਐੱਸ ਅਧਿਕਾਰੀ ਪੰਜਾਬ ਦੇ ਮੁੱਖ ਸਕੱਤਰ ਦੇ ਓ ਐੱਸ ਡੀ (ਵਾਧੂ ਚਾਰਜ) ਵਜੋਂ ਤਾਇਨਾਤ ਹਨ। ਅਗਰ ਪਰਵਿੰਦਰ ਸਿੰਘ ਝੋਟਾ ਕਤਲ ਕਾਂਡ ਦੀ ਸੀ ਬੀ ਆਈ ਜਾਂਚ ਸ਼ੁਰੂ ਹੁੰਦੀ ਹੈ ਤਾਂ ਮੁਲਜ਼ਮ ਅਸ਼ਵਨੀ ਕੁਮਾਰ ਨੂੰ ਜਾਰੀ ਅਸਲਾ ਲਾਇਸੈਂਸ ਦੀ ਜਾਂਚ ਹੋਣ ਦੀ ਵੀ ਸੰਭਾਵਨਾ ਹੈ। ਮਾਨਸਾ 'ਚ ਇਨਸਾਫ਼ ਲਈ ਡਟੀ ਐਕਸ਼ਨ ਕਮੇਟੀ ਪਹਿਲਾਂ ਹੀ ਆਖ ਚੁੱਕੀ ਹੈ ਕਿ ਵਧੀਕ ਡਿਪਟੀ ਕਮਿਸ਼ਨਰ 'ਤੇ ਦਬਾਅ ਬਣਾ ਕੇ ਅਸ਼ਵਨੀ ਕੁਮਾਰ ਨੂੰ ਅਸਲਾ ਲਾਇਸੈਂਸ ਜਾਰੀ ਕਰਾਇਆ ਗਿਆ। ਐਕਸ਼ਨ ਕਮੇਟੀ ਦੇ ਆਗੂ ਆਖਦੇ ਹਨ ਕਿ ਅਸਲਾ ਲਾਇਸੈਂਸ ਦੀ ਸਿਫ਼ਾਰਸ਼ ਕਰਨ ਵਾਲੇ ਸਿਆਸੀ ਆਗੂ ਦਾ ਪਤਾ ਲਗਾਇਆ ਜਾਵੇ। ਜੇ ਸੀ ਬੀ ਆਈ ਜਾਂਚ ਸ਼ੁਰੂ ਹੁੰਦੀ ਹੈ ਤਾਂ ਉਹ ਸਿਆਸੀ ਆਗੂ ਵੀ ਜਾਂਚ ਦੇ ਘੇਰੇ 'ਚ ਆਉਣਗੇ ਜਿਨ੍ਹਾਂ ਦੀ ਅਹਿਮ ਨੇੜਤਾ ਇਸ ਆਈ ਏ ਐੱਸ ਅਧਿਕਾਰੀ ਨਾਲ ਰਹੀ ਹੈ। ਵੇਰਵਿਆਂ ਅਨੁਸਾਰ ਇਸ ਆਈ ਏ ਐੱਸ ਅਧਿਕਾਰੀ ਦੇ ਕੇਰਲਾ 'ਚ ਜਨਵਰੀ 2026 'ਚ ਹੋਏ ਵਿਆਹ ਸਮਾਗਮਾਂ 'ਤੇ ਆਮ ਆਦਮੀ ਪਾਰਟੀ ਦੇ ਤਿੰਨ ਸੀਨੀਅਰ ਆਗੂ ਵੀ ਸ਼ਾਮਲ ਹੋਏ ਸਨ ਜਿਨ੍ਹਾਂ 'ਚ ਮਾਨਸਾ ਦੇ 'ਆਪ' ਦੇ ਦੋ ਜ਼ਿਲ੍ਹਾ ਪੱਧਰ ਦੇ ਆਗੂ ਵੀ ਸਨ। ਹਲਕਾ ਜੈਤੋ ਦੇ ਵਿਧਾਇਕ ਅਮੋਲਕ ਸਿੰਘ ਵੀ ਕੇਰਲਾ 'ਚ ਇਸ ਆਈ ਏ ਐੱਸ ਅਧਿਕਾਰੀ ਦੇ ਵਿਆਹ ਸਮਾਗਮਾਂ 'ਚ ਸ਼ਾਮਲ ਹੋਏ ਸਨ। ਵਿਧਾਇਕ ਅਮੋਲਕ ਸਿੰਘ ਦਾ ਕਹਿਣਾ ਸੀ ਕਿ ਇਹ ਆਈ ਏ ਐੱਸ ਅਧਿਕਾਰੀ ਜੈਤੋ ਦੇ ਐੱਸ ਡੀ ਐੱਮ ਰਹਿ ਚੁੱਕੇ ਹਨ ਅਤੇ ਉਹ ਪੁਰਾਣੇ ਸਬੰਧਾਂ ਕਾਰਨ ਹੀ ਵਿਆਹ ਸਮਾਗਮਾਂ 'ਚ ਸ਼ਾਮਲ ਹੋਏ ਸਨ। ਉਹ ਕੇਰਲਾ ਦਾ ਕਲਚਰ ਵੀ ਦੇਖਣਾ ਚਾਹੁੰਦੇ ਸਨ। ਵੇਰਵਿਆਂ ਅਨੁਸਾਰ ਅਸ਼ਵਨੀ ਕੁਮਾਰ ਕੋਲ ਇੱਕ ਪਿਸਟਲ (7.62 ਐੱਮ ਐੱਮ) ਅਤੇ ਇੱਕ ਬਾਰਾਂ ਬੋਰ ਦੀ ਗੰਨ ਸੀ।

# 350 ਗ੍ਰਾਮ ਹੈਰੋਇਨ ਕੇਸ ਵਿੱਚ ਤਿੰਨ ਦੋਸ਼ੀਆਂ ਨੂੰ 10-10 ਸਾਲ ਦੀ ਕੈਦ, ਦੋ ਭਗੌੜੇ ਕਰਾਰ

**ਬਠਿੰਡਾ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੱਤ ਸਾਲ ਪੁਰਾਣੇ 350 ਗ੍ਰਾਮ ਹੈਰੋਇਨ ਬਰਾਮਦਗੀ ਦੇ ਮਾਮਲੇ ਵਿੱਚ ਅਦਾਲਤ ਨੇ ਤਿੰਨ ਦੋਸ਼ੀਆਂ ਨੂੰ 10-10 ਸਾਲ ਦੀ ਕੈਦ ਅਤੇ ਹਰੇਕ ਨੂੰ ਇੱਕ-ਇੱਕ ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ। ਇਸੇ ਮਾਮਲੇ ਵਿੱਚ ਦੋ ਹੋਰ ਮੁਲਜ਼ਮਾਂ ਨੂੰ ਅਦਾਲਤ ਵੱਲੋਂ ਭਗੌੜਾ ਕਰਾਰ ਦਿੱਤਾ ਗਿਆ ਹੈ।

ਪੁਲੀਸ ਵੱਲੋਂ ਜਾਰੀ ਜਾਣਕਾਰੀ ਅਨੁਸਾਰ, ਇਹ ਮਾਮਲਾ 7 ਨਵੰਬਰ 2019 ਨੂੰ ਥਾਣਾ ਸਿਵਲ ਲਾਈਨ, ਬਠਿੰਡਾ ਵਿਖੇ ਐਨ.ਡੀ.ਪੀ.ਐਸ. ਐਕਟ ਦੀ ਧਾਰਾ 21 ਤਹਿਤ ਦਰਜ ਕੀਤਾ ਗਿਆ ਸੀ। ਇਸ ਮਾਮਲੇ ਵਿੱਚ ਗੁਰਵਿੰਦਰ ਸਿੰਘ ਉਰਫ਼ ਗਿੰਦੀ, ਹਰਗੋਬਿੰਦ ਸਿੰਘ ਉਰਫ਼ ਗੋਰਾ ਅਤੇ ਜਸਵੀਰ ਸਿੰਘ ਉਰਫ਼ ਚਿੱਟੀ ਨੂੰ ਅਦਾਲਤ ਨੇ 10-10 ਸਾਲ ਦੀ ਕੈਦ ਅਤੇ ਇੱਕ-ਇੱਕ ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

# ਦੁਸਹਿਰੇ ਮੌਕੇ ਭਾਜਪਾ ਆਗੂਆਂ ਨੇ ਰਾਮਲੀਲਾ ਮੰਚ ਮਾਛੀਵਾੜਾ ਸਾਹਿਬ ਵਿਖੇ ਕੀਤੀ ਸ਼ਿਰਕਤ



**ਮਾਛੀਵਾੜਾ ਸਾਹਿਬ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਛੀਵਾੜਾ ਸਾਹਿਬ ਵਿਖੇ ਬੁਰਾਈ 'ਤੇ ਚੰਗਿਆਈ ਅਤੇ ਝੂਠ 'ਤੇ ਸੱਚ ਦੀ ਜਿੱਤ ਦੇ ਪ੍ਰਤੀਕ ਦੁਸਹਿਰੇ ਦੇ ਪਵਿੱਤਰ ਤਿਉਹਾਰ ਮੌਕੇ ਰਾਮਲੀਲਾ ਮੰਚ ਵਿਖੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂਆਂ ਨੇ ਸ਼ਿਰਕਤ ਕਰਕੇ ਪ੍ਰਭੂ ਸ਼੍ਰੀ ਰਾਮ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂਆਂ ਬਿਕਰਮਜੀਤ ਸਿੰਘ ਚੀਮਾ, ਪ੍ਰੋ. ਭੁਪਿੰਦਰ ਸਿੰਘ ਚੀਮਾ ਅਤੇ ਸੁਖਵਿੰਦਰ ਲਾਲ ਸ਼ਰਮਾ ਸਮੇਤ ਸਮੁੱਚੀ ਭਾਜਪਾ ਟੀਮ ਹਾਜ਼ਰ ਰਹੀ। ਆਗੂਆਂ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਦੁਸਹਿਰੇ ਦੀਆਂ ਮੁਬਾਰਕਾਂ ਦਿੰਦਿਆਂ ਕਿਹਾ ਕਿ ਇਹ ਪਵਿੱਤਰ ਤਿਉਹਾਰ ਸਾਰਿਆਂ ਦੇ ਜੀਵਨ ਵਿੱਚ ਸੁੱਖ, ਸ਼ਾਂਤੀ ਅਤੇ ਖੁਸ਼ਹਾਲੀ ਲੈ ਕੇ ਆਵੇ। ਉਨ੍ਹਾਂ ਲੋਕਾਂ ਨੂੰ ਸੱਚਾਈ ਦੇ ਮਾਰਗ 'ਤੇ ਚੱਲਣ ਅਤੇ ਬੁਰਾਈਆਂ ਤੋਂ ਦੂਰ ਰਹਿਣ ਦਾ ਸੰਦੇਸ਼ ਵੀ ਦਿੱਤਾ।

ਪ੍ਰਬੰਧਕ ਕਮੇਟੀ ਵੱਲੋਂ ਪੁਜੇ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦਿੰਦਿਆਂ ਸਨਮਾਨਿਤ ਕੀਤਾ ਗਿਆ

ਇਸ ਮੌਕੇ ਭਾਜਪਾ ਆਗੂ ਜਤਿੰਦਰ ਸ਼ਰਮਾ, ਸੰਜੀਵ ਲੀਹਲ, ਮਨੀ ਜੌਹਲ, ਪਵਨ ਸ਼ਾਸਤਰੀ, ਪੁਸ਼ਪਿੰਦਰ ਸਿੰਘ, ਕੁਲਜੀਤ ਸਿੰਘ, ਨਰੇਸ਼ ਕੁਮਾਰ ਆਨੰਦ, ਅਮਿਤ ਸਹਾਰਨ, ਹਰਸ਼ ਪ੍ਰਧਾਨ, ਕਰਨ ਮਾਛੀਵਾੜਾ ਸਮੇਤ ਪਾਰਟੀ ਦੇ ਹੋਰ ਵਰਕਰ ਵੀ ਮੌਜੂਦ ਸਨ।

# ਮਹਾਰਾਜਾ ਸ਼ੂਰਸੈਨੀ ਮਹਾਨ ਯੋਧਾ, ਕੁਸ਼ਲ ਪ੍ਰਸ਼ਾਸਕ ਅਤੇ ਨਿਆਂਪਸੰਦ ਸ਼ਾਸਕ ਸਨ : ਨਾਇਬ ਸਿੰਘ ਸੈਣੀ

**ਚੰਡੀਗੜ੍ਹ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਹਾਰਾਜਾ ਸ਼ੂਰਸੈਨੀ ਜੀ ਇੱਕ ਮਹਾਨ ਯੋਧਾ, ਕੁਸ਼ਲ ਪ੍ਰਸ਼ਾਸਕ ਅਤੇ ਨਿਆਂਪਸੰਦ ਸ਼ਾਸਕ ਸਨ। ਉਨ੍ਹਾਂ ਨੇ ਆਪਣੇ ਸ਼ਾਸਨਕਾਲ ਦੌਰਾਨ ਲੋਕਾਂ ਦੇ ਹਿੱਤ ਵਿੱਚ ਕਈ ਕੰਮ ਕੀਤੇ ਅਤੇ ਸੁਸ਼ਾਸਨ ਦੀ ਮਿਸਾਲ ਪੇਸ਼ ਕੀਤੀ। ਉਨ੍ਹਾਂ ਦਾ ਜੀਵਨ ਸਾਨੂੰ ਸੱਚਾਈ, ਨਿਆਂ, ਬਹਾਦਰੀ ਅਤੇ ਲੋਕ ਸੇਵਾ ਦੀ ਪ੍ਰੇਰਣਾ ਦਿੰਦਾ ਹੈ। ਸਾਡੀ ਸਰਕਾਰ ਮਹਾਨ ਸ਼ਖ਼ਸੀਅਤਾਂ ਅਤੇ ਸੰਤਾਂ ਦੀ ਵਿਰਾਸਤ ਨੂੰ ਸੰਭਾਲਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਸਰਕਾਰ ਵੱਲੋਂ ਸੂਬੇ ਭਰ ਵਿੱਚ ਮਹਾਨ ਸ਼ਖ਼ਸੀਅਤਾਂ ਦੇ ਬੁੱਤ, ਯਾਦਗਾਰਾਂ ਅਤੇ ਭਵਨ ਬਣਾਏ ਜਾ ਰਹੇ ਹਨ।

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਮੰਗਲਵਾਰ ਨੂੰ ਲਾਡਵਾ ਸ਼ਹਿਰ ਵਿੱਚ ਕੁਰੂਕਸ਼ੇਤਰ-ਯਮੁਨਾਨਗਰ ਮਾਰਗ 'ਤੇ ਸਥਾਪਤ ਸੈਣੀ ਸਮਾਜ ਦੇ ਮਾਣ, ਚੱਕਰਵਰਤੀ ਸਮਰਾਟ ਮਹਾਰਾਜਾ ਸ਼ੂਰਸੈਨੀ ਜੀ ਦੇ ਸ਼ਾਨਦਾਰ ਬੁੱਤ ਦਾ ਵਿਧੀਵਤ ਉਦਘਾਟਨ ਕੀਤਾ। ਇਹ ਬੁੱਤ ਹਰਿਆਣਾ ਦੇ ਸ਼ਹਿਰੀ ਸਥਾਨਕ ਸਰਕਾਰ ਵਿਭਾਗ ਵੱਲੋਂ ਲਗਭਗ 98 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕਰਵਾਇਆ ਗਿਆ ਹੈ।



ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਹਾਰਾਜਾ ਸ਼ੂਰਸੈਨੀ ਜੀ ਦੇ ਬੁੱਤ ਨਾਲ ਲਾਡਵਾ ਸ਼ਹਿਰ ਨੂੰ ਇੱਕ ਇਤਿਹਾਸਕ ਅਤੇ ਸੱਭਿਆਚਾਰਕ ਵਿਰਾਸਤ ਵਜੋਂ ਨਵੀਂ ਪਛਾਣ ਮਿਲੀ ਹੈ। ਬੁੱਤ ਵਾਲੀ ਥਾਂ ਨੂੰ ਆਕਰਸ਼ਕ ਲਾਈਟਾਂ, ਸੁੰਦਰੀਕਰਨ ਅਤੇ ਪਾਰਕ ਵਜੋਂ ਵਿਕਸਤ ਕੀਤਾ ਗਿਆ ਹੈ, ਜੋ ਹੁਣ ਸ਼ਹਿਰ ਦਾ ਮੁੱਖ ਖਿੱਚ ਦਾ ਕੇਂਦਰ ਬਣੇਗਾ। ਲਾਡਵਾ ਵਿੱਚ ਸਥਾਪਤ ਮਹਾਰਾਜਾ ਸ਼ੂਰਸੈਨੀ ਜੀ ਦਾ ਇਹ ਬੁੱਤ ਨੌਜਵਾਨਾਂ ਨੂੰ ਉਨ੍ਹਾਂ ਦੇ ਆਦਰਸ਼ਾਂ 'ਤੇ ਚੱਲਣ ਲਈ ਪ੍ਰੇਰਿਤ ਕਰੇਗਾ।

ਉਨ੍ਹਾਂ ਕਿਹਾ ਕਿ ਸੈਣੀ ਸਮਾਜ ਨੇ ਹਮੇਸ਼ਾ ਦੇਸ਼ ਅਤੇ ਸੂਬੇ ਦੇ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਇਸ ਸਮਾਜ ਦੇ ਲੋਕ ਮਿਹਨਤੀ, ਇਮਾਨਦਾਰ ਅਤੇ ਦੇਸ਼ ਭਗਤ ਹਨ। ਸੂਬਾ ਸਰਕਾਰ 'ਸਭ ਦਾ ਸਾਥ, ਸਭ ਦਾ ਵਿਕਾਸ ਅਤੇ ਸਭ ਦਾ ਵਿਸ਼ਵਾਸ' ਦੇ ਮੂਲ ਮੰਤਰ 'ਤੇ ਕੰਮ ਕਰਦਿਆਂ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਲਾਡਵਾ ਖੇਤਰ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਛੱਡੀ ਜਾਵੇਗੀ। ਸਰਕਾਰ ਵੱਲੋਂ ਲਾਡਵਾ ਵਿੱਚ ਵਿਕਾਸ ਕਾਰਜਾਂ ਲਈ ਕਰੋੜਾਂ ਰੁਪਏ ਦੀਆਂ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। ਸ਼ਹਿਰ ਵਿੱਚ ਸੜਕਾਂ, ਸਫ਼ਾਈ ਪ੍ਰਬੰਧ, ਪੀਣ ਵਾਲੇ ਪਾਣੀ, ਸਿੱਖਿਆ ਅਤੇ ਸਿਹਤ ਦੇ ਖੇਤਰਾਂ ਵਿੱਚ ਲਗਾਤਾਰ ਸੁਧਾਰ ਕੀਤਾ ਜਾ ਰਿਹਾ ਹੈ। ਇਸ ਬੁੱਤ ਦੇ ਨਿਰਮਾਣ ਨਾਲ ਨਾ ਸਿਰਫ਼ ਸ਼ਹਿਰ ਦੀ ਸੁੰਦਰਤਾ ਵਧੀ ਹੈ, ਸਗੋਂ ਇੱਥੇ ਸੈਰ-ਸਪਾਟੇ ਨੂੰ ਵੀ ਹੁਲਾਰਾ ਮਿਲੇਗਾ।

ਉਨ੍ਹਾਂ ਕਿਹਾ ਕਿ 98 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਗਿਆ ਇਹ ਬੁੱਤ ਸਿਰਫ਼ ਇੱਕ ਮੂਰਤੀ ਨਹੀਂ ਹੈ, ਸਗੋਂ ਸਾਡੀ ਸੱਭਿਆਚਾਰ, ਇਤਿਹਾਸ ਅਤੇ ਮਾਣ-ਸਨਮਾਨ ਦਾ ਪ੍ਰਤੀਕ ਹੈ। ਉਨ੍ਹਾਂ ਨੇ ਨਗਰ ਪਾਲਿਕਾ ਲਾਡਵਾ ਅਤੇ ਸ਼ਹਿਰੀ ਸਥਾਨਕ ਸਰਕਾਰ ਵਿਭਾਗ ਦੇ ਅਧਿਕਾਰੀਆਂ ਨੂੰ ਸੁੰਦਰ ਅਤੇ ਸਮੇਂ ਸਿਰ ਕੰਮ ਪੂਰਾ ਕਰਨ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਨਗਰ ਪਾਲਿਕਾ ਵੱਲੋਂ ਮਹਾਰਾਜਾ ਸ਼ੂਰਸੈਨੀ ਚੌਕ ਨੂੰ ਇੱਕ ਮਾਡਲ ਚੌਕ ਵਜੋਂ ਵਿਕਸਤ ਕੀਤਾ ਗਿਆ ਹੈ। ਇੱਥੇ ਸੁਰੱਖਿਆ, ਸੁੰਦਰੀਕਰਨ, ਲਾਈਟਾਂ ਅਤੇ ਆਵਾਜਾਈ ਪ੍ਰਬੰਧਾਂ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਵਿਸ਼ਰਾਮ ਕੁਮਾਰ ਮੀਣਾ, ਚੇਅਰਮੈਨ ਗੁਰਨਾਮ ਸੈਣੀ, ਨਗਰ ਪਾਲਿਕਾ ਲਾਡਵਾ ਦੀ ਚੇਅਰਪਰਸਨ ਸਾਕਸ਼ੀ ਖੁਰਾਨਾ, ਚੇਅਰਮੈਨ ਡਾ. ਗਣੇਸ਼ ਦੱਤ ਸਮੇਤ ਕੌਂਸਲਰ, ਸਮਾਜਿਕ ਸੰਸਥਾਵਾਂ ਦੇ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਪਤਵੰਤੇ ਨਾਗਰਿਕ ਮੌਜੂਦ ਸਨ।

# ਸੂਰਜਕੁੰਡ ਵਿੱਚ ਸਜੇਗਾ ਦੀਵਾਲੀ ਮੇਲੇ ਦਾ ਸ਼ਾਨਦਾਰ ਰੰਗ, ਮੁੱਖ ਮੰਤਰੀ ਨਾਇਬ ਸਿੰਘ ਸੈਣੀ ਕਰਨਗੇ ਤੀਜੇ ਮੇਲੇ ਦਾ ਉਦਘਾਟਨ

**ਚੰਡੀਗੜ੍ਹ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੀ ਅਮੀਰ ਸੱਭਿਆਚਾਰਕ ਵਿਰਾਸਤ, ਲੋਕ ਪਰੰਪਰਾਵਾਂ ਅਤੇ ਰਵਾਇਤੀ ਦਸਤਕਾਰੀ ਨੂੰ ਨਵਾਂ ਆਯਾਮ ਦੇਣ ਲਈ ਫਰੀਦਾਬਾਦ ਸਥਿਤ ਸੂਰਜਕੁੰਡ ਮੇਲਾ ਕੰਪਲੈਕਸ ਇੱਕ ਵਾਰ ਫਿਰ ਤਿਉਹਾਰੀ ਰੰਗਾਂ ਨਾਲ ਰੌਸ਼ਨ ਹੋਣ ਜਾ ਰਿਹਾ ਹੈ। 23 ਤੋਂ 26 ਅਕਤੂਬਰ ਤੱਕ ਲੱਗਣ ਵਾਲੇ ਤੀਜੇ ਸੂਰਜਕੁੰਡ ਦੀਵਾਲੀ ਮੇਲੇ ਦਾ ਉਦਘਾਟਨ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਕਰਨਗੇ।ਇਸ ਮੌਕੇ ਸੂਬੇ ਦੇ ਵਿਰਾਸਤ ਅਤੇ ਸੈਰ-ਸਪਾਟਾ ਮੰਤਰੀ ਡਾ. ਅਰਵਿੰਦ ਸ਼ਰਮਾ ਵਿਸ਼ੇਸ਼ ਤੌਰ 'ਤੇ ਮੌਜੂਦ ਰਹਿਣਗੇ, ਜਦਕਿ 26 ਅਕਤੂਬਰ ਨੂੰ ਕੇਂਦਰੀ ਮੰਤਰੀ ਸ਼੍ਰੀ ਮਨੋਹਰ ਲਾਲ ਸਮਾਪਤੀ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।

ਚਾਰ ਰੋਜ਼ਾ ਇਹ ਮੇਲਾ ਦੀਵਾਲੀ ਦੀਆਂ ਖੁਸ਼ੀਆਂ, ਭਾਰਤੀ ਕਲਾ-ਸੱਭਿਆਚਾਰ, ਦਸਤਕਾਰੀ, ਲੋਕ ਸੰਗੀਤ, ਰਵਾਇਤੀ ਪਕਵਾਨਾਂ ਅਤੇ ਪਰਿਵਾਰਕ ਮਨੋਰੰਜਨ ਦਾ ਆਕਰਸ਼ਕ ਸੰਗਮ ਬਣੇਗਾ। ਲਗਭਗ 300 ਸਟਾਲਾਂ ਰਾਹੀਂ ਦੇਸ਼ ਦੇ ਕਾਰੀਗਰਾਂ ਅਤੇ ਦਸਤਕਾਰਾਂ ਦੀ ਕਲਾ ਨੂੰ ਪ੍ਰਦਰਸ਼ਿਤ ਕਰਨ ਦੇ ਨਾਲ-ਨਾਲ ਲੋਕਾਂ ਨੂੰ ਤਿਉਹਾਰਾਂ ਦੀ ਖਰੀਦਦਾਰੀ ਦਾ ਵਿਸ਼ੇਸ਼ ਤਜਰਬਾ ਵੀ ਮਿਲੇਗਾ। ਹਰਿਆਣਾ ਸੈਰ-ਸਪਾਟਾ ਵਿਭਾਗ ਵੱਲੋਂ ਮੇਲੇ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ। ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਅਤੇ ਸੈਰ-ਸਪਾਟੇ ਨੂੰ ਨਵੀਆਂ ਉਚਾਈਆਂ 'ਤੇ ਲਿਜਾਣ ਦਾ ਯਤਨ

ਵਿਰਾਸਤ ਅਤੇ ਸੈਰ-ਸਪਾਟਾ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਸੂਰਜਕੁੰਡ ਦੀਵਾਲੀ ਮੇਲਾ ਸਿਰਫ਼ ਖਰੀਦਦਾਰੀ ਅਤੇ ਮਨੋਰੰਜਨ ਦਾ ਸਮਾਗਮ ਨਹੀਂ ਹੈ, ਸਗੋਂ ਇਹ ਭਾਰਤ ਦੀ ਸੱਭਿਆਚਾਰਕ ਵਿਭਿੰਨਤਾ, ਰਵਾਇਤੀ ਕਲਾਵਾਂ ਅਤੇ ਪੀੜ੍ਹੀਆਂ ਤੋਂ ਚੱਲੀਆਂ ਆ ਰਹੀਆਂ ਦਸਤਕਾਰੀ ਦੀਆਂ ਪਰੰਪਰਾਵਾਂ ਨੂੰ ਸਨਮਾਨ ਦੇਣ ਵਾਲਾ ਮਹੱਤਵਪੂਰਨ ਮੰਚ ਹੈ।ਇਹ ਸਮਾਗਮ ਸਥਾਨਕ ਕਾਰੀਗਰਾਂ ਅਤੇ ਦਸਤਕਾਰਾਂ ਨੂੰ ਆਪਣੀ ਕਲਾ ਦਾ ਪ੍ਰਦਰਸ਼ਨ ਕਰਨ, ਆਪਣੇ ਉਤਪਾਦ ਸਿੱਧੇ ਗਾਹਕਾਂ ਤੱਕ ਪਹੁੰਚਾਉਣ ਅਤੇ ਨਵੇਂ ਬਾਜ਼ਾਰਾਂ ਨਾਲ ਜੁੜਨ ਦਾ ਮੌਕਾ ਪ੍ਰਦਾਨ ਕਰੇਗਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਦੀ ਸੱਭਿਆਚਾਰਕ ਵਿਰਾਸਤ ਨੂੰ ਵਿਸ਼ਵ ਪੱਧਰ 'ਤੇ ਪਛਾਣ ਦਿਵਾਉਣ ਦੇ ਯਤਨਾਂ ਨੂੰ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਰਿਆਣਾ ਸਰਕਾਰ ਅੱਗੇ ਵਧਾ ਰਹੀ ਹੈ। ਸੂਬਾ ਸਰਕਾਰ ਇਤਿਹਾਸਕ ਵਿਰਾਸਤ ਦੀ ਸੰਭਾਲ, ਲੋਕ ਸੱਭਿਆਚਾਰ ਦੇ ਵਿਕਾਸ ਅਤੇ ਸੈਰ-ਸਪਾਟੇ ਦੀਆਂ ਗਤੀਵਿਧੀਆਂ ਦੇ ਵਿਸਥਾਰ ਲਈ ਵਚਨਬੱਧ ਹੈ। ਸੂਰਜਕੁੰਡ ਵਰਗੇ ਸਮਾਗਮ ਇਸ ਸੋਚ ਨੂੰ ਅਮਲੀ ਰੂਪ ਦੇਣ ਦੇ ਨਾਲ ਹਰਿਆਣਾ ਦੀ ਸੱਭਿਆਚਾਰਕ ਪਛਾਣ ਨੂੰ ਹੋਰ ਮਜ਼ਬੂਤ ਕਰਦੇ ਹਨ।

# 26 ਤੇ 27 ਅਕਤੂਬਰ ਨੂੰ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ 'ਤੇ ਸ਼ਰਾਬ ਠੇਕੇ ਤੇ ਮੀਟ ਦੀਆਂ ਦੁਕਾਨਾਂ ਬੰਦ ਕੀਤੀਆਂ ਜਾਣ : ਭੋਮਾ




**ਅਮ੍ਰਿਤਸਰ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜ ਸੁਧਾਰ ਸੰਸਥਾ ਪੰਜਾਬ ਦੇ ਪ੍ਰਧਾਨ ਰਣਜੀਤ ਸਿੰਘ ਭੋਮਾ ਦੀ ਅਗਵਾਈ ਹੇਠ ਅੱਜ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੀ ਗੈਰ-ਮੌਜੂਦਗੀ ਵਿੱਚ ਸਹਾਇਕ ਕਮਿਸ਼ਨਰ ਅੰਮ੍ਰਿਤਸਰ ਸਿਟੀ-1 ਮੈਡਮ ਪ੍ਰਗਤੀ ਸੇਠੀ ਨੂੰ ਮੰਗ ਪੱਤਰ ਸੌਂਪਿਆ ਗਿਆ ਮੰਗ ਵਿੱਚ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ 26 ਅਤੇ 27 ਅਕਤੂਬਰ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਜਾਣ ਵਾਲੇ ਰਸਤਿਆਂ, ਬਾਜ਼ਾਰਾਂ ਅਤੇ ਗੇਟਾਂ ਨੇੜੇ ਸ਼ਰਾਬ ਦੇ ਠੇਕੇ, ਪਾਨ, ਬੀੜੀਆਂ ਤੇ ਮੀਟ ਵਾਲੀਆਂ ਦੁਕਾਨਾਂ ਪੱਕੇ ਤੌਰ ਬੰਦ ਰੱਖਣ ਦੀ ਮੰਗ ਕੀਤੀ ਗਈ। ਪੰਜਾਬ ਦੇ ਮੁੱਖ ਮੰਤਰੀ ਪੰਜਾਬ ਵੱਲੋਂ ਐਲਾਨਿਆ ਪਵਿੱਤਰ ਸ਼ਹਿਰ ਦੇ ਦਰਜੇ ਨੂੰ ਲਾਗੂ ਕਰਕੇ, ਚੌਕ ਮਹਾ ਸਿੰਘ ਗੇਟ ਵਿਖੇ ਸੁੰਦਰ ਸੁਨਹਿਰੀ ਗੇਟ ਬਣਾਇਆ ਜਾਵੇ ਤੇ ਨਾਲ ਹੀ ਸੰਗਤਾਂ ਲਈ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਉਣ ਅਤੇ ਵਿਰਾਸਤੀ ਮਾਰਗ ਤੇ ਮੰਗਣ ਵਾਲੇ ਸੰਗਤਾਂ ਨੂੰ ਬਹੁਤ ਤੰਗ ਪ੍ਰੇਸ਼ਾਨ ਕਰਦੇ ਹਨ ਤੇ ਚੋਰੀ ਦੀਆਂ ਵਾਰਦਾਤਾਂ ਕਰਦੇ ਹਨ ਇਨ੍ਹਾਂ ਨੂੰ ਨੱਥ ਪਾਈ ਜਾਵੇ। ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਸਬੰਧੀ ਕੀਤੇ ਐਲਾਨ ਨੂੰ ਅਮਲੀ ਰੂਪ ਦੇਣ ਦੀ ਸਥਿੱਤੀ ਸਪੱਸ਼ਟ ਹੋਣੀ ਚਾਹੀਦੀ ਹੈ, ਛੇ ਮਹੀਨੇ ਬੀਤ ਜਾਣ ਤੇ ਕੋਈ ਪਵਿੱਤਰਤਾ ਬਹਾਲੀ ਨਹੀਂ ਹੋਈ , ਵੱਖ ਵੱਖ ਪ੍ਰਸ਼ਾਸਨ ਅਧਿਕਾਰੀਆਂ ਵੱਲੋਂ ਅਣਗਿਹਿਲੀ ਵਰਤ ਕੇ ਕੀਤੇ ਐਲਾਨ ਨੂੰ ਮੁੱਖ ਮੰਤਰੀ ਪੰਜਾਬ ਵੱਲੋ ਅਦੇਸ ਤੇ ਡਿਪਟੀ ਕਮਿਸਨਰ ਅੰਮਿਤਸਰ ਦੇ ਅਦੇਸ਼ਾਂ ਨੂੰ ਹਾਸੋਹੀਣਾ ਮਜਾਕ ਡਸਟਬੀਨ ਵਿੱਚ ਸੁੱਟਿਆ ਹੋਇਆ ਹੈ। ਉਨ੍ਹਾਂ ਦੇ ਅਦੇਸ਼ਾਂ ਦੀ ਤੌਹੀਨ ਕੀਤੀ ਗਈ ਹੈ, ਅਫਸਰਾਂ ਦੀ ਜੁਆਬ ਤਲਬੀ ਕੀਤੀ ਜਾਵੇ ਅਤੇ ਪਹਿਲ ਦੇ ਅਧਾਰ ਤੇ ਚੌਕ ਮਹਾ ਸਿੰਘ ਗੇਟ ਅਤੇ ਬੱਸ ਸਟੈਂਡ ਦੇ ਨੇੜੇ ਸ਼ਰਾਬ ਦੇ ਠੇਕਿਆਂ ਅਤੇ ਮੀਟ ਤੇ ਪਾਨ-ਬੀੜੀ ਦੀਆਂ ਦੁਕਾਨਾਂ ਤੇ ਹਾਲ ਗੇਟ ਤੇ ਕਹੀਆਂ ਵਾਲੇ ਬਜਾਰਾਂ ਵਿੱਚ ਮੀਟ, ਮੱਛੀ, ਪਾਨ, ਬੀੜੀਆਂ ਵਾਲੀਆ ਦੁਕਾਨਾਂ ਸਾਰੀਆਂ ਪੱਕੇ ਤੌਰ ਬੰਦ ਹੋਣੀਆਂ ਚਾਹੀਦੀਆਂ ਹਨ ਤੇ ਪਵਿੱਤਰ ਸ਼ਹਿਰ ਦਾ ਦਰਜਾ ਪੂਰੀ ਤਰ੍ਹਾਂ ਲਾਗੂ ਕੀਤਾ ਜਾਵੇ।

ਸ੍ਰੀ ਹਰਿਮੰਦਰ ਸਾਹਿਬ ਨੂੰ ਜਾਂਦੇ ਬਾਜ਼ਾਰਾਂ ਦੀਆਂ ਸੜਕਾਂ ਵਧੀਆ ਬਣਾਈਆਂ ਜਾਣ ਤੇ ਸਟਰੀਟ ਲਾਈਟਾਂ ਸਾਰੇ ਥਾਵਾਂ ਤੇ ਲਗਾਈਆਂ ਜਾਣ। ਇਸ ਸਬੰਧੀ ਮੰਗ ਪੱਤਰ ਪ੍ਰਾਪਤ ਕਰਨ ਮੌਕੇ ਮੈਡਮ ਪ੍ਰਗਤੀ ਸੇਠੀ, ਸਹਾਇਕ ਕਮਿਸ਼ਨਰ ਰਾਜ ਕਰ ਅੰਮ੍ਰਿਤਸਰ ਸਿਟੀ-1 ਨੇ ਮੰਗਾਂ ਅਨੁਸਾਰ ਕਾਰਵਾਈ ਅਮਲ ਵਿਚ ਲਿਆਉਣ ਦਾ ਭਰੋਸਾ ਦਿੱਤਾ।

ਇਸ ਮੌਕੇ ਜਸਵੰਤ ਸਿੰਘ ਸੋਹਲ ਤਰਨ ਤਾਰਨ, ਸੂਬੇਦਾਰ ਗੁਰਮੀਤ ਸਿੰਘ, ਡਾ. ਸੁਖਦੀਪ ਸਿੰਘ ਨਾਗ, ਪ੍ਰਧਾਨ ਸਤਨਾਮ ਸਿੰਘ ਭਗਵਾਂ, ਚੇਅਰਮੈਨ ਗੁਰਚਰਨ ਸਿੰਘ , ਜਗਤਾਰ ਸਿੰਘ, ਸੁਖਰਾਜ ਸਿੰਘ ਸੋਹਲ, ਸਤਨਾਮ ਸਿੰਘ ਨਾਗ, ਸਰਪੰਚ ਦੁਰਗਾ ਦਾਸ, ਇੰਜੀਨੀਅਰ ਦਲਜੀਤ ਸਿੰਘ ਕੋਹਲੀ ਪ੍ਰਧਾਨ ਅੰਮ੍ਰਿਤਸਰ ਹਰਿਆਵਲ ਮੰਚ, ਡਾ. ਨਿਰਮਲ ਸਿੰਘ ਆਨੰਦ, ਅਵਤਾਰ ਸਿੰਘ ਬੁੱਟਰ, ਤੇਜਿੰਦਰ ਸਿੰਘ ਢਿੱਲੋਂ, ਸੁਖਬੀਰ ਸਿੰਘ ਨਾਗ ਕਲਾਂ, ਮਨਵੀਰ ਸਿੰਘ ਵਡਾਲਾ, ਬੀਬੀ ਅਮਨਦੀਪ ਕੌਰ ਅੰਮਿਤਸਰ ਬੀਬੀ ਸੁਰਿੰਦਰ ਕੌਰ ਵੇਰਕਾ, ਬੀਬੀ ਜਸਬੀਰ ਕੌਰ ਰਜਵੰਤ ਕੌਰ ਮੀਰਾਂਕੋਟ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਗੁਰੂ ਨਾਨਕ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਕੀਤਾ ਸਿੱਧਾ ਸੰਵਾਦ




**ਲੁਧਿਆਣਾ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਗੁਰੂ ਨਾਨਕ ਪਬਲਿਕ ਸਕੂਲ, ਸਰਾਭਾ ਨਗਰ ਦੇ ਵਿਦਿਆਰਥੀਆਂ ਨੇ 15 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨਾਲ ਸਿੱਧਾ ਸੰਵਾਦ ਕੀਤਾ। ਸਕੂਲ ਦੀ ਪ੍ਰਿੰਸੀਪਲ ਡਾ. ਗਿਨਾਕਸ਼ੀ ਕਪੂਰ ਦੀ ਅਗਵਾਈ ਹੇਠ 'ਬਿਓਂਡ ਬੁਕਸ' ਪਹਿਲ ਤਹਿਤ ਕਰਵਾਏ ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਕਿਤਾਬੀ ਸਿੱਖਿਆ ਤੋਂ ਅੱਗੇ ਵਧ ਕੇ ਅਸਲ ਜ਼ਿੰਦਗੀ ਦੇ ਤਜਰਬਿਆਂ ਨਾਲ ਜੋੜਨਾ ਸੀ। ਸੰਵਾਦ ਦੌਰਾਨ ਵਿਦਿਆਰਥੀਆਂ ਨੇ ਬੋਰਡ ਪ੍ਰੀਖਿਆਵਾਂ ਦੇ ਤਣਾਅ, ਪੜ੍ਹਾਈ ਦੇ ਦਬਾਅ, ਮਾਨਸਿਕ ਸਿਹਤ ਅਤੇ ਪ੍ਰੀਖਿਆਵਾਂ ਦੀ ਤਿਆਰੀ ਸਬੰਧੀ ਸਵਾਲ ਪੁੱਛੇ। ਡਾ. ਕਪੂਰ ਨੇ ਕਿਹਾ ਕਿ ਇਸ ਪਹਿਲ ਦਾ ਮਕਸਦ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਸੰਚਾਰ ਹੁਨਰ, ਅਗਵਾਈ ਦੀ ਸਮਰੱਥਾ ਅਤੇ ਆਪਣੇ ਵਿਚਾਰ ਨਿਡਰਤਾ ਨਾਲ ਪ੍ਰਗਟ ਕਰਨ ਦੀ ਯੋਗਤਾ ਵਿਕਸਿਤ ਕਰਨਾ ਹੈ। ਉਨ੍ਹਾਂ ਸਿੱਖਿਆ ਮੰਤਰੀ ਵੱਲੋਂ ਸਮਾਂ ਦੇਣ ਅਤੇ ਸਕੂਲ ਪ੍ਰਬੰਧਕ ਕਮੇਟੀ, ਅਧਿਆਪਕਾਂ ਤੇ ਮਾਪਿਆਂ ਵੱਲੋਂ ਮਿਲੇ ਸਹਿਯੋਗ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਿੱਖਿਆ ਦਾ ਅਸਲ ਉਦੇਸ਼ ਵਿਦਿਆਰਥੀਆਂ ਨੂੰ ਸਿਰਫ਼ ਪ੍ਰੀਖਿਆਵਾਂ ਲਈ ਤਿਆਰ ਕਰਨਾ ਨਹੀਂ, ਸਗੋਂ ਉਨ੍ਹਾਂ ਨੂੰ ਭਵਿੱਖ ਦੇ ਆਤਮ-ਵਿਸ਼ਵਾਸੀ ਅਤੇ ਸਮਰੱਥ ਆਗੂ ਬਣਾਉਣਾ ਹੈ।

# ਐਮ.ਆਰ.ਐੱਸ.ਪੀ.ਟੀ.ਯੂ. ਵੱਲੋਂ ਵਿਸ਼ਵ ਖੁਰਾਕ ਦਿਵਸ ਮੌਕੇ ਮਾਹਿਰ ਭਾਸ਼ਣ ਅਤੇ 'ਬਿਨਾਂ ਅੱਗ ਦੇ ਭੋਜਨ ਤਿਆਰ ਕਰਨ' ਦੇ ਮੁਕਾਬਲੇ ਕਰਵਾਏ




**ਬਠਿੰਡਾ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮ.ਆਰ.ਐੱਸ.ਪੀ.ਟੀ.ਯੂ.), ਬਠਿੰਡਾ ਦੇ ਸਕੂਲ ਆਫ਼ ਐਗਰੀਕਲਚਰ ਸਾਇੰਸਿਜ਼ ਐਂਡ ਇੰਜਨੀਅਰਿੰਗ ਵੱਲੋਂ ਰਾਸ਼ਟਰੀ ਸੇਵਾ ਯੋਜਨਾ (ਐੱਨ.ਐੱਸ.ਐੱਸ.) ਇਕਾਈ ਦੇ ਸਹਿਯੋਗ ਨਾਲ ਵਿਸ਼ਵ ਖੁਰਾਕ ਦਿਵਸ ਮੌਕੇ ਮਾਹਿਰ ਭਾਸ਼ਣ ਅਤੇ 'ਬਿਨਾਂ ਅੱਗ ਦੇ ਭੋਜਨ ਤਿਆਰ ਕਰਨ' ਦਾ ਦਿਲਚਸਪ ਮੁਕਾਬਲਾ ਕਰਵਾਇਆ ਗਿਆ।

ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਖੁਰਾਕ ਸੁਰੱਖਿਆ, ਪੌਸ਼ਟਿਕਤਾ, ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ, ਵਾਤਾਵਰਣ-ਪੱਖੀ ਤਰੀਕਿਆਂ ਅਤੇ ਭੋਜਨ ਦੀ ਸੁਚੱਜੀ ਵਰਤੋਂ ਪ੍ਰਤੀ ਜਾਗਰੂਕ ਕਰਨਾ ਸੀ।

ਬਾਬਾ ਫ਼ਰੀਦ ਕਾਲਜ ਆਫ਼ ਇੰਜਨੀਅਰਿੰਗ ਐਂਡ ਟੈਕਨਾਲੋਜੀ, ਬਠਿੰਡਾ ਦੇ ਸਹਾਇਕ ਪ੍ਰੋਫੈਸਰ ਡਾ. ਜਸ਼ਨਦੀਪ ਸਿੰਘ ਨੇ ਮਾਹਿਰ ਭਾਸ਼ਣ ਦਿੰਦਿਆਂ ਸੰਤੁਲਿਤ ਖੁਰਾਕ, ਟਿਕਾਊ ਭੋਜਨ ਪ੍ਰਣਾਲੀਆਂ, ਸੋਚ-ਸਮਝ ਕੇ ਖੁਰਾਕ ਦੀ ਚੋਣ ਕਰਨ ਅਤੇ ਭੋਜਨ ਦੀ ਬਰਬਾਦੀ ਘਟਾਉਣ ਦੀ ਮਹੱਤਤਾ ਬਾਰੇ ਚਾਨਣਾ ਪਾਇਆ।

'ਬਿਨਾਂ ਅੱਗ ਦੇ ਭੋਜਨ ਤਿਆਰ ਕਰਨ' ਦੇ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਆਪਣੀ ਰਸੋਈ ਕਲਾ ਅਤੇ ਪੌਸ਼ਟਿਕ ਖੁਰਾਕ ਸਬੰਧੀ ਜਾਣਕਾਰੀ ਦਾ ਪ੍ਰਦਰਸ਼ਨ ਕੀਤਾ। ਭਾਗੀਦਾਰਾਂ ਨੇ ਬਿਨਾਂ ਅੱਗ ਦੀ ਵਰਤੋਂ ਕੀਤੇ ਵੱਖ-ਵੱਖ ਪਕਵਾਨ ਤਿਆਰ ਕੀਤੇ।

ਇਸ ਦੌਰਾਨ ਸਿਹਤਮੰਦ ਸਮੱਗਰੀ, ਸਫ਼ਾਈ, ਪਕਵਾਨਾਂ ਦੀ ਸਜਾਵਟ ਅਤੇ ਸਰੋਤਾਂ ਦੀ ਸੁਚੱਜੀ ਵਰਤੋਂ ਵੱਲ ਵਿਸ਼ੇਸ਼ ਧਿਆਨ ਦਿੱਤਾ ਗਿਆ।

ਮੁਕਾਬਲੇ ਵਿੱਚ ਇਰਵਨਦੀਪ ਕੌਰ ਅਤੇ ਦੀਪਇੰਦਰ ਕੌਰ ਨੇ ਸਾਂਝੇ ਤੌਰ 'ਤੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਨੂਰਦੀਪ ਨੇ ਦੂਜਾ ਅਤੇ ਸਿਮਰਨ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਇਹ ਪ੍ਰੋਗਰਾਮ ਵਿਭਾਗ ਦੇ ਮੁਖੀ ਪ੍ਰੋ. ਜਸਵੀਰ ਸਿੰਘ ਟਿਵਾਣਾ, ਐੱਨ.ਐੱਸ.ਐੱਸ. ਕੋਆਰਡੀਨੇਟਰ ਡਾ. ਅਭਿਲਾਸ਼ਾ, ਸਹਾਇਕ ਪ੍ਰੋਫੈਸਰ ਅਤੇ ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰ (ਸੀ.ਐੱਸ.ਈ.) ਡਾ. ਸਵਾਤੀ, ਸਹਾਇਕ ਪ੍ਰੋਫੈਸਰ ਅਤੇ ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰ ਡਾ. ਵਿਨੀਤ ਚਾਵਲਾ, ਡਾ. ਕੰਵਲਜੀਤ ਸਿੰਘ, ਇੰਜ. ਜਤਿੰਦਰ ਕੁਮਾਰ ਅਤੇ ਇੰਜ. ਰਜਿੰਦਰ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ। ਐੱਨ.ਐੱਸ.ਐੱਸ. ਦੀ ਸਹਿ-ਕੋਆਰਡੀਨੇਟਰ ਮਿਸ ਸਿਮਰਨਪ੍ਰੀਤ ਕੌਰ ਨੇ ਦੋਵਾਂ ਗਤੀਵਿਧੀਆਂ ਦੇ ਪ੍ਰਬੰਧਾਂ ਵਿੱਚ ਅਹਿਮ ਯੋਗਦਾਨ ਪਾਇਆ।

ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਸੰਜੀਵ ਕੁਮਾਰ ਸ਼ਰਮਾ ਅਤੇ ਰਜਿਸਟਰਾਰ ਪ੍ਰੋ. ਪਰਮਜੀਤ ਸਿੰਘ ਨੇ ਸਕੂਲ ਆਫ਼ ਐਗਰੀਕਲਚਰ ਸਾਇੰਸਿਜ਼ ਐਂਡ ਇੰਜਨੀਅਰਿੰਗ ਅਤੇ ਐੱਨ.ਐੱਸ.ਐੱਸ. ਇਕਾਈ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਵਿਦਿਆਰਥੀਆਂ ਵਿੱਚ ਪੌਸ਼ਟਿਕ ਖੁਰਾਕ, ਭੋਜਨ ਦੀ ਟਿਕਾਊ ਵਰਤੋਂ ਅਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਵਿੱਚ ਸਹਾਈ ਹੁੰਦੀਆਂ ਹਨ।

ਪ੍ਰੋਗਰਾਮ ਦੀ ਸਮਾਪਤੀ ਮੌਕੇ ਭੋਜਨ ਦੀ ਬਰਬਾਦੀ ਰੋਕਣ, ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਅਪਣਾਉਣ ਅਤੇ ਸਿਹਤਮੰਦ ਭਵਿੱਖ ਲਈ ਵਾਤਾਵਰਣ-ਪੱਖੀ ਖੁਰਾਕ ਪ੍ਰਥਾਵਾਂ ਨੂੰ ਉਤਸ਼ਾਹਿਤ ਕਰਨ ਦਾ ਸੁਨੇਹਾ ਦਿੱਤਾ ਗਿਆ।

# 'ਮੇਰੀ ਦੁਕਾਨ, ਮੇਰੇ ਨਾਮ' ਯੋਜਨਾ ਸ਼ੁਰੂ ਕਰਨਾ ਆਪ ਸਰਕਾਰ ਦਾ ਵੱਡਾ ਤੇ ਸ਼ਲਾਘਾਯੋਗ, ਫੈਸਲਾ: ਪ੍ਰਧਾਨ ਮੋਹਿਤ ਕੁੰਦਰਾ

**ਮਾਛੀਵਾੜਾ ਸਾਹਿਬ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਜ਼ਾਰਾਂ ਦੁਕਾਨਦਾਰਾਂ ਲਈ ਇੱਕ ਇਤਿਹਾਸਕ ਫੈਸਲਾ ਲਿਆ ਗਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਥਾਨਕ ਨਿਕਾਏ ਮੰਤਰੀ ਹਰਜੋਤ ਸਿੰਘ ਬੈਂਸ ਨੇ ਅਕਤੂਬਰ 2026 ਵਿੱਚ *'ਮੇਰੀ ਦੁਕਾਨ, ਮੇਰੇ ਨਾਮ'* ਯੋਜਨਾ ਦੀ ਰਸਮੀ ਸ਼ੁਰੂਆਤ ਕਰ ਦਿੱਤੀ ਹੈ।ਇਸ ਯੋਜਨਾ ਤਹਿਤ ਨਗਰ ਨਿਗਮ, ਨਗਰ ਕੌਂਸਲ ਅਤੇ ਨਗਰ ਪੰਚਾਇਤ ਦੀਆਂ ਦੁਕਾਨਾਂ 'ਤੇ ਲੰਬੇ ਸਮੇਂ ਤੋਂ ਕਿਰਾਏ ਜਾਂ ਪੱਟੇ 'ਤੇ ਕੰਮ ਕਰ ਰਹੇ ਦੁਕਾਨਦਾਰਾਂ ਨੂੰ ਹੁਣ ਉਨ੍ਹਾਂ ਦੁਕਾਨਾਂ ਦਾ ਮਾਲਕਾਨਾ ਹੱਕ ਦਿੱਤਾ ਜਾਵੇਗਾ।

ਨਗਰ ਕੌਂਸਲ ਦੇ ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਇਸ ਯੋਜਨਾ ਦਾ ਲਾਭ ਸਿਰਫ਼ ਉਨ੍ਹਾਂ ਦੁਕਾਨਦਾਰਾਂ ਨੂੰ ਮਿਲੇਗਾ ਜੋ 1 ਅਪ੍ਰੈਲ 2020 ਤੋਂ ਪਹਿਲਾਂ ਘੱਟੋ-ਘੱਟ 12 ਸਾਲਾਂ ਤੋਂ ਕਾਨੂੰਨੀ ਤੌਰ 'ਤੇ ਉਸ ਦੁਕਾਨ 'ਤੇ ਕਾਬਜ਼ ਹਨ ਜਾਂ ਜਾਇਜ਼ ਕਿਰਾਏਦਾਰ ਹਨ।

ਇਹ ਯੋਜਨਾ ਸਿਰਫ਼ ਸਰਕਾਰੀ ਭਾਵ ਨਗਰ ਨਿਗਮ, ਨਗਰ ਕੌਂਸਲ ਅਤੇ ਨਗਰ ਪੰਚਾਇਤ ਦੀਆਂ ਦੁਕਾਨਾਂ ਲਈ ਹੀ ਲਾਗੂ ਹੈ। ਉਹਨਾਂ ਨੇ ਕਿਹਾ ਕਿ ਉਹ ਕਿਰਾਏਦਾਰ ਜਿਹੜੇ ਪਾਰਕਾਂ, ਸੜਕਾਂ ਜਾਂ ਹੋਰ ਪਬਲਿਕ ਯੂਟਿਲਿਟੀ ਵਾਲੀਆਂ ਥਾਵਾਂ 'ਤੇ ਬਣੀਆਂ ਦੁਕਾਨਾਂ ਬਣਾ ਕੇ ਬੈਠੇ ਹਨ ਇਸ ਯੋਜਨਾ ਤਹਿਤ ਮਾਲਕਾਨਾ ਹੱਕ ਨਹੀਂ ਦਿੱਤਾ ਜਾਵੇਗਾ।

ਇਸ ਤੋਂ ਇਲਾਵਾ ਸਰਕਾਰ ਵੱਲੋਂ 50 ਵਰਗ ਮੀਟਰ ਤੋਂ ਘੱਟ ਖੇਤਰਫਲ ਵਾਲੀਆਂ ਦੁਕਾਨਾਂ ਲਈ ਦੁਕਾਨਦਾਰ ਦੀ ਸਾਲਾਨਾ ਆਮਦਨ ਦੇ ਹਿਸਾਬ ਨਾਲ ਕਲੈਕਟਰ ਰੇਟ 'ਤੇ ਭਾਰੀ ਛੋਟ ਦਿੱਤੀ ਜਾ ਰਹੀ ਹੈ:

3 ਲੱਖ ਤੋਂ ਘੱਟ ਆਮਦਨ ਤੇ ਸਿਰਫ਼ ਕਲੈਕਟਰ ਰੇਟ ਦਾ 12.5 ਫੀਸਦੀ ਦੇਣਾ ਹੋਵੇਗਾ।

3 ਤੋਂ 8 ਲੱਖ ਤੱਕ ਆਮਦਨ ਨੂੰ ਕਲੈਕਟਰ ਰੇਟ ਦਾ 25 ਫੀਸਦੀ ਦੇਣਾ ਹੋਵੇਗਾ।

8 ਤੋਂ 15 ਲੱਖ ਤੱਕ ਆਮਦਨ ਨੂੰ ਕਲੈਕਟਰ ਰੇਟ ਦਾ 50 ਫੀਸਦੀ ਦੇਣਾ ਹੋਵੇਗਾ।

15 ਲੱਖ ਤੋਂ ਵੱਧ ਆਮਦਨ ਵਾਲੇ ਨੂੰ ਇਨ੍ਹਾਂ ਨੂੰ ਪੂਰਾ 100 ਫੀਸਦੀ ਕਲੈਕਟਰ ਰੇਟ ਦੇਣਾ ਹੋਵੇਗਾ।

ਉਹਨਾਂ ਨੇ ਦੱਸਿਆ ਕਿ ਇਸ ਯੋਜਨਾ ਲਈ ਅਰਜ਼ੀ ਦੇਣ ਦੀ ਆਖਰੀ ਮਿਤੀ 6 ਨਵੰਬਰ 2026 ਤੈਅ ਕੀਤੀ ਗਈ ਹੈ। ਯੋਗ ਦੁਕਾਨਦਾਰ ਆਪਣੇ ਸਬੰਧਤ ਐਸ.ਡੀ.ਐਮ. ਦਫ਼ਤਰ, ਨਗਰ ਕੌਂਸਲ ਜਾਂ ਨਗਰ ਨਿਗਮ ਦਫ਼ਤਰ ਵਿੱਚ ਜਾ ਕੇ ਫਾਰਮ ਜਮ੍ਹਾਂ ਕਰਵਾ ਸਕਦੇ ਹਨ। ਅਰਜ਼ੀ ਤੋਂ ਬਾਅਦ ਐਸ.ਡੀ.ਐਮ. ਪੱਧਰ ਦੀ ਕਮੇਟੀ ਦਸਤਾਵੇਜ਼ਾਂ ਦੀ ਪੜਤਾਲ ਕਰੇਗੀ ਅਤੇ ਡੀ.ਸੀ. ਪੱਧਰ ਦੀ ਪ੍ਰਾਈਸ ਫਿਕਸੇਸ਼ਨ ਕਮੇਟੀ ਕੀਮਤ ਤੈਅ ਕਰੇਗੀ।

ਅੰਤ ਵਿੱਚ ਸਥਾਨਕ ਨਿਕਾਏ ਦੇ ਸਦਨ ਤੋਂ ਮਨਜ਼ੂਰੀ ਮਿਲਣ ਤੋਂ ਬਾਅਦ ਮਾਲਕਾਨਾ ਹੱਕ ਤਬਦੀਲ ਕਰ ਦਿੱਤਾ ਜਾਵੇਗਾ।

**ਪੰਜਾਬ ਸਰਕਾਰ ਨੇ 2.45 ਕਰੋੜ ਤੋਂ ਵੱਧ ਸੈਨੇਟਰੀ ਪੈਡ ਵੰਡੇ ਗਏ, 13.65 ਲੱਖ ਤੋਂ ਵੱਧ ਮਹਿਲਾਵਾਂ ਨੂੰ ਮਿਲਿਆ ਲਾਭ**

# ਪੰਜਾਬ ਸਰਕਾਰ ਨੇ 9.75 ਕਰੋੜ ਰੁਪਏ ਦੀ ਮੁਫ਼ਤ ਸੈਨੇਟਰੀ ਪੈਡ ਯੋਜਨਾ ਰਾਹੀਂ ਮਹਿਲਾਵਾਂ ਦੀ ਮਾਹਵਾਰੀ ਸਿਹਤ ਅਤੇ ਸਨਮਾਨ ਨੂੰ ਦਿੱਤਾ ਮਜ਼ਬੂਤ ਸਹਾਰਾ: ਡਾ. ਬਲਜੀਤ ਕੌਰ



**ਚੰਡੀਗੜ੍ਹ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਿਲਾ-ਕੇਂਦਰਿਤ ਭਲਾਈ ਅਤੇ ਸਮਾਵੇਸ਼ੀ ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਭਰ ਦੀਆਂ ਮਹਿਲਾਵਾਂ ਵਿੱਚ ਮਾਹਵਾਰੀ ਸਿਹਤ, ਸਫ਼ਾਈ ਅਤੇ ਸਨਮਾਨ ਨੂੰ ਉਤਸ਼ਾਹਿਤ ਕਰਨ ਲਈ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ। ਇਸ ਪਹਿਲ ਦਾ ਉਦੇਸ਼ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਵੰਚਿਤ ਵਰਗਾਂ ਨਾਲ ਸਬੰਧਤ ਮਹਿਲਾਵਾਂ ਲਈ ਜ਼ਰੂਰੀ ਸਿਹਤ ਸਹੂਲਤਾਂ ਨੂੰ ਹੋਰ ਸੁਗਮ ਬਣਾਉਣਾ ਹੈ।

ਇਹ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੀ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮੌਜੂਦਾ ਵਿੱਤੀ ਵਰ੍ਹੇ ਦੌਰਾਨ ਸੂਬਾ ਸਰਕਾਰ ਵੱਲੋਂ ਲਗਭਗ 9.75 ਕਰੋੜ ਰੁਪਏ ਦੀ ਲਾਗਤ ਨਾਲ 2.45 ਕਰੋੜ ਤੋਂ ਵੱਧ ਸੈਨੇਟਰੀ ਪੈਡ ਮੁਫ਼ਤ ਵੰਡੇ ਗਏ ਹਨ, ਜਿਸ ਨਾਲ ਪੰਜਾਬ ਭਰ ਦੀਆਂ 13.65 ਲੱਖ ਤੋਂ ਵੱਧ ਮਹਿਲਾਵਾਂ ਨੂੰ ਲਾਭ ਮਿਲਿਆ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਸੁਰੱਖਿਅਤ ਮਾਹਵਾਰੀ ਸਫ਼ਾਈ ਉਤਪਾਦਾਂ ਤੱਕ ਪਹੁੰਚ ਸਿਰਫ਼ ਸਿਹਤ ਦੀ ਲੋੜ ਹੀ ਨਹੀਂ, ਸਗੋਂ ਮਹਿਲਾਵਾਂ ਦੇ ਸਨਮਾਨ, ਆਤਮ-ਵਿਸ਼ਵਾਸ ਅਤੇ ਸਸ਼ਕਤੀਕਰਨ ਨਾਲ ਵੀ ਜੁੜਿਆ ਮਾਮਲਾ ਹੈ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਨਾਲ ਮਾਹਵਾਰੀ ਸਫ਼ਾਈ ਸਬੰਧੀ ਜਾਗਰੂਕਤਾ ਵਿੱਚ ਵਾਧਾ ਹੋਇਆ ਹੈ ਅਤੇ ਵੰਚਿਤ ਪਿਛੋਕੜ ਵਾਲੀਆਂ ਮਹਿਲਾਵਾਂ 'ਤੇ ਪੈਣ ਵਾਲਾ ਆਰਥਿਕ ਬੋਝ ਵੀ ਘਟਿਆ ਹੈ, ਜਿਸ ਨਾਲ ਉਹ ਹੋਰ ਸਿਹਤਮੰਦ ਅਤੇ ਸਨਮਾਨਜਨਕ ਜੀਵਨ ਬਤੀਤ ਕਰ ਰਹੀਆਂ ਹਨ।

ਡਾ. ਬਲਜੀਤ ਕੌਰ ਨੇ ਅੱਗੇ ਦੱਸਿਆ ਕਿ 'ਨਵੀਂ ਦਿਸ਼ਾ' ਯੋਜਨਾ ਤਹਿਤ ਯੋਗ ਮਹਿਲਾਵਾਂ ਨੂੰ ਸੂਬੇ ਦੇ 27,314 ਆਂਗਣਵਾੜੀ ਕੇਂਦਰਾਂ ਰਾਹੀਂ ਹਰ ਮਹੀਨੇ 9 ਸੈਨੇਟਰੀ ਪੈਡ ਮੁਫ਼ਤ ਮੁਹੱਈਆ ਕਰਵਾਏ ਜਾ ਰਹੇ ਹਨ। ਇਹ ਵਿਸ਼ਾਲ ਵੰਡ ਪ੍ਰਣਾਲੀ ਖ਼ਾਸ ਕਰਕੇ ਪੇਂਡੂ ਅਤੇ ਪਿੱਛੜੇ ਖੇਤਰਾਂ ਵਿੱਚ ਮਾਹਵਾਰੀ ਸਫ਼ਾਈ ਉਤਪਾਦਾਂ ਦੀ ਨਿਯਮਤ ਉਪਲਬਧਤਾ ਯਕੀਨੀ ਬਣਾ ਰਹੀ ਹੈ।

ਯੋਜਨਾ ਦੇ ਵਿਆਪਕ ਸਮਾਜਿਕ ਪ੍ਰਭਾਵ ਨੂੰ ਉਜਾਗਰ ਕਰਦਿਆਂ ਮੰਤਰੀ ਨੇ ਕਿਹਾ ਕਿ ਇਹ ਪਹਿਲ ਮਾਹਵਾਰੀ ਨਾਲ ਜੁੜੀਆਂ ਰੂੜ੍ਹੀਵਾਦੀ ਧਾਰਨਾਵਾਂ ਅਤੇ ਗਲਤਫ਼ਹਿਮੀਆਂ ਨੂੰ ਦੂਰ ਕਰਨ ਵਿੱਚ ਸਹਾਇਕ ਸਾਬਤ ਹੋ ਰਹੀ ਹੈ। ਇਸ ਰਾਹੀਂ ਖੁੱਲ੍ਹੀ ਗੱਲਬਾਤ ਨੂੰ ਉਤਸ਼ਾਹ ਮਿਲ ਰਿਹਾ ਹੈ, ਜਾਗਰੂਕਤਾ ਵਧ ਰਹੀ ਹੈ ਅਤੇ ਮਹਿਲਾਵਾਂ ਤੇ ਕਿਸ਼ੋਰੀਆਂ ਵਿੱਚ ਸਿਹਤਮੰਦ ਸਫ਼ਾਈ ਅਭਿਆਸਾਂ ਨੂੰ ਪ੍ਰੋਤਸਾਹਨ ਮਿਲ ਰਿਹਾ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਇਹ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਕਿ ਹਰ ਮਹਿਲਾ ਨੂੰ, ਉਸ ਦੀ ਸਮਾਜਿਕ-ਆਰਥਿਕ ਪਿਛੋਕੜ ਤੋਂ ਇਲਾਵਾ, ਜ਼ਰੂਰੀ ਸਿਹਤ ਅਤੇ ਸਫ਼ਾਈ ਸਹੂਲਤਾਂ ਪ੍ਰਾਪਤ ਹੋਣ। ਉਨ੍ਹਾਂ ਕਿਹਾ, ਸਾਡਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਮਹਿਲਾ ਆਰਥਿਕ ਤੰਗੀ ਕਾਰਨ ਬੁਨਿਆਦੀ ਮਾਹਵਾਰੀ ਸਫ਼ਾਈ ਉਤਪਾਦਾਂ ਤੋਂ ਵਾਂਝੀ ਨਾ ਰਹੇ। ਸਿਹਤਮੰਦ ਮਹਿਲਾ ਹੀ ਸਿਹਤਮੰਦ ਪਰਿਵਾਰ ਦੀ ਨੀਂਹ ਰੱਖਦੀ ਹੈ ਅਤੇ ਸਿਹਤਮੰਦ ਪਰਿਵਾਰ ਮਜ਼ਬੂਤ ਤੇ ਖੁਸ਼ਹਾਲ ਪੰਜਾਬ ਦਾ ਆਧਾਰ ਬਣਦਾ ਹੈ। ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਮਹਿਲਾਵਾਂ ਦੀ ਸਿਹਤ, ਸਨਮਾਨ ਅਤੇ ਸਮੁੱਚੀ ਭਲਾਈ ਦੀ ਰੱਖਿਆ ਕਰਨ ਲਈ ਅਗਾਂਹਵਧੂ, ਲੋਕ-ਕੇਂਦਰਿਤ ਅਤੇ ਮਹਿਲਾ-ਕੇਂਦਰਿਤ ਪਹਿਲਕਦਮੀਆਂ ਨੂੰ ਲਗਾਤਾਰ ਲਾਗੂ ਕਰਦੀ ਰਹੇਗੀ ਅਤੇ ਹੋਰ ਸਮਾਵੇਸ਼ੀ ਤੇ ਸਸ਼ਕਤ ਪੰਜਾਬ ਦੀ ਉਸਾਰੀ ਲਈ ਨਿਰੰਤਰ ਯਤਨਸ਼ੀਲ ਰਹੇਗੀ।

# ਸਿਟੀ ਮੀਡੀਆ ਪ੍ਰੈਸ ਕਲੱਬ ਨੇ ਦਿੱਲੀ ਪੁਲਿਸ ਵੱਲੋਂ ਪੱਤਰਕਾਰਾਂ ਨੂੰ ਕਵਰੇਜ ਤੋਂ ਰੋਕਣ ਅਤੇ ਕਥਿਤ ਕੁੱਟਮਾਰ ਕਰਨ ਦੀ ਕੀਤੀ ਸਖ਼ਤ ਨਿੰਦਾ



**ਸੁਨਾਮ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਟੀ ਮੀਡੀਆ ਪ੍ਰੈਸ ਕਲੱਬ ਸੁਨਾਮ ਊਧਮ ਸਿੰਘ ਵਾਲਾ ਦੇ ਪ੍ਰਧਾਨ ਤਰੁਣ ਬਾਂਸਲ ਅਤੇ ਸੀਨੀਅਰ ਪੱਤਰਕਾਰ ਅਰੁਣ ਬਾਂਸਲ ਨੇ ਦਿੱਲੀ ਪੁਲਿਸ ਵੱਲੋਂ ਪੱਤਰਕਾਰਾਂ ਨੂੰ ਕਵਰੇਜ ਦੌਰਾਨ ਰੋਕਣ, ਉਨ੍ਹਾਂ ਨਾਲ ਕਥਿਤ ਕੁੱਟਮਾਰ ਕਰਨ ਅਤੇ ਮਹਿਲਾ ਪੱਤਰਕਾਰਾਂ ਨਾਲ ਹੱਥੋਪਾਈ ਕਰਨ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਕਲੱਬ ਦੇ ਸਮੂਹ ਮੈਂਬਰਾਂ ਨੇ ਵੀ ਇਸ ਮਾਮਲੇ 'ਤੇ ਰੋਸ ਪ੍ਰਗਟ ਕਰਦਿਆਂ ਦਿੱਲੀ ਪੁਲਿਸ ਦੀ ਕਾਰਵਾਈ ਦੀ ਸਖਤ ਨਿਖੇਧੀ ਕੀਤੀ ਹੈ। ਸਿਟੀ ਮੀਡੀਆ ਪ੍ਰੈਸ ਕਲੱਬ ਪ੍ਰਧਾਨ ਤਰੁਣ ਬਾਂਸਲ ਨੇ ਕਿਹਾ ਕਿ ਪੱਤਰਕਾਰ ਲੋਕਤੰਤਰ ਦੇ ਚੌਥੇ ਥੰਮ੍ਹ ਵਜੋਂ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਲੋਕਾਂ ਤੱਕ ਸਹੀ ਜਾਣਕਾਰੀ ਪਹੁੰਚਾਉਣ ਦਾ ਕੰਮ ਕਰਦੇ ਹਨ ਅਤੇ ਅਜਿਹੀ ਸਥਿਤੀ ਵਿੱਚ ਪੱਤਰਕਾਰਾਂ ਨੂੰ ਆਪਣੀ ਡਿਊਟੀ ਨਿਭਾਉਣ ਤੋਂ ਰੋਕਣ ਅਤੇ ਉਨ੍ਹਾਂ ਨਾਲ ਕਥਿਤ ਤੌਰ 'ਤੇ ਦੁਰਵਿਵਹਾਰ ਕਰਨ ਦੀਆਂ ਘਟਨਾਵਾਂ ਚਿੰਤਾ ਦਾ ਵਿਸ਼ਾ ਹਨ।

ਉਨ੍ਹਾਂ ਕਿਹਾ ਕਿ ਮੀਡੀਆ ਕਰਮੀਆਂ ਨੂੰ ਬਿਨਾਂ ਕਿਸੇ ਡਰ ਜਾਂ ਦਬਾਅ ਦੇ ਆਪਣਾ ਪੇਸ਼ੇਵਰ ਫਰਜ਼ ਨਿਭਾਉਣ ਲਈ ਢੁਕਵਾਂ ਮਾਹੌਲ ਮਿਲਣਾ ਚਾਹੀਦਾ ਹੈ।

ਕਲੱਬ ਆਹੁਦੇਦਾਰਾਂ ਨੇ ਕਿਹਾ ਕਿ ਪੱਤਰਕਾਰਾਂ ਦੀ ਸੁਰੱਖਿਆ, ਪ੍ਰੈੱਸ ਦੀ ਆਜ਼ਾਦੀ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੀ ਰਾਖੀ ਕਰਨਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਉਮੀਦ ਜਤਾਈ ਕਿ ਸਬੰਧਤ ਅਧਿਕਾਰੀ ਮਾਮਲੇ ਦੀ ਗੰਭੀਰਤਾ ਨੂੰ ਸਮਝਦਿਆਂ ਨਿਰਪੱਖ ਜਾਂਚ ਕਰਵਾਉਣਗੇ ਅਤੇ ਪੱਤਰਕਾਰ ਭਾਈਚਾਰੇ ਨੂੰ ਇਨਸਾਫ਼ ਦਿਵਾਉਣ ਲਈ ਲੋੜੀਂਦੇ ਕਦਮ ਚੁੱਕਣਗੇ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਅਤੇ ਪ੍ਰਸ਼ਾਸਨ ਇਸ ਮਾਮਲੇ ਦਾ ਗੰਭੀਰ ਨੋਟਿਸ ਲੈਣ ਅਤੇ ਪੱਤਰਕਾਰਾਂ ਨਾਲ ਵਾਪਰੀ ਕਥਿਤ ਘਟਨਾ ਦੀ ਨਿਰਪੱਖ ਜਾਂਚ ਕਰਵਾਈ ਜਾਵੇ।

# ਪਰਵਿੰਦਰ ਝੋਟਾ ਨੂੰ ਇਨਸਾਫ਼ ਦਿਵਾਉਣ ਲਈ ਮਾਨਸਾ 'ਚ ਕਾਂਗਰਸ ਦਾ ਪ੍ਰਦਰਸ਼ਨ, ਪਰਿਵਾਰ ਨਾਲ ਕੀਤੀ ਮੁਲਾਕਾਤ



**ਮਾਨਸਾ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਪੰਜਾਬ ਵਿੱਚ ਸਿਆਸੀ ਸਰਗਰਮੀਆਂ ਤੇਜ਼ ਹੋ ਰਹੀਆਂ ਹਨ। ਇਸੇ ਤਹਿਤ ਪੰਜਾਬ ਕਾਂਗਰਸ ਦੇ ਆਗੂਆਂ ਨੇ ਮਾਨਸਾ ਵਿਖੇ ਇਨਸਾਫ਼ ਦੀ ਮੰਗ ਲਈ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਵਿੱਚ ਸ਼ਮੂਲੀਅਤ ਕੀਤੀ ਅਤੇ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨਾਲ ਮੁਲਾਕਾਤ ਕਰਕੇ ਉਨ੍ਹਾਂ ਨਾਲ ਇਕਜੁੱਟਤਾ ਪ੍ਰਗਟਾਈ।

ਇਸ ਮੌਕੇ ਕਾਂਗਰਸੀ ਆਗੂਆਂ ਨੇ ਪਰਿਵਾਰ ਨੂੰ ਭਰੋਸਾ ਦਿੱਤਾ ਕਿ ਪਾਰਟੀ ਉਨ੍ਹਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ ਅਤੇ ਇਨਸਾਫ਼ ਮਿਲਣ ਤੱਕ ਉਨ੍ਹਾਂ ਦੀ ਆਵਾਜ਼ ਬੁਲੰਦ ਕਰਦੀ ਰਹੇਗੀ। ਆਗੂਆਂ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਨ ਵਾਲੇ ਲੋਕਾਂ ਦੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਣਾ ਸਰਕਾਰ ਅਤੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਇਸ ਮਾਮਲੇ ਵਿੱਚ ਇਨਸਾਫ਼ ਯਕੀਨੀ ਬਣਾਉਣ ਦੇ ਨਾਲ-ਨਾਲ ਨਸ਼ਾ ਤਸਕਰੀ ਦੇ ਕਾਰੋਬਾਰ ਵਿੱਚ ਸ਼ਾਮਲ ਲੋਕਾਂ ਵਿਰੁੱਧ ਵੀ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਇਸ ਪ੍ਰਦਰਸ਼ਨ ਅਤੇ ਪਰਿਵਾਰ ਨਾਲ ਮੁਲਾਕਾਤ ਦੌਰਾਨ ਆਲ ਇੰਡੀਆ ਕਾਂਗਰਸ ਕਮੇਟੀ ਦੇ ਪੰਜਾਬ ਇੰਚਾਰਜ ਸਚਿਨ ਪਾਇਲਟ, ਪੰਜਾਬ ਪ੍ਰਧਾਨ ਪ੍ਰਗਟ ਸਿੰਘ, ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ, ਵਿਜੈ ਇੰਦਰ ਸਿੰਗਲਾ, ਪੰਜਾਬ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਅਤੇ ਰਾਜ ਕੁਮਾਰ ਵੇਰਕਾ ਵੀ ਮੌਜੂਦ ਸਨ। ਇਨ੍ਹਾਂ ਆਗੂਆਂ ਦੀ ਸ਼ਮੂਲੀਅਤ ਨੂੰ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਦੇ ਹੱਕ ਵਿੱਚ ਪਾਰਟੀ ਵੱਲੋਂ ਇਕਜੁੱਟਤਾ ਦੇ ਪ੍ਰਗਟਾਵੇ ਵਜੋਂ ਦੇਖਿਆ ਜਾ ਰਿਹਾ ਹੈ। ਕਾਂਗਰਸੀ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਲੰਮੇ ਸਮੇਂ ਤੋਂ ਗੰਭੀਰ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ। ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਨਸ਼ਾ ਤਸਕਰੀ ਦੇ ਨੈੱਟਵਰਕ ਨੂੰ ਖ਼ਤਮ ਕਰਨ ਲਈ ਠੋਸ ਕਦਮ ਚੁੱਕਣ ਦੀ ਲੋੜ ਹੈ। ਉਨ੍ਹਾਂ ਮੁਤਾਬਕ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੇ ਮਾਮਲਿਆਂ ਵਿੱਚ ਨਿਰਪੱਖ ਜਾਂਚ, ਕਾਨੂੰਨ ਅਨੁਸਾਰ ਕਾਰਵਾਈ ਅਤੇ ਇਨਸਾਫ਼ ਦੀ ਪ੍ਰਕਿਰਿਆ ਨੂੰ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ।

ਪੰਜਾਬ ਕਾਂਗਰਸ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਨਿਸ਼ਾਨੇ 'ਤੇ ਲੈਂਦਿਆਂ ਕਿਹਾ ਕਿ ਸਰਕਾਰ ਨੂੰ ਨਸ਼ਿਆਂ ਦੇ ਮੁੱਦੇ 'ਤੇ ਆਪਣੀ ਜਵਾਬਦੇਹੀ ਤੈਅ ਕਰਨੀ ਚਾਹੀਦੀ ਹੈ। ਪਾਰਟੀ ਨੇ ਨਸ਼ਾ ਤਸਕਰਾਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕਰਨ ਅਤੇ ਇਸ ਮਾਮਲੇ ਵਿੱਚ ਜਵਾਬਦੇਹੀ ਯਕੀਨੀ ਬਣਾਉਣ ਦੀ ਮੰਗ ਦੁਹਰਾਈ।

ਕਾਂਗਰਸ ਵੱਲੋਂ ਦਿੱਤੇ ਗਏ ਸੰਦੇਸ਼ ਅਨੁਸਾਰ, ਪਾਰਟੀ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਦੇ ਨਾਲ ਖੜ੍ਹੀ ਰਹੇਗੀ ਅਤੇ ਇਨਸਾਫ਼ ਦੀ ਲੜਾਈ ਜਾਰੀ ਰੱਖੇਗੀ। ਆਗੂਆਂ ਨੇ ਸਪੱਸ਼ਟ ਕੀਤਾ ਕਿ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸਿਆਸੀ ਬਿਆਨਬਾਜ਼ੀ ਤੱਕ ਸੀਮਤ ਰੱਖਣ ਦੀ ਬਜਾਏ ਜ਼ਮੀਨੀ ਪੱਧਰ 'ਤੇ ਨਤੀਜੇ ਸਾਹਮਣੇ ਲਿਆਉਣੇ ਜ਼ਰੂਰੀ ਹਨ।

ਮਾਨਸਾ ਵਿੱਚ ਹੋਏ ਇਸ ਪ੍ਰਦਰਸ਼ਨ ਰਾਹੀਂ ਪੰਜਾਬ ਕਾਂਗਰਸ ਨੇ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਨੂੰ ਉਭਾਰਦਿਆਂ ਸਰਕਾਰ ਤੋਂ ਇਨਸਾਫ਼, ਨਸ਼ਾ ਤਸਕਰੀ ਵਿਰੁੱਧ ਸਖ਼ਤ ਕਾਰਵਾਈ ਅਤੇ ਜਵਾਬਦੇਹੀ ਦੀ ਮੰਗ ਕੀਤੀ ਹੈ। ਪਾਰਟੀ ਨੇ ਦੁਹਰਾਇਆ ਕਿ ਉਹ ਪਰਿਵਾਰ ਦੀ ਹਮਾਇਤ ਵਿੱਚ ਆਪਣੀ ਆਵਾਜ਼ ਬੁਲੰਦ ਕਰਦੀ ਰਹੇਗੀ।

# ਪੰਜਾਬ ਸਰਕਾਰ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰਕ ਮੈਂਬਰ ਅਤੇ ਸੰਘਰਸ਼ ਕਮੇਟੀ ਦੇ ਨਾਲ ਖੜੀ : ਅਮਨ ਅਰੋੜਾ



**ਜਲੰਧਰ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਲੰਧਰ ਪਹੁੰਚੇ। ਇਸ ਦੌਰਾਨ ਉਨਾਂ ਨੇ ਗਊ ਕਮਿਸ਼ਨ ਦੇ ਅਹੁਦੇਦਾਰ ਅਤੇ ਵੱਖ-ਵੱਖ ਗਊਸ਼ਾਲਾਵਾਂ ਦੇ ਅਹੁਦੇਦਾਰਾਂ ਨਾਲ ਇੱਕ ਸੰਖੇਪ ਮੀਟਿੰਗ ਕੀਤੀ। ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਗਊ ਰੱਖਿਆ ਦੀਆਂ ਮੁਸ਼ਕਿਲਾਂ ਸੁਣੀਆਂ।

ਇਸ ਉਪਰੰਤ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਅੱਜ ਮੁੱਖ ਮੰਤਰੀ, ਪੰਜਾਬ ਸ.ਭਗਵੰਤ ਸਿੰਘ ਮਾਨ ਵਲੋਂ ਵੱਖ-ਵੱਖ ਗਊਸ਼ਾਲਾਵਾਂ ਅਤੇ ਗਊ ਕਮਿਸ਼ਨ ਬੋਰਡ ਦੇ ਅਹੁਦੇਦਾਰਾਂ ਨਾਲ ਮੀਟਿੰਗ ਕੀਤੀ ਹੈ ਅਤੇ ਉਹਨਾਂ ਦੀਆਂ ਮੁਸ਼ਕਿਲਾਂ ਸੁਣੀਆਂ ਹਨ। ਉਨ੍ਹਾਂ ਕਿਹਾ ਕਿ ਗਊ ਧਨ ਦੀ ਸਾਂਭ ਸੰਭਾਲ ਅਤੇ ਹੋਰ ਜਰੂਰੀ ਪ੍ਰਬੰਧਾਂ ਨੂੰ ਪੂਰਾ ਕੀਤਾ ਜਾਏਗਾ। ਉਹਨਾਂ ਨੇ ਦੱਸਿਆ ਕਿ ਇਸ ਸਬੰਧੀ ਚੰਡੀਗੜ੍ਹ ਵਿਖੇ ਗਊ ਕਮਿਸ਼ਨ ਅਤੇ ਵੱਖ-ਵੱਖ ਗਊਸ਼ਾਲਾਵਾਂ ਦੇ ਅਹੁਦੇਦਾਰਾਂ ਦੀ ਇੱਕ ਵਿਸ਼ੇਸ਼ ਮੀਟਿੰਗ 21 ਅਕਤੂਬਰ ਨੂੰ ਰੱਖੀ ਗਈ ਹੈ ਜਿਸ ਵਿੱਚ ਸਾਰੀਆਂ ਸਮੱਸਿਆਵਾਂ ਸੁਣ ਕੇ ਜਲਦ ਤੋਂ ਜਲਦ ਉਹਨਾਂ ਦਾ ਹੱਲ ਕੀਤਾ ਜਾਵੇਗਾ।

ਮਾਨਸਾ ਵਿੱਚ ਪਰਵਿੰਦਰ ਸਿੰਘ ਝੋਟਾ ਦੇ ਕਤਲ'ਤੇ ਗਹਿਰਾ ਦੁੱਖ ਵਿਅਕਤ ਕਰਦਿਆਂ ਉਹਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰਕ ਮੈਂਬਰ ਅਤੇ ਸੰਘਰਸ਼ ਕਮੇਟੀ ਦੇ ਨਾਲ ਖੜੀ ਹੈ । ਉਹਨਾਂ ਕਿਹਾ ਕਿ ਪਰਿਵਾਰਕ ਮੈਂਬਰ ਅਤੇ ਸੰਘਰਸ਼ ਕਮੇਟੀ ਪ੍ਰਸ਼ਾਸਨ ਨਾਲ ਬੈਠ ਕੇ ਗੱਲਬਾਤ ਕਰੇ ਅਤੇ ਆਪਣੀਆਂ ਮੰਗਾਂ ਦੱਸਣ।

# .ਫਰਾਂਸ ਦੀਆਂ ਸੁਪਮਾਰਕਿਟਾਂ ਦੇ ਸਮਾਰਟ .ਫਰਿਜਾਂ 'ਤੇ ਸਾਈਬਰ ਹਮਲਾ ਮਗਰੋਂ ਤਾਪਮਾਨ 50 ਡਿਗਰੀ ਸੈਲਸੀਅਸ ਤਕ ਪਹੁੰਚਣ ਨਾਲ ਭਾਰੀ ਤਬਾਹੀ



**ਪੈਰਿਸ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਫ਼ਰਾਂਸ 'ਚ ਗੰਭੀਰ ਸਾਈਬਰ ਹਮਲੇ ਦਾ ਮਾਮਲਾ ਸਾਹਮਣੇ ਆਇਆ ਹੈ ਜਿੱਥੇ ਹੈਕਰਾਂ ਨੇ ਦੇਸ਼ ਭਰ ਦੀਆਂ ਪ੍ਰਮੁੱਖ ਸੁਪਰ ਮਾਰਕੀਟਾਂ ਦੇ ਇੰਟਰਨੈੱਟ ਨਾਲ ਜੁੜੇ ਰੈਫ੍ਰਿਜਰੇਸ਼ਨ (ਫ੍ਰੀਜ਼ਰ) ਸਿਸਟਮ ਨੂੰ ਨਿਸ਼ਾਨਾ ਬਣਾ ਕੇ ਉਨ੍ਹਾਂ ਦਾ ਤਾਪਮਾਨ ਰਾਤੋ-ਰਾਤ 50 ਡਿਗਰੀ ਸੈਲਸੀਅਸ ਤਕ ਵਧਾ ਦਿੱਤਾ। ਇਸ ਤਾਪਮਾਨ ਵਧਣ ਕਾਰਨ ਕਈ ਥਾਵਾਂ 'ਤੇ ਅੱਗ ਲੱਗ ਗਈ ਅਤੇ ਸੈਂਕੜੇ ਦੁਕਾਨਾਂ 'ਚ ਰੱਖਿਆ ਟਨਾਂ ਫ਼੍ਰੋਜ਼ਨ ਫ਼ੂਡ ਪੂਰੀ ਤਰ੍ਹਾਂ ਪਿਘਲ ਕੇ ਬਰਬਾਦ ਹੋ ਗਿਆ।

ਪੈਰਿਸ ਅਭਿਯੋਜਕ ਦਫ਼ਤਰ ਨੇ ਇਸ ਘਟਨਾ ਨੂੰ ਇੱਕ ਵੱਡੇ ਪੱਧਰ ਦਾ ਸਾਈਬਰ ਹਮਲਾ ਕਰਾਰ ਦਿੱਤਾ ਹੈ। ਫ਼ਰਾਂਸ ਦੇ ਪ੍ਰਮੁੱਖ ਰਿਟੇਲ ਗਰੁੱਪ ਲੇ ਮੌਸਕੇਤਿਆਰਸ ਅਨੁਸਾਰ ਉਨ੍ਹਾਂ ਦੇ ਇੰਟਰਮਾਰਸ਼ੇ ਬ੍ਰੈਂਡ ਦੇ ਲਗਭਗ 150 ਸਟੋਰਾਂ 'ਚ ਰੈਫ੍ਰਿਜਰੇਸ਼ਨ ਯੂਨਿਟਾਂ ਨੂੰ ਲਗਾਤਾਰ ਛੇ ਘੰਟਿਆਂ ਤਕ 50 ਡਿਗਰੀ 'ਤੇ ਗਰਮ ਕੀਤਾ ਗਿਆ। ਇਸ ਤੋਂ ਇਲਾਵਾ ਦਿੱਗਜ ਰੀਟੇਲਰ ਕੈਰੇਫ਼ੋਰ ਦੇ 80 ਸੁਪਰ ਮਾਰਕੀਟ ਅਤੇ ਮੋਨੋਪ੍ਰੀ ਦੇ ਪੰਜ ਫ਼ੀਸਦੀ ਸਟੋਰ ਵੀ ਇਸ ਹਮਲੇ ਦੀ ਚਪੇਟ 'ਚ ਆਏ ਹਨ। ਸਿਹਤ ਜੋਖ਼ਮਾਂ ਤੋਂ ਬਚਣ ਲਈ ਪ੍ਰਭਾਵਿਤ ਭੋਜਨ ਪਦਾਰਥਾਂ ਨੂੰ ਤੁਰੰਤ ਸੁੱਟ ਦਿੱਤਾ ਗਿਆ।

ਫ਼੍ਰੈਂਚ ਸਾਈਬਰ ਸੁਰੱਖਿਆ ਏਜੰਸੀ ਨੇ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਫ਼ਰਾਂਸ ਦੇ ਪ੍ਰਧਾਨ ਮੰਤਰੀ ਸੇਬੈਸਤੀਆਂ ਲੇਕੋਰਨੂ ਨੇ ਏਜੰਸੀ ਨੂੰ ਜਾਂਚ ਦੇ ਨਿਰਦੇਸ਼ ਦਿੱਤੇ ਹਨ।

ਸ਼ੁਰੂਆਤੀ ਰਿਪੋਰਟਾਂ ਅਨੁਸਾਰ, ਹੈਕਰਾਂ ਨੇ ਡੈਨਿਸ਼ ਕੰਪਨੀ ਡੈਨਫ਼ੌਸ ਦੁਆਰਾ ਲਗਾਏ ਗਏ ਰੈਫ੍ਰਿਜਰੇਸ਼ਨ ਕੰਟਰੋਲਰ ਦੇ ਪੁਰਾਣੇ ਸੌਫ਼ਟਵੇਅਰ ਦੀਆਂ ਸੁਰੱਖਿਆ ਖ਼ਾਮੀਆਂ ਦਾ ਫ਼ਾਇਦਾ ਉਠਾਇਆ ਜਿਸ ਨਾਲ ਉਹ ਇੰਟਰਨੈੱਟ ਰਾਹੀਂ ਰਿਮੋਟਲੀ ਸਿਸਟਮ ਤਕ ਪਹੁੰਚ ਬਣਾਉਣ 'ਚ ਕਾਮਯਾਬ ਰਹੇ।

ਸਾਈਬਰ ਥ੍ਰੈੱਟ ਇੰਟੈਲੀਜੈਂਸ ਏਜੰਸੀ ਸੇਕੋਇਆ ਦੇ ਮਾਹਿਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਫ਼ਰਾਂਸ ਤੋਂ ਇਲਾਵਾ ਸਪੇਨ, ਪੁਰਤਗਾਲ, ਪੋਲੈਂਡ, ਜਰਮਨੀ ਅਤੇ ਬੈਲਜੀਅਮ 'ਚ ਵੀ ਅਜਿਹੀਆਂ ਗਤੀਵਿਧੀਆਂ ਦੇਖੀਆਂ ਗਈਆਂ ਹਨ। ਇਸੇ ਦੌਰਾਨ ਨੈਦਰਲੈਂਡਜ਼ ਦੀ ਸਭ ਤੋਂ ਵੱਡੀ ਸੁਪਰ ਮਾਰਕੀਟ ਚੇਨ ਅਹੋਲਡ ਡੇਲਹਾਈਜ਼ ਨੇ ਵੀ ਆਪਣੇ ਨੈੱਟਵਰਕ 'ਚ ਸੁਰੱਖਿਆ ਸਮੱਸਿਆਵਾਂ ਕਾਰਨ ਆਪਣੀ ਹੋਮ ਡਲਿਵਰੀ ਐਪ ਬੰਦ ਕਰ ਦਿੱਤੀ ਹੈ।

# ਰਾਵਣ ਦੀ ਭੂਮਿਕਾ ਨਿਭਾਉਣ ਵਾਲੇ ਕਲਾਕਾਰ ਪ੍ਰਸ਼ੋਤ ਭੱਟੀ ਮਿੰਕਾ ਦਾ ਵਿਸ਼ੇਸ਼ ਸਨਮਾਨ ਕੀਤਾ



**ਰੂਪਨਗਰ, 21 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜੈ ਜਗਦੰਬੇ ਰਾਮਲੀਲਾ ਐਂਡ ਵੈਲਫੇਅਰ ਸੁਸਾਇਟੀ ਵੱਲੋਂ ਗਿਆਨੀ ਜ਼ੈਲ ਸਿੰਘ ਨਗਰ ਰੋਪੜ ਵਿਖੇ ਕਰਵਾਈ ਜਾ ਰਹੀ ਰਾਮਲੀਲਾ ਵਿੱਚ ਨਗਰ ਕੌਂਸਲ ਰੋਪੜ ਦੇ ਸਾਬਕਾ ਪ੍ਰਧਾਨ ਸੰਜੇ ਵਰਮਾ ਬੇਲੇ ਵਾਲੇ ਨੇ ਰਾਵਣ ਦੀ ਭੂਮਿਕਾ ਨਿਭਾਉਣ ਵਾਲੇ ਕਲਾਕਾਰ ਪ੍ਰਸ਼ੋਤ ਭੱਟੀ ਮਿੰਕਾ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ। ਇਸ ਮੌਕੇ ਸ੍ਰੀ ਰਾਮ, ਸੀਤਾ ਮਾਤਾ,ਲੱਛਮਣ ਤੇ ਰਾਮਲੀਲਾ ਵਿੱਚ ਹੋਰ ਭੂਮਿਕਾ ਨਿਭਾਉਣ ਵਾਲੇ ਕਲਾਕਾਰਾਂ ਦਾ ਵੀ ਸਨਮਾਨ ਕੀਤਾ ਗਿਆ। ਸੰਜੇ ਵਰਮਾ ਬੇਲੇ ਵਾਲੇ ਨੇ ਕਿਹਾ ਕਿ ਰੋਪੜ ਦਾ ਨੌਜਵਾਨ ਪ੍ਰਸ਼ੋਤ ਭੱਟੀ ਮਿੰਕਾ ਪਿਛਲੇ ਕਈ ਸਾਲਾਂ ਤੋਂ ਰਾਮਲੀਲਾ ਵਿੱਚ ਰਾਵਣ ਦੀ ਭੂਮਿਕਾ ਦਾ ਰੋਲ ਬਹੁਤ ਵਧੀਆ ਨਿਭਾ ਰਿਹਾ ਹੈ। ਇਸ ਮੌਕੇ ਰਾਜੇਸ਼ ਸਹਿਗਲ ਕਲਿਆਣ ਸਿਨੇਮਾ ਵਾਲੇ, ਬਿਕਰਮਜੀਤ ਸਿੰਘ ਸੋਢੀ, ਗੁਰਮੇਲ ਸਿੰਘ, ਪ੍ਰਸ਼ੋਤ ਭੱਟੀ ਮਿੰਕਾ ਆਦਿ ਹਾਜ਼ਰ ਸਨ।

# ਸਮੋਸਿਆਂ-ਪਕੌੜਿਆਂ ਦਾ ਸੁਆਦ ਵਧਾਉਣ ਵਾਲਾ ਟਮਾਟਰ ਸੌਸ ਕਿਤੇ ਮਿਲਾਵਟੀ ਤਾਂ ਨਹੀਂ? ਬੱਚਿਆਂ ਨੂੰ ਦੇਣ ਤੋਂ ਪਹਿਲਾਂ ਇਨ੍ਹਾਂ 4 ਤਰੀਕਿਆਂ ਨਾਲ ਕਰੋ ਜਾਂਚ

ਕੌਮੀ ਪਤ੍ਰਿਕਾ

ਨਵੀਂ ਦਿੱਲੀ 21 ਅਕਤੂਬਰ। ਸਮੋਸੇ ਹੋਣ, ਪਕੌੜੇ ਹੋਣ ਜਾਂ ਬੱਚਿਆਂ ਦਾ ਮਨਪਸੰਦ ਆਲੂ ਪਰਾਂਠਾ, ਟਮਾਟਰ ਕੈਚਅੱਪ ਜਾਂ ਸੌਸ ਤੋਂ ਬਿਨਾਂ ਹਰ ਚੀਜ਼ ਅਧੂਰੀ ਲੱਗਦੀ ਹੈ। ਬੱਚੇ ਤਾਂ ਹਰ ਚੀਜ਼ ਨਾਲ ਸੌਸ ਮੰਗਦੇ ਹਨ ਤੇ ਮਾਪੇ ਵੀ ਉਨ੍ਹਾਂ ਨੂੰ ਖ਼ੁਸ਼ ਕਰਨ ਲਈ ਸੌਸ ਦੇ ਦਿੰਦੇ ਹਨ। ਹਾਲਾਂਕਿ, ਕੀ ਤੁਸੀਂ ਕਦੇ ਸੋਚਿਆ ਹੈ ਕਿ ਜਿਸ ਲਾਲ ਤੇ ਗਾੜ੍ਹੇ ਸੌਸ ਨੂੰ ਤੁਸੀਂ ਆਪਣੇ ਬੱਚਿਆਂ ਨੂੰ ਪਿਆਰ ਨਾਲ ਖੁਆ ਰਹੇ ਹੋ, ਕਿਤੇ ਉਹ ਉਨ੍ਹਾਂ ਦੀ ਸਿਹਤ ਲਈ ਨੁਕਸਾਨਦੇਹ ਤਾਂ ਨਹੀਂ? ਬਾਜ਼ਾਰ 'ਚ ਇਨ੍ਹੀਂ ਦਿਨੀਂ ਨਕਲੀ ਤੇ ਮਿਲਾਵਟੀ ਸੌਸ ਵਿਕਣ ਦੀਆਂ ਖ਼ਬਰਾਂ ਸਾਹਮਣੇ ਆਉਂਦੀਆਂ ਰਹਿੰਦੀਆਂ ਹਨ। ਅਜਿਹੇ ਸੌਸ 'ਚ ਟਮਾਟਰਾਂ ਦੀ ਥਾਂ ਹੋਰ ਸਮੱਗਰੀ ਤੇ ਰੰਗਾਂ ਦੀ ਵਰਤੋਂ ਕੀਤੀ ਜਾ ਸਕਦੀ ਹੈ। ਇਨ੍ਹਾਂ ਸੌਸਾਂ 'ਚ ਟਮਾਟਰਾਂ ਦੀ ਥਾਂ ਕੱਦੂ ਜਾਂ ਲੌਕੀ ਦਾ ਗੁੱਦਾ, ਬਹੁਤ ਜ਼ਿਆਦਾ ਖੰਡ, ਕੌਰਨ ਸਿਰਪ, ਨਕਲੀ ਰੰਗ ਤੇ ਪ੍ਰਿਜ਼ਰਵੇਟਿਵਜ਼ ਦੀ ਵਰਤੋਂ ਹੋ ਸਕਦੀ ਹੈ। ਇਨ੍ਹਾਂ ਸਮੱਗਰੀਆਂ ਦੀ ਮਾਤਰਾ ਤੇ ਕਿਸਮ ਦੇ ਆਧਾਰ 'ਤੇ ਬੱਚਿਆਂ ਦੀ ਸਿਹਤ 'ਤੇ ਮਾੜਾ ਅਸਰ ਪੈ ਸਕਦਾ ਹੈ। ਬਹੁਤ ਜ਼ਿਆਦਾ ਖੰਡ ਦਾ ਸੇਵਨ ਬੱਚਿਆਂ 'ਚ ਮੋਟਾਪੇ ਤੇ ਦੰਦਾਂ ਦੀ ਸੜਨ ਦਾ ਖ਼ਤਰਾ ਵਧਾ ਸਕਦਾ ਹੈ। ਅਜਿਹੀ ਸਥਿਤੀ 'ਚ ਘਬਰਾਉਣ ਦੀ ਲੋੜ ਨਹੀਂ ਹੈ। ਆਓ ਜਾਣਦੇ ਹਾਂ ਕਿ ਘਰ 'ਚ ਕੁਝ ਆਸਾਨ ਤਰੀਕਿਆਂ ਨਾਲ ਟਮਾਟਰ ਸੌਸ ਦੀ ਜਾਂਚ ਕਿਵੇਂ ਕੀਤੀ ਜਾ ਸਕਦੀ ਹੈ। ਇੱਕ ਸਾਫ਼ ਕੱਚ ਦੀ ਪਲੇਟ ਲਓ ਤੇ ਉਸ ਉੱਤੇ ਸੌਸ ਦੀਆਂ ਕੁਝ ਬੂੰਦਾਂ ਪਾਓ। ਹੁਣ



ਪਲੇਟ ਨੂੰ ਥੋੜ੍ਹਾ ਜਿਹਾ ਤਿਰਛਾ ਕਰੋ। ਜੇਕਰ ਸੌਸ 'ਚੋਂ ਪਾਣੀ ਵੱਖ ਹੋ ਕੇ ਤੇਜ਼ੀ ਨਾਲ ਹੇਠਾਂ ਵੱਲ ਵਗਦਾ ਹੈ, ਤਾਂ ਇਹ ਉਸ ਦੀ ਬਣਤਰ ਬਾਰੇ ਸਵਾਲ ਖੜ੍ਹੇ ਕਰ ਸਕਦਾ ਹੈ। ਇਸ ਦੇ ਉਲਟ, ਗਾੜ੍ਹਾ ਸੌਸ ਹੌਲੀ-ਹੌਲੀ ਵਗ ਸਕਦਾ ਹੈ। ਧਿਆਨ ਦਿਓ: ਸਿਰਫ਼ ਇਸ ਤਰੀਕੇ ਨਾਲ ਸੌਸ 'ਚ ਮਿਲਾਵਟ ਹੋਣ ਜਾਂ ਨਾ ਹੋਣ ਦੀ ਪੁਸ਼ਟੀ ਨਹੀਂ ਕੀਤੀ ਜਾ ਸਕਦੀ। ਸੌਸ ਦੀ ਗਾੜ੍ਹਾਪਣ ਉਸ ਦੀ ਰੈਸਿਪੀ ਤੇ ਸਮੱਗਰੀ 'ਤੇ ਵੀ ਨਿਰਭਰ ਕਰਦਾ ਹੈ। ਸੌਸ ਨੂੰ ਲਾਲ ਤੇ ਆਕਰਸ਼ਕ ਬਣਾਉਣ ਲਈ ਕੁਝ ਉਤਪਾਦਾਂ 'ਚ ਰੰਗਾਂ ਦੀ ਵਰਤੋਂ ਕੀਤੀ ਜਾ ਸਕਦੀ ਹੈ। ਇਸ ਦੀ ਮੁੱਢਲੀ ਜਾਂਚ ਲਈ ਇੱਕ ਗਲਾਸ ਪਾਣੀ 'ਚ ਇੱਕ ਚਮਚ ਸੌਸ ਪਾਓ ਤੇ ਧਿਆਨ ਨਾਲ ਦੇਖੋ ਕਿ ਉਸ ਦਾ ਰੰਗ ਕਿਵੇਂ ਫੈਲਦਾ ਹੈ। ਜੇਕਰ ਸੌਸ ਪਾਣੀ 'ਚ ਪਾਉਂਦਿਆਂ ਹੀ ਰੰਗ ਛੱਡਣ ਲੱਗਦਾ ਹੈ, ਤਾਂ ਇਹ ਦੇਖਣ ਵਾਲੀ ਗੱਲ ਹੋ ਸਕਦੀ ਹੈ। ਪਰ ਸਿਰਫ਼ ਪਾਣੀ ਦਾ ਲਾਲ ਹੋ ਜਾਣਾ ਇਸ ਗੱਲ ਦਾ ਸਬੂਤ ਨਹੀਂ ਕਿ ਸੌਸ 'ਚ ਨੁਕਸਾਨਦੇਹ ਰਸਾਇਣਕ ਰੰਗ ਮਿਲਾਇਆ ਗਿਆ ਹੈ। ਟਮਾਟਰਾਂ ਦੇ ਕੁਦਰਤੀ ਰੰਗਦਾਰ ਤੱਤ ਵੀ ਪਾਣੀ 'ਚ ਫੈਲ ਸਕਦੇ ਹਨ ਸੌਸ ਨੂੰ ਗਾੜ੍ਹਾ ਕਰਨ ਲਈ ਕੁਝ ਉਤਪਾਦਾਂ 'ਚ ਸਟਾਰਚ ਦੀ ਵਰਤੋਂ ਕੀਤੀ ਜਾਂਦੀ ਹੈ। ਸਟਾਰਚ ਦੀ ਮੌਜੂਦਗੀ ਦੀ ਜਾਂਚ ਲਈ ਆਇਓਡੀਨ ਘੋਲ ਦੀ ਵਰਤੋਂ ਕੀਤੀ ਜਾ ਸਕਦੀ ਹੈ। ਸੌਸ ਦੀ ਥੋੜ੍ਹੀ ਜਿਹੀ ਮਾਤਰਾ ਲੈ ਕੇ ਉਸ 'ਚ ਆਇਓਡੀਨ ਘੋਲ ਦੀਆਂ ਕੁਝ ਬੂੰਦਾਂ ਪਾਓ। ਜੇਕਰ ਇਸ ਦਾ ਰੰਗ ਗੂੜ੍ਹਾ ਨੀਲਾ ਜਾਂ ਕਾਲਾ ਹੋ ਜਾਂਦਾ ਹੈ, ਤਾਂ ਇਹ ਸਟਾਰਚ ਦੀ ਮੌਜੂਦਗੀ ਦਾ ਸੰਕੇਤ ਹੋ ਸਕਦਾ ਹੈ। ਹਾਲਾਂਕਿ, ਇਸ ਟੈਸਟ ਨਾਲ ਇਹ ਸਾਬਤ ਨਹੀਂ ਹੁੰਦਾ ਕਿ ਸੌਸ ਮਿਲਾਵਟੀ ਹੈ, ਕਿਉਂਕਿ ਕੁਝ ਉਤਪਾਦਾਂ 'ਚ ਸਟਾਰਚ ਦੀ ਵਰਤੋਂ ਜਾਇਜ਼ ਤੌਰ 'ਤੇ ਵੀ ਕੀਤੀ ਜਾ ਸਕਦੀ ਹੈ। ਸਾਵਧਾਨੀ: ਆਇਓਡੀਨ ਘੋਲ ਨੂੰ ਖਾਣ ਵਾਲੇ ਸੌਸ 'ਚ ਮਿਲਾ ਕੇ ਉਸ ਦਾ ਸੇਵਨ ਨਾ ਕਰੋ। ਇਹ ਜਾਂਚ ਸਿਰਫ਼ ਵੱਖਰੇ ਨਮੂਨੇ 'ਤੇ ਕਰੋ ਤੇ ਬੱਚਿਆਂ ਦੀ ਪਹੁੰਚ ਤੋਂ ਦੂਰ ਰੱਖੋ। ਟਮਾਟਰ ਕੈਚਅੱਪ 'ਚ ਆਮ ਤੌਰ 'ਤੇ ਟਮਾਟਰਾਂ ਦੀ ਖਟਾਸ, ਮਿਠਾਸ ਤੇ ਖ਼ਾਸ ਖ਼ੁਸ਼ਬੂ ਹੁੰਦੀ ਹੈ। ਜੇਕਰ ਸੌਸ 'ਚੋਂ ਅਸਧਾਰਨ ਗੰਧ ਆਉਂਦੀ ਹੈ ਜਾਂ ਉਸ ਦਾ ਸੁਆਦ ਆਮ ਨਾਲੋਂ ਬਹੁਤ ਵੱਖਰਾ ਲੱਗਦਾ ਹੈ, ਤਾਂ ਉਸ ਦੀ ਵਰਤੋਂ ਕਰਨ ਤੋਂ ਬਚੋ। ਕਈ ਵਾਰ ਸੌਸ 'ਚ ਸਿਰਕੇ ਦੀ ਗੰਧ ਜਾਂ ਮਿਠਾਸ ਵਧੇਰੇ ਹੋ ਸਕਦੀ ਹੈ, ਜੋ ਉਸ ਦੀ ਰੈਸਿਪੀ ਦਾ ਹਿੱਸਾ ਵੀ ਹੋ ਸਕਦੀ ਹੈ। ਇਸ ਲਈ ਸਿਰਫ਼ ਸੁਆਦ ਜਾਂ ਖ਼ੁਸ਼ਬੂ ਦੇ ਆਧਾਰ 'ਤੇ ਮਿਲਾਵਟ ਦਾ ਪੱਕਾ ਪਤਾ ਨਹੀਂ ਲਗਾਇਆ ਜਾ ਸਕਦਾ। ਬੱਚਿਆਂ ਦੀ ਸਿਹਤ ਨੂੰ ਧਿਆਨ 'ਚ ਰੱਖਦੇ ਹੋਏ ਹਮੇਸ਼ਾ ਭਰੋਸੇਯੋਗ ਬ੍ਰਾਂਡ ਦਾ ਸੌਸ ਖਰੀਦੋ। ਪੈਕਟ ਜਾਂ ਬੋਤਲ 'ਤੇ ਲਿਖੀ ਸਮੱਗਰੀ, ਖੰਡ ਦੀ ਮਾਤਰਾ, ਮਿਆਦ ਪੁੱਗਣ ਦੀ ਤਾਰੀਖ ਤੇ ਖਾਣ-ਪੀਣ ਨਾਲ ਸਬੰਧਤ ਲੋੜੀਂਦੇ ਵੇਰਵਿਆਂ ਦੀ ਜਾਂਚ ਜ਼ਰੂਰ ਕਰੋ। ਜੇਕਰ ਸੌਸ ਦੀ ਗੁਣਵੱਤਾ ਬਾਰੇ ਸ਼ੱਕ ਹੋਵੇ, ਤਾਂ ਉਸ ਦੀ ਵਰਤੋਂ ਨਾ ਕਰੋ। ਘਰ 'ਚ ਤਾਜ਼ੇ ਟਮਾਟਰਾਂ ਨਾਲ ਸੌਸ ਬਣਾਉਣਾ ਵੀ ਇੱਕ ਚੰਗਾ ਵਿਕਲਪ ਹੈ। ਇਸ ਨਾਲ ਤੁਸੀਂ ਵਰਤੀ ਜਾਣ ਵਾਲੀ ਸਮੱਗਰੀ ਤੇ ਖੰਡ ਦੀ ਮਾਤਰਾ ਨੂੰ ਆਪਣੇ ਹਿਸਾਬ ਨਾਲ ਨਿਯੰਤਰਿਤ ਕਰ ਸਕਦੇ ਹੋ। ਜ਼ਰੂਰੀ ਗੱਲ: ਘਰੇਲੂ ਤਰੀਕਿਆਂ ਨਾਲ ਕੀਤੀਆਂ ਇਹ ਜਾਂਚਾਂ ਮਿਲਾਵਟ ਦੀ ਪੱਕੀ ਪੁਸ਼ਟੀ ਨਹੀਂ ਕਰਦੀਆਂ। ਜੇਕਰ ਕਿਸੇ ਉਤਪਾਦ ਬਾਰੇ ਗੰਭੀਰ ਸ਼ੱਕ ਹੋਵੇ, ਤਾਂ ਸਬੰਧਤ ਖ਼ੁਰਾਕ ਸੁਰੱਖਿਆ ਵਿਭਾਗ ਜਾਂ ਪ੍ਰਮਾਣਿਤ ਪ੍ਰਯੋਗਸ਼ਾਲਾ ਦੀ ਮਦਦ ਲਓ।

# ਪਰਾਲੀ ਸਾੜੀ ਤਾਂ ਖੈਰ ਨਹੀਂ ! ਪੰਜਾਬ ਸਣੇ ਇਨ੍ਹਾਂ 5 ਸੂਬਿਆਂ ਨੂੰ ਕੇਂਦਰ ਦੀ ਸਖ਼ਤ ਚਿਤਾਵਨੀ

ਨਵੀਂ ਦਿੱਲੀ 21 ਅਕਤੂਬਰ। ਪਰਾਲੀ ਸਾੜਨ ਦਾ ਮੌਸਮ ਆਪਣੇ ਸਿਖਰ 'ਤੇ ਪਹੁੰਚਣ ਤੋਂ ਪਹਿਲਾਂ ਕੇਂਦਰ ਨੇ ਮੰਗਲਵਾਰ ਨੂੰ ਮੱਧ ਪ੍ਰਦੇਸ਼, ਰਾਜਸਥਾਨ, ਪੰਜਾਬ, ਹਰਿਆਣਾ ਅਤੇ ਦਿੱਲੀ-ਰਾਸ਼ਟਰੀ ਰਾਜਧਾਨੀ ਖੇਤਰ (ਐੱਨ. ਸੀ. ਆਰ.) ਦੀਆਂ ਸਰਕਾਰਾਂ ਨੂੰ ਪਰਾਲੀ ਸਾੜਨ ਦੇ ਮਾਮਲਿਆਂ 'ਤੇ ਰੋਕ ਲਗਾਉਣ ਲਈ 'ਮਿਸ਼ਨ ਮੋਡ' ਵਿਚ ਕੰਮ ਕਰਨ ਲਈ ਕਿਹਾ। ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਅਤੇ ਵਾਤਾਵਰਣ ਮੰਤਰੀ ਭੂਪਿੰਦਰ ਯਾਦਵ ਦੀ ਪ੍ਰਧਾਨਗੀ ਹੇਠ ਹੋਈ ਇਕ ਉੱਚ-ਪੱਧਰੀ ਅੰਤਰ-ਮੰਤਰਾਲਾ ਬੈਠਕ ਵਿਚ ਸੂਬਿਆਂ ਦੇ ਖੇਤੀਬਾੜੀ ਮੰਤਰੀਆਂ ਅਤੇ ਅਧਿਕਾਰੀਆਂ ਨਾਲ ਪਰਾਲੀ ਪ੍ਰਬੰਧਨ ਦੀ ਸਮੀਖਿਆ ਕੀਤੀ



ਗਈ। ਦੱਸ ਦੇਈਏ ਕਿ ਇਸ ਬੈਠਕ ਵਿਚ ਦੋਵਾਂ ਮੰਤਰੀਆਂ ਨੇ ਕਿਹਾ ਕਿ ਮੌਜੂਦਾ ਫਸਲ ਦੀ ਕਟਾਈ ਅਤੇ ਹਾੜ੍ਹੀ ਦੀ ਫਸਲ ਦੀ ਬੀਜਾਈ ਵਿਚਾਲੇ ਬਹੁਤ ਘੱਟ ਸਮਾਂ ਬਚਿਆ ਹੈ। ਇਸ ਲਈ ਪ੍ਰਸ਼ਾਸਨਿਕ ਢਾਂਚੇ ਨੂੰ ਕਾਗਜ਼ੀ ਕਾਰਵਾਈ ਤੋਂ ਅੱਗੇ ਵਧ ਕੇ ਜੰਗੀ ਪੱਧਰ 'ਤੇ ਸਿੱਧਾ ਜ਼ਮੀਨ 'ਤੇ ਕੰਮ ਕਰਨਾ ਚਾਹੀਦਾ ਹੈ। ਖੇਤੀਬਾੜੀ ਮੰਤਰਾਲਾ ਦੇ ਬਿਆਨ ਮੁਤਾਬਕ, ਸੂਬਿਆਂ ਨੂੰ ਜ਼ਿਲ੍ਹਾ ਮੈਜਿਸਟ?ਰੇਟਾਂ ਨਾਲ ਤੁਰੰਤ ਮੀਟਿੰਗਾਂ ਕਰਨ ਅਤੇ ਸਖ਼ਤ ਨਿਗਰਾਨੀ ਦੇ ਨਾਲ ਅਮਲੀ ਹੱਲ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ। ਇਸ ਦੇ ਨਾਲ ਹੀ ਚੌਹਾਨ ਨੇ 15 ਸਤੰਬਰ ਤੋਂ 12 ਅਕਤੂਬਰ ਤੱਕ ਦੇ ਅੰਕੜਿਆਂ ਦੀ ਸਮੀਖਿਆ ਕਰਦੇ ਹੋਏ ਕਿਹਾ ਕਿ ਪਿਛਲੇ ਸਾਲ ਦੇ ਮੁਕਾਬਲੇ ਪਰਾਲੀ ਸਾੜਨ ਦੇ ਮਾਮਲਿਆਂ ਵਿਚ ਹਰਿਆਣਾ ਵਿਚ 53.3 ਫੀਸਦੀ ਅਤੇ ਉੱਤਰ ਪ੍ਰਦੇਸ਼ ਵਿਚ ਲੱਗਭਗ 32 ਫੀਸਦੀ ਦੀ ਜ਼ਿਕਰਯੋਗ ਕਮੀ ਆਈ ਹੈ। ਪੰਜਾਬ ਵਿਚ ਵੀ ਅਜਿਹੇ ਮਾਮਲਿਆਂ ਵਿਚ ਗਿਰਾਵਟ ਦਰਜ ਕੀਤੀ ਗਈ। ਹਾਲਾਂਕਿ, ਉਨ੍ਹਾਂ ਨੇ ਮੱਧ ਪ੍ਰਦੇਸ਼ ਵਿਚ ਪਰਾਲੀ ਸਾੜਨ ਦੇ ਮਾਮਲੇ 55 ਤੋਂ ਵਧ ਕੇ 277 ਹੋਣ (452 ਫੀਸਦੀ ਵਾਧਾ) ਅਤੇ ਰਾਜਸਥਾਨ ਵਿਚ 20 ਤੋਂ ਵਧ ਕੇ 60 ਹੋਣ (200 ਫੀਸਦੀ ਵਾਧਾ) ਨੂੰ 'ਬੇਹੱਦ ਚਿੰਤਾਜਨਕ' ਦੱਸਿਆ।

## ਗੰਨਾ ਕਿਸਾਨਾਂ ਦੀਆਂ ਮੰਗਾਂ 'ਤੇ ਵਿਚਾਰ ਲਈ ਕਮੇਟੀ ਗਠਿਤ

ਨਵੀਂ ਦਿੱਲੀ 21 ਅਕਤੂਬਰ। ਕੇਂਦਰ ਸਰਕਾਰ ਨੇ ਨੀਤੀ ਆਯੋਗ ਦੇ ਸਾਬਕਾ ਮੈਂਬਰ ਰਮੇਸ਼ ਚੰਦ ਦੀ ਪ੍ਰਧਾਨਗੀ ਹੇਠ ਇਕ ਕਮੇਟੀ ਗਠਿਤ ਕੀਤੀ, ਜੋ ਗੰਨਾ ਕਿਸਾਨਾਂ, ਵਿਸ਼ੇਸ਼ ਤੌਰ 'ਤੇ ਕਰਨਾਟਕ ਅਤੇ ਮਹਾਰਾਸ਼ਟਰ ਦੇ ਖੇਤੀਬਾੜੀ ਕਰਨ ਵਾਲਿਆਂ ਦੀਆਂ ਮੰਗਾਂ 'ਤੇ ਵਿਚਾਰ ਕਰੇਗੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਉਪਾਅ ਸੁਝਾਏਗੀ। ਖ਼ੁਰਾਕ ਮੰਤਰਾਲਾ ਵੱਲੋਂ ਜਾਰੀ ਬਿਆਨ ਅਨੁਸਾਰ, ਇਹ ਕਦਮ ਦੋਵਾਂ ਸੂਬਿਆਂ ਦੇ ਗੰਨਾ ਕਿਸਾਨਾਂ ਦੇ ਪ੍ਰਤੀਨਿਧੀਆਂ ਅਤੇ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਤੇ ਕੇਂਦਰੀ ਖ਼ੁਰਾਕ ਮੰਤਰੀ ਪ੍ਰਹਿਲਾਦ ਜੋਸ਼ੀ ਵਿਚਾਲੇ ਹੋਈ ਬੈਠਕ ਤੋਂ ਬਾਅਦ ਚੁੱਕਿਆ ਗਿਆ ਹੈ। ਦੋਵਾਂ ਮੰਤਰੀਆਂ ਨੇ 12 ਅਕਤੂਬਰ ਨੂੰ ਪੂਸਾ ਕੰਪਲੈਕਸ ਵਿਚ ਗੰਨਾ ਉਤਪਾਦਕ ਇਨ੍ਹਾਂ ਦੋਵਾਂ ਪ੍ਰਮੁੱਖ ਸੂਬੇ ਦੇ ਕਿਸਾਨਾਂ ਦੇ ਵਫ਼ਦ ਨਾਲ ਵਿਸਥਾਰਪੂਰਵਕ ਚਰਚਾ ਕੀਤੀ ਸੀ। ਬੈਠਕ ਵਿਚ ਵੱਖ-ਵੱਖ ਜਥੇਬੰਦੀਆਂ ਦੇ ਲੱਗਭਗ 80 ਤੋਂ 90 ਕਿਸਾਨ ਅਤੇ ਸੂਬਾ ਸਰਕਾਰਾਂ ਦੇ ਮੰਤਰੀ ਸ਼ਾਮਲ ਹੋਏ ਸਨ। ਕਿਸਾਨਾਂ ਨੇ ਉਤਪਾਦਨ ਲਾਗਤ ਵਧਣ ਦਾ ਹਵਾਲਾ ਦਿੰਦੇ ਹੋਏ ਗੰਨੇ ਦਾ ਸਮਰਥਨ ਮੁੱਲ ਵਧਾਉਣ ਦੀ ਮੰਗ ਕੀਤੀ ਹੈ।

# ਹੈਵਾਨ ਬਣੇ ਪਤੀ ਨੇ ਪਤਨੀ ਤੇ ਬੱਚੇ ਨੂੰ ਉਤਾਰਿਆ ਮੌਤ ਦੇ ਘਾਟ

ਕੇਰਲਮ 21 ਅਕਤੂਬਰ। ਕੇਰਲਮ ਦੇ ਤ੍ਰਿਸ਼ੂਰ ਜ਼ਿਲ੍ਹੇ ਦੇ ਵਾਲਾਪਾਡ ਇਲਾਕੇ ਤੋਂ ਇੱਕ ਵੱਡੀ ਖ਼ਬਰ ਸਾਹਮਣੇ ਆਈ ਹੈ। ਇੱਥੇ ਵੀਰਵਾਰ ਤੜਕੇ ਇੱਕ ਵਿਅਕਤੀ ਨੇ ਸ਼ੱਕ ਅਤੇ ਪਰਿਵਾਰਕ ਵਿਵਾਦ ਦੇ ਚੱਲਦਿਆਂ ਆਪਣੀ 24 ਸਾਲਾ ਪਤਨੀ ਅਤੇ 4 ਸਾਲਾ ਮਾਸੂਮ ਪੁੱਤਰ ਦਾ ਤੇਜ਼ਧਾਰ ਹਥਿਆਰ ਨਾਲ ਗਲਾ ਵੱਢ ਕੇ ਕਤਲ ਕਰ ਦਿੱਤਾ। ਇਸ ਤੋਂ ਬਾਅਦ ਮੁਲਜ਼ਮ ਨੇ ਖ਼ੁਦ ਦੀ ਜਾਨ ਲੈਣ ਦੇ ਇਰਾਦੇ ਨਾਲ ਆਪਣੇ ਆਪ ਨੂੰ ਵੀ ਜ਼ਖ਼ਮੀ ਕਰ ਲਿਆ। ਪੁਲਿਸ ਤੋਂ ਮਿਲੀ ਜਾਣਕਾਰੀ ਅਤੇ ਐੱਫਆਈਆਰ ਮੁਤਾਬਕ, ਇਹ ਵਾਰਦਾਤ ਵੀਰਵਾਰ ਤੜਕੇ ਕਰੀਬ 12:30 ਵਜੇ ਵਾਲਾਪਾਡ ਬੀਚ ਨੇੜੇ ਸਥਿਤ ਮ੍ਰਿਤਕ ਮਹਿਲਾ ਦੇ ਘਰ ਵਿੱਚ ਵਾਪਰੀ। ਮ੍ਰਿਤਕਾਂ ਦੀ ਪਛਾਣ ਵਿਸਮਯਾ (24) ਅਤੇ ਉਸ ਦੇ 4 ਸਾਲਾ ਪੁੱਤਰ ਦਕਸ਼ਿਣ ਵਜੋਂ ਹੋਈ ਹੈ। ਦੋਵੇਂ ਨੱਟਿਕਾ ਦੇ ਰਹਿਣ ਵਾਲੇ ਸਨ। ਜਾਣਕਾਰੀ ਅਨੁਸਾਰ, 44 ਸਾਲਾ ਵਿਨੀਸ਼ ਪੇਸ਼ੇ ਤੋਂ ਲਾਰੀ ਡਰਾਈਵਰ ਹੈ। ਉਹ ਹਫ਼ਤੇ ਵਿੱਚ ਇੱਕ ਜਾਂ ਦੋ ਵਾਰ ਆਪਣੀ ਪਤਨੀ ਨੂੰ ਮਿਲਣ ਆਉਂਦਾ ਸੀ। ਪੁਲਿਸ ਮੁਤਾਬਕ, ਵਿਨੀਸ਼ ਨੂੰ ਸ਼ੱਕ ਸੀ ਕਿ ਉਸ ਦੀ ਪਤਨੀ ਵਿਸਮਯਾ ਦੇ ਕਿਸੇ ਹੋਰ ਵਿਅਕਤੀ ਨਾਲ ਨਾਜਾਇਜ਼ ਸਬੰਧ ਹਨ। ਇਸ ਗੱਲ ਨੂੰ ਲੈ ਕੇ ਦੋਵਾਂ ਵਿਚਕਾਰ ਲੰਬੇ ਸਮੇਂ ਤੋਂ ਤਕਰਾਰ ਅਤੇ ਤਣਾਅ ਚੱਲ ਰਿਹਾ ਸੀ। ਐੱਫਆਈਆਰ ਮੁਤਾਬਕ, ਕਤਲ ਦੀ ਯੋਜਨਾ ਪਹਿਲਾਂ ਹੀ ਬਣਾਈ ਗਈ ਸੀ। ਵੀਰਵਾਰ ਤੜਕੇ ਕਰੀਬ 12:30 ਵਜੇ ਮੁਲਜ਼ਮ ਵਿਨੀਸ਼ ਬੈੱਡਰੂਮ ਵਿੱਚ ਗਿਆ ਅਤੇ ਸਰਜੀਕਲ ਬਲੇਡ ਵਰਗੀ ਬਹੁਤ ਤੇਜ਼ਧਾਰ ਚੀਜ਼ ਨਾਲ ਆਪਣੀ ਪਤਨੀ ਵਿਸਮਯਾ ਅਤੇ ਮਾਸੂਮ ਪੁੱਤਰ ਦਕਸ਼ਿਣ ਦਾ ਗਲਾ ਵੱਢ ਕੇ ਉਨ੍ਹਾਂ ਦੀ ਹੱਤਿਆ ਕਰ ਦਿੱਤੀ। ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਮੁਲਜ਼ਮ ਵਿਨੀਸ਼ ਨੇ ਆਪਣੇ ਆਪ ਨੂੰ ਵੀ ਗੰਭੀਰ ਰੂਪ ਵਿੱਚ ਜ਼ਖ਼ਮੀ ਕਰ ਲਿਆ ਅਤੇ ਖ਼ੁਦਕੁਸ਼ੀ ਕਰਨ ਦੀ ਕੋਸ਼ਿਸ਼ ਕੀਤੀ। ਪੁਲਿਸ ਨੇ ਤੁਰੰਤ ਮੌਕੇ 'ਤੇ ਪਹੁੰਚ ਕੇ ਉਸ ਨੂੰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਪਹੁੰਚਾਇਆ। ਬਾਅਦ ਵਿੱਚ ਉਸ ਨੂੰ ਤ੍ਰਿਸ਼ੂਰ ਮੈਡੀਕਲ ਕਾਲਜ ਰੈਫ਼ਰ ਕਰ ਦਿੱਤਾ ਗਿਆ। ਵਾਲਾਪਾਡ ਪੁਲਿਸ ਨੇ ਇਸ ਮਾਮਲੇ ਵਿੱਚ ਕਤਲ ਦਾ ਕੇਸ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਿਸ ਮੁਤਾਬਕ, ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਦੋਵਾਂ ਦੀਆਂ ਲਾਸ਼ਾਂ ਪਰਿਵਾਰਕ ਮੈਂਬਰਾਂ ਨੂੰ ਸੌਂਪ ਦਿੱਤੀਆਂ ਜਾਣਗੀਆਂ।

## ਤਾਮਿਲਨਾਡੂ 'ਚ ਗ਼ੈਰ-ਕਾਨੂੰਨੀ ਰੂਪ 'ਚ ਰਹਿ ਰਿਹਾ ਬੰਗਲਾਦੇਸ਼ੀ ਗ੍ਰਿਫ਼ਤਾਰ

ਚੇਨਈ, 21 ਅਕਤੂਬਰ। ਤਾਮਿਲਨਾਡੂ 'ਚ ਗੈਰ-ਕਾਨੂੰਨੀ ਰੂਪ 'ਚ ਰਹਿਣ, ਸਥਾਨਕ ਔਰਤ ਨਾਲ ਵਿਆਹ ਕਰਨ ਅਤੇ ਫਰਜ਼ੀ ਪਛਾਣ ਦਸਤਾਵੇਜ਼ਾਂ ਦੇ ਆਧਾਰ 'ਤੇ ਭਾਰਤੀ ਪਾਸਪੋਰਟ ਹਾਸਲ ਕਰਨ ਦੇ ਦੋਸ਼ 'ਚ ਬੰਗਲਾਦੇਸ਼ ਦੇ ਇਕ ਨਾਗਰਿਕ ਨੂੰ ਗ੍ਰਿਫ਼ਤਾਰ ਕੀਤਾ ਗਿਆ। ਪੁਲਸ ਨੇ ਦੱਸਿਆ ਕਿ ਗ੍ਰਿਫ਼ਤਾਰ ਵਿਅਕਤੀ ਦੀ ਪਛਾਣ 47 ਸਾਲਾ ਕਾਮਿਲ ਵਜੋਂ ਹੋਈ ਹੈ। ਪੁਲਸ ਅਨੁਸਾਰ ਕਾਮਿਲ 2008 'ਚ ਪੱਛਮੀ ਬੰਗਾਲ ਦੇ ਰਸਤੇ ਗੈਰ-ਕਾਨੂੰਨੀ ਢੰਗ ਨਾਲ ਭਾਰਤ 'ਚ ਦਾਖਲ ਹੋਇਆ ਸੀ ਅਤੇ ਇਸ ਤੋਂ ਬਾਅਦ ਉਹ ਤਾਮਿਲਨਾਡੂ ਚਲਾ ਗਿਆ। ਪੁਲਸ ਨੇ ਦੱਸਿਆ ਕਿ ਤਾਮਿਲਨਾਡੂ 'ਚ ਰਹਿਣ ਦੌਰਾਨ ਉਸ ਨੇ ਇਕ ਔਰਤ ਨਾਲ ਵਿਆਹ ਕੀਤਾ ਅਤੇ ਬਾਅਦ 'ਚ ਉਸ ਨਾਲ ਤ੍ਰਿਪੁਰਾ ਚਲਾ ਗਿਆ।

# ਦੁਨੀਆ ਦੇ 465 ਸ਼ਹਿਰਾਂ 'ਚ ਹੇਠਾਂ ਧੱਸ ਰਹੀ ਜ਼ਮੀਨ, ਮੈਕਸੀਕੋ ਸਿਟੀ 'ਚ ਧਸਣ ਦੀ ਪ੍ਰਕਿਰਿਆ ਸਭ ਤੋਂ ਤੇਜ਼

ਕੌਮੀ ਪਤ੍ਰਿਕਾ

ਨਵੀਂ ਦਿੱਲੀ, 21 ਅਕਤੂਬਰ। ਦੁਨੀਆ ਦੇ 107 ਦੇਸ਼ਾਂ ਦੇ 465 ਸ਼ਹਿਰਾਂ ਵਿਚ ਜ਼ਮੀਨ ਧੱਸਣ ਦਾ ਖ਼ਤਰਾ ਸਾਹਮਣੇ ਆਇਆ ਹੈ। 2014 ਤੋਂ 2023 ਤੱਕ ਦੇ ਉਪਗ੍ਰਹਿ ਦੇ ਅੰਕੜਿਆਂ 'ਤੇ ਅਧਾਰਿਤ ਇਕ ਅਧਿਐਨ ਦੇ ਅਨੁਸਾਰ, ਮੈਕਸੀਕੋ ਸਿਟੀ ਦੇ ਕੁਝ ਹਿੱਸਿਆਂ ਵਿਚ ਜ਼ਮੀਨ ਸਾਲਾਨਾ 217 ਮਿਲੀਮੀਟਰ ਤੱਕ ਹੇਠਾਂ ਧੱਸ ਰਹੀ ਹੈ। ਹਾਲਾਂਕਿ, ਪੂਰੇ ਸ਼ਹਿਰ ਵਿਚ ਧਸਣ ਦੀ ਔਸਤ ਦਰ ਲੱਗਭਗ 8 ਮਿਲੀਮੀਟਰ ਸਾਲਾਨਾ ਰਹੀ। ਮੈਕਸੀਕੋ ਦੇ ਤੋਰੀਓਨ ਵਿਚ ਇਹ ਦਰ ਕਰੀਬ 17 ਮਿਲੀਮੀਟਰ ਸਾਲਾਨਾ ਦਰਜ ਕੀਤੀ ਗਈ। ਅੰਕੜੇ ਦੱਸਦੇ ਹਨ ਕਿ ਇਕੋ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿਚ ਖ਼ਤਰੇ ਦਾ ਪੱਧਰ ਬਹੁਤ ਵੱਖਰਾ ਹੋ ਸਕਦਾ ਹੈ। ਖੋਜ ਰਸਾਲੇ 'ਨੇਚਰ ਸਿਟੀਜ਼' ਵਿਚ ਪ੍ਰਕਾਸ਼ਿਤ ਇਨ੍ਹਆਂ ਸਿੱਟਿਆਂ ਨੇ ਸ਼ਹਿਰੀ ਵਿਕਾਸ ਦੇ ਸਾਹਮਣੇ ਨਵੀਂ ਚੁਣੌਤੀ ਖੜ੍ਹੀ ਕਰ ਦਿੱਤੀ ਹੈ। ਜ਼ਮੀਨ ਧੱਸਣ ਨਾਲ ਉੱਚੀਆਂ ਇਮਾਰਤਾਂ ਦੀਆਂ ਨੀਂਹਾਂ, ਸੜਕਾਂ, ਜ਼ਮੀਨਦੋਜ਼ ਪਾਈਪਲਾਈਨਾਂ ਅਤੇ ਜਲ ਨਿਕਾਸ



ਪ੍ਰਣਾਲੀ ਪ੍ਰਭਾਵਿਤ ਹੋ ਸਕਦੀ ਹੈ। ਅਧਿਐਨ ਵਿਚ ਏਸ਼ੀਆ ਦੇ ਕਈ ਸ਼ਹਿਰਾਂ ਵਿਚ ਵੀ ਜ਼ਮੀਨ ਧੱਸਣ ਦੀ ਗੰਭੀਰ ਸਥਿਤੀ ਸਾਹਮਣੇ ਆਈ। ਇੰਡੋਨੇਸ਼ੀਆ ਦੇ ਮੇਦਾਨ ਵਿਚ ਧਸਣ ਦੀ ਔਸਤ ਦਰ ਕਰੀਬ 33 ਮਿਲੀਮੀਟਰ ਸਾਲਾਨਾ ਰਹੀ, ਜਦਕਿ ਬਾਂਡੁੰਗ ਵਿਚ ਇਹ ਲੱਗਭਗ 22 ਮਿਲੀਮੀਟਰ ਅਤੇ ਈਰਾਨ ਦੇ ਇਸਫਹਾਨ ਵਿਚ ਕਰੀਬ 11 ਮਿਲੀਮੀਟਰ ਸਾਲਾਨਾ ਦਰਜ ਕੀਤੀ ਗਈ। ਲਗਾਤਾਰ ਧੱਸਦੀ ਜ਼ਮੀਨ ਨਾਲ ਇਮਾਰਤਾਂ ਵਿਚ ਤਰੇੜਾਂ ਪੈਣ, ਸੜਕਾਂ ਦੇ ਖਰਾਬ ਹੋਣ ਅਤੇ ਜ਼ਮੀਨਦੋਜ਼ ਪਾਣੀ ਅਤੇ ਸੀਵਰ ਪਾਈਪਲਾਈਨਾਂ ਟੁੱਟਣ ਦਾ ਖ਼ਤਰਾ ਵਧ ਸਕਦਾ ਹੈ। ਕਈ ਇਲਾਕਿਆਂ ਵਿਚ ਇਸ ਨਾਲ ਪਾਣੀ ਭਰਨ ਅਤੇ ਹੜ੍ਹ ਦੀ ਸਮੱਸਿਆ ਵੀ ਗੰਭੀਰ ਹੋ ਸਕਦੀ ਹੈ। ਬੋਸਟਨ, ਨਿਊਯਾਰਕ, ਲੰਡਨ, ਬੀਜਿੰਗ, ਟੋਕੀਓ, ਸਿਓਲ, ਸਿਡਨੀ, ਮੋਂਟੇਵੀਡੀਓ ਅਤੇ ਨੇਪਲਜ਼ ਵਰਗੇ ਸ਼ਹਿਰਾਂ ਵਿਚ ਜ਼ਮੀਨ ਦੇ ਧੱਸਣ ਜਾਂ ਉੱਪਰ ਉੱਠਣ ਦੀ ਅਨੁਮਾਨਿਤ ਦਰ 0.1 ਤੋਂ 1.9 ਮਿਲੀਮੀਟਰ ਸਾਲਾਨਾ ਦਰਮਿਆਨ ਰਹੀ। ਹਾਲਾਂਕਿ, ਇਨ੍ਹਾਂ ਅੰਕੜਿਆਂ ਵਿਚ ਬੇਯਕੀਨੀ ਸੰਭਵ ਹੈ। ਇਸ ਲਈ ਘੱਟ ਦਰ ਨੂੰ ਵੀ ਪੂਰੀ ਤਰ੍ਹਾਂ ਖ਼ਤਰੇ ਤੋਂ ਮੁਕਤ ਹੋਣ ਦਾ ਸਬੂਤ ਨਹੀਂ ਮੰਨਿਆ ਜਾ ਸਕਦਾ। ਅਧਿਐਨ ਦੀ ਮਿਆਦ 9 ਸਾਲਾਂ ਤੱਕ ਸੀਮਤ ਹੈ। ਸ਼ਹਿਰਾਂ ਦੀਆਂ ਪ੍ਰਸ਼ਾਸਨਿਕ ਹੱਦਾਂ ਤੋਂ ਬਾਹਰ ਦੇ ਖੇਤਰ ਛੁੱਟਣ ਅਤੇ ਜ਼ਮੀਨ 'ਤੇ ਮਾਪਣ ਕੇਂਦਰਾਂ ਦੀ ਘਾਟ ਨਾਲ ਵੀ ਕੁਝ ਅੰਕੜਿਆਂ ਦੀ ਸਟੀਕਤਾ ਪ੍ਰਭਾਵਿਤ ਹੋ ਸਕਦੀ ਹੈ। ਮਾਹਰਾਂ ਲਈ ਚੁਣੌਤੀ ਪ੍ਰਭਾਵਿਤ ਖੇਤਰਾਂ ਦੀ ਸਮੇਂ ਸਿਰ ਪਛਾਣ ਕਰਨਾ ਹੈ। ਨਿਯਮਤ ਉਪਗ੍ਰਹਿ ਨਿਗਰਾਨੀ, ਭੂ-ਵਿਗਿਆਨਕ ਜਾਂਚ ਅਤੇ ਵਿਗਿਆਨਕ ਸ਼ਹਿਰੀ ਯੋਜਨਾਬੰਦੀ ਨਾਲ ਜੋਖਮ ਘਟਾਇਆ ਜਾ ਸਕਦਾ ਹੈ। ਸ਼ਹਿਰਾਂ ਨੂੰ ਸੁਰੱਖਿਅਤ ਰੱਖਣ ਲਈ ਸਿਰਫ਼ ਮਜ਼ਬੂਤ ਇਮਾਰਤਾਂ ਬਣਾਉਣਾ ਕਾਫ਼ੀ ਨਹੀਂ, ਉਨ੍ਹਾਂ ਦੇ ਹੇਠਾਂ ਦੀ ਜ਼ਮੀਨ ਦੀ ਸਥਿਰਤਾ 'ਤੇ ਨਜ਼ਰ ਰੱਖਣਾ ਵੀ ਜ਼ਰੂਰੀ ਹੈ।

# ਦਿਲਜੀਤ ਦੋਸਾਂਝ ਦੇ ਪਿੰਡ 'ਚ ਖਾਲਿਸਤਾਨੀ ਨਾਅਰੇ ਲਿਖਣ ਵਾਲੇ 3 ਗ੍ਰਿਫ਼ਤਾਰ ! ਮੋਗਾ ਨਾਲ ਜੁੜੇ ਤਾਰ

ਕੌਮੀ ਪਤ੍ਰਿਕਾ

ਫਿਲੌਰ 21 ਅਕਤੂਬਰ। ਫਿਲੌਰ ਪੁਲਸ ਨੇ ਪੰਜਾਬੀ ਗਾਇਕ ਦਿਲਜੀਤ ਦੋਸਾਂਝ ਦੇ ਜੱਦੀ ਪਿੰਡ ਦੋਸਾਂਝ ਕਲਾਂ 'ਚ ਇਕ ਘਰ ਦੀ ਕੰਧ 'ਤੇ ਕਥਿਤ ਤੌਰ 'ਤੇ ਖਾਲਿਸਤਾਨ ਪੱਖੀ ਨਾਅਰੇ ਲਿਖਣ ਦੇ ਮਾਮਲੇ ਵਿਚ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਲਵਪ੍ਰੀਤ ਸਿੰਘ, ਪ੍ਰਿਤਪਾਲ ਸਿੰਘ ਅਤੇ ਸ਼ਗਨਦੀਪ ਸਿੰਘ ਵਜੋਂ ਹੋਈ ਹੈ, ਜੋਕਿ ਮੋਗਾ ਜ਼ਿਲ੍ਹੇ ਦੇ ਰਹਿਣ ਵਾਲੇ ਹਨ। ਇਨ੍ਹਾਂ ਤਿੰਨਾਂ ਨੂੰ 15 ਅਕਤੂਬਰ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਜੁਡੀਸ਼ੀਅਲ ਮੈਜਿਸਟਰੇਟ ਦੇ ਸਾਹਮਣੇ ਪੇਸ਼ ਕੀਤਾ ਗਿਆ, ਜਿੱਥੋਂ ਅਗਲੇਰੀ ਪੁੱਛਗਿੱਛ ਲਈ ਉਨ੍ਹਾਂ ਨੂੰ ਦੋ ਦਿਨਾਂ ਦੇ ਪੁਲਸ ਰਿਮਾਂਡ 'ਤੇ ਭੇਜ ਦਿੱਤਾ ਗਿਆ ਹੈ। ਫਿਲੌਰ ਦੇ ਡੀ. ਐੱਸ. ਪੀ. ਭਾਰਤ ਮਸੀਹ ਨੇ ਇਨ੍ਹਾਂ ਗ੍ਰਿਫ਼ਤਾਰੀਆਂ ਦੀ ਪੁਸ਼ਟੀ ਕੀਤੀ ਹੈ। ਜ਼ਿਕਰਯੋਗ ਹੈ ਕਿ ਇਹ ਘਟਨਾ 7 ਅਕਤੂਬਰ ਦੀ ਹੈ। ਦਿਲਜੀਤ ਦੋਸਾਂਝ ਦੇ 'ਔਰਾ ਇੰਡੀਆ ਟੂਰ' ਤੋਂ ਪਹਿਲਾਂ ਕੁਝ ਅਣਪਛਾਤੇ ਵਿਅਕਤੀਆਂ ਨੇ ਕਥਿਤ ਤੌਰ 'ਤੇ ਦੋਸਾਂਝ ਕਲਾਂ 'ਚ ਇਕ ਘਰ ਦੀ



ਕੰਧ 'ਤੇ ਸਪਰੇਅ ਪੇਂਟ ਨਾਲ "ਖਾਲਿਸਤਾਨ ਜ਼ਿੰਦਾਬਾਦ"ਸਮੇਤ ਕੁਝ ਨਾਅਰੇ ਲਿਖੇ ਸਨ। ਕੰਧ 'ਤੇ ਗਾਇਕ ਦਾ ਨਾਂ ਵੀ ਲਿਖਿਆ ਗਿਆ ਸੀ, ਜਿਸ ਨਾਲ ਇਹ ਅਫ਼ਵਾਹ ਫੈਲ ਗਈ ਕਿ ਇਹ ਘਰ ਦਿਲਜੀਤ ਦੋਸਾਂਝ ਦਾ ਹੈ। ਹਾਲਾਂਕਿ ਬਾਅਦ 'ਚ ਇਹ ਸਪਸ਼ਟ ਹੋ ਗਿਆ ਕਿ ਇਹ ਘਰ ਦਿਲਜੀਤ ਦੋਸਾਂਝ ਦਾ ਨਹੀਂ ਸਗੋਂ ਉਨ੍ਹਾਂ ਦੇ ਇਕ ਗੁਆਂਢੀ ਦਾ ਸੀ। ਮਕਾਨ ਮਾਲਕ ਮੁਖਤਿਆਰ ਨੇ ਦੱਸਿਆ ਸੀ ਕਿ ਸਪਰੇਅ ਪੇਂਟ ਦੀ ਬਦਬੂ ਉਸ ਦੇ ਘਰ ਦੇ ਅੰਦਰ ਆਉਣ ਕਾਰਨ ਉਸ ਦੀ ਜਾਗ ਖੁੱਲ੍ਹ ਗਈ ਸੀ। ਉਨ੍ਹਾਂ ਦੋਸ਼ ਲਾਇਆ ਕਿ ਜਦੋਂ ਉਹ ਬਾਹਰ ਗਏ ਤਾਂ ਉਨ੍ਹਾਂ ਮੂੰਹ ਬੰਨ੍ਹੀ ਖੜ੍ਹੇ ਕੁਝ ਵਿਅਕਤੀਆਂ ਨੂੰ ਵੇਖਿਆ ਅਤੇ ਉਨ੍ਹਾਂ ਨੂੰ ਝਿੜਕਿਆ, ਜਿਸ ਤੋਂ ਬਾਅਦ ਉਹ ਵਿਅਕਤੀ ਉੱਥੋਂ ਭੱਜ ਗਏ। ਕੰਧ ਨੂੰ ਵੇਖਣ 'ਤੇ ਉਨ੍ਹਾਂ ਨੂੰ ਉੱਥੇ ਖਾਲਿਸਤਾਨ ਅਤੇ ਗਾਇਕ ਦੇ ਨਾਂ ਵਾਲੇ ਨਾਅਰੇ ਲਿਖੇ ਹੋਏ ਮਿਲੇ ਸਨ। ਮੁਖਤਿਆਰ ਨੇ ਕਿਹਾ ਸੀ ਕਿ ਸ਼ਾਇਦ ਉਨ੍ਹਾਂ ਵਿਅਕਤੀਆਂ ਨੇ ਭੁਲੇਖੇ ਨਾਲ ਉਸ ਦੇ ਘਰ ਨੂੰ ਦਿਲਜੀਤ ਦੋਸਾਂਝ ਦਾ ਘਰ ਸਮਝ ਲਿਆ ਸੀ, ਜੋਕਿ ਉਸੇ ਸੜਕ 'ਤੇ ਥੋੜ੍ਹਾ ਅੱਗੇ ਸਥਿਤ ਹੈ। ਦਿਹਾੜੀ-ਮਜ਼ਦੂਰੀ ਕਰਕੇ ਆਪਣਾ ਗੁਜ਼ਾਰਾ ਚਲਾਉਣ ਵਾਲੇ ਮੁਖਤਿਆਰ ਨੇ ਦੱਸਿਆ ਕਿ ਕੰਧ ਖ਼ਰਾਬ ਹੋਣ ਕਾਰਨ ਉਸਦਾ ਲਗਭਗ 5,000 ਤੋਂ 7,000 ਰੁਪਏ ਦਾ ਨੁਕਸਾਨ ਹੋਇਆ ਹੈ।

## ਧਰਮ ਤਬਦੀਲੀ ਲਈ ਦਬਾਅ ਪਾਉਣਾ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣਾ ਨਹੀਂ : ਬੰਬੇ ਹਾਈ ਕੋਰਟ

ਨਾਗਪੁਰ 21 ਅਕਤੂਬਰ। 4 ਵਿਅਕਤੀਆਂ ਵਿਰੁੱਧ ਇਕ ਜੋੜੇ 'ਤੇ ਈਸਾਈ ਧਰਮ ਅਪਣਾਉਣ ਲਈ ਦਬਾਅ ਪਾਉਣ ਦੇ ਦੋਸ਼ ਹੇਠ ਦਰਜ ਇਕ ਕੇਸ ਨੂੰ ਬੰਬੇ ਹਾਈ ਕੋਰਟ ਨੇ ਰੱਦ ਕਰ ਦਿੱਤਾ। ਇਸ ਸਬੰਧ ਵਿਚ ਕੋਰਟ ਨੇ ਕਿਹਾ ਕਿ ਕਿਸੇ 'ਤੇ ਧਰਮ ਤਬਦੀਲ ਕਰਨ ਲਈ ਦਬਾਅ ਪਾਉਣਾ ਉਸ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੇ ਬਰਾਬਰ ਨਹੀਂ ਹੈ। ਹਾਈ ਕੋਰਟ ਦੇ ਨਾਗਪੁਰ ਬੈਂਚ ਦੇ ਜਸਟਿਸ ਐੱਮ. ਡਬਲਿਊ. ਚਾਂਦਵਾਨੀ ਨੇ ਕਿਹਾ ਕਿ ਮੁਲਜ਼ਮ ਆਪਣੇ ਧਰਮ ਦਾ ਪ੍ਰਚਾਰ ਕਰ ਰਹੇ ਸਨ ਪਰ ਉਨ੍ਹਾਂ



ਦੇਸ਼ ਦੇ ਕਿਸੇ ਵੀ ਵਰਗ ਦੇ ਨਾਗਰਿਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਨਹੀਂ ਪਹੁੰਚਾਈ। ਇਸਤਗਾਸਾ ਪੱਖ ਨੇ ਦਾਅਵਾ ਕੀਤਾ ਕਿ ਸ਼ਿਕਾਇਤਕਰਤਾ ਤੇ ਉਸ ਦੀ ਪਤਨੀ ਨਾਲ ਵਾਅਦਾ ਕੀਤਾ ਗਿਆ ਸੀ ਕਿ ਜੇ ਉਹ ਈਸਾਈ ਧਰਮ ਅਪਣਾਉਂਦੇ ਹਨ ਤਾਂ ਉਨ੍ਹਾਂ ਨੂੰ ਹਰ ਮਹੀਨੇ ਪੈਸੇ ਮਿਲਣਗੇ, ਉਨ੍ਹਾਂ ਦੇ ਬੱਚਿਆਂ ਦੀ ਸਿੱਖਿਆ ਦਾ ਖਰਚਾ ਪੂਰਾ ਕੀਤਾ ਜਾਵੇਗਾ ਤੇ ਉਨ੍ਹਾਂ ਲਈ ਇਕ ਘਰ ਵੀ ਬਣਾਇਆ ਜਾਵੇਗਾ। ਮੁਲਜ਼ਮਾਂ ਨੇ ਕਿਹਾ ਕਿ ਉਨ੍ਹਾਂ ਦਾ ਇਰਾਦਾ ਭਾਰਤ 'ਚ ਕਿਸੇ ਵੀ ਵਰਗ ਦੇ ਨਾਗਰਿਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣਾ ਨਹੀਂ ਸੀ। ਉਨ੍ਹਾਂ ਕਿਸੇ ਵੀ ਧਰਮ ਦਾ ਅਪਮਾਨ ਨਹੀਂ ਕੀਤਾ ਸੀ। ਹਾਈ ਕੋਰਟ ਨੇ ਕਿਹਾ ਕਿ ਮੁਲਜ਼ਮ ਸਿਰਫ਼ ਆਪਣੇ ਧਰਮ ਦਾ ਪ੍ਰਚਾਰ ਕਰ ਰਹੇ ਸਨ। ਇਸ ਦਾ ਮਤਲਬ ਇਹ ਨਹੀਂ ਹੈ ਕਿ ਅਜਿਹਾ ਕਰ ਕੇ ਉਨ੍ਹਾਂ ਕਿਸੇ ਵੀ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ। ਅਦਾਲਤ ਨੇ ਆਪਣੇ ਹੁਕਮ 'ਚ ਕਿਹਾ ਕਿ ਮੁਲਜ਼ਮ 'ਤੇ ਵੱਧ ਤੋਂ ਵੱਧ ਸ਼ਿਕਾਇਤਕਰਤਾ ਤੇ ਉਸ ਦੀ ਪਤਨੀ ਨੂੰ ਹਿੰਦੂ ਧਰਮ ਤੋਂ ਈਸਾਈ ਧਰਮ ਅਪਣਾਉਣ ਲਈ ਦਬਾਅ ਪਾਉਣ ਦਾ ਦੋਸ਼ ਲਾਇਆ ਜਾ ਸਕਦਾ ਹੈ ਪਰ ਇਸ ਨਾਲ ਉਨ੍ਹਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਕੋਈ ਠੇਸ ਨਹੀਂ ਪਹੁੰਚੀ ਸੀ।

# ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਸਿੱਖ ਨੌਜਵਾਨ ਪਰਵਿੰਦਰ ਸਿੰਘ ਦਾ ਕਤਲ ਮੰਦਭਾਗਾ: ਐਡਵੋਕੇਟ ਧਾਮੀ

ਅੰਮ੍ਰਿਤਸਰ 21 ਅਕਤੂਬਰ। ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਸਿੱਖ ਨੌਜਵਾਨ ਪਰਵਿੰਦਰ ਸਿੰਘ ਦੇ ਕਤਲ ਦੀ ਮੰਦਭਾਗੀ ਘਟਨਾ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸ਼?ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਯਤਨਸ਼ੀਲ ਨੌਜਵਾਨ ਦਾ ਇਸ ਤਰ੍ਹਾਂ ਕਤਲ ਹੋਣਾ ਬੇਹੱਦ ਦੁਖਦਾਈ ਅਤੇ ਚਿੰਤਾਜਨਕ ਹੈ। ਇਹ ਘਟਨਾ ਸਮਾਜ ਅੰਦਰ ਨਸ਼ਿਆਂ ਦੇ ਵਧ ਰਹੇ ਮਾੜੇ ਪ੍ਰਭਾਵਾਂ ਅਤੇ ਇਸ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ ਨੂੰ ਲੈ ਕੇ ਗੰਭੀਰ ਚਿੰਤਾ ਪੈਦਾ ਕਰਦੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਨਸ਼ਿਆਂ ਨੇ ਪੰਜਾਬ ਦੀ ਜਵਾਨੀ ਨੂੰ ਵੱਡਾ ਨੁਕਸਾਨ ਪਹੁੰਚਾਇਆ ਹੈ। ਪੰਜਾਬ ਗੁਰੂਆਂ ਦੀ ਧਰਤੀ ਹੈ, ਜਿਥੇ ਗੁਰੂ ਸਾਹਿਬਾਨ ਨੇ ਨਸ਼ਿਆਂ ਤੋਂ ਦੂਰ ਰਹਿਣ ਦੀ ਪ੍ਰੇਰਨਾ ਕੀਤੀ। ਉਨ੍ਹਾਂ ਕਿਹਾ ਕਿ ਵੱਡੀ ਚਿੰਤਾ ਵਾਲੀ ਗੱਲ ਹੈ ਕਿ ਪੰਜਾਬ ਦੀ ਧਰਤੀ ਤੇ ਨਸ਼ਿਆਂ ਵਿਰੁੱਧ ਅਵਾਜ਼ ਉਠਾਉਣ ਵਾਲਿਆਂ ਨੂੰ ਸ਼ਰੇਆਮ ਮਾਰਨ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਪਰਵਿੰਦਰ ਸਿੰਘ ਦੇ ਕਤਲ ਦੇ ਮਾਮਲੇ ਵਿੱਚ ਜਵਾਬਦੇਹੀ ਤੈਅ ਕਰੇ, ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਏ ਅਤੇ ਨਸ਼ਿਆਂ ਵਿਰੁੱਧ ਸੰਘਰਸ਼ ਕਰਨ ਵਾਲੇ ਲੋਕਾਂ ਦਾ ਭਰੋਸਾ ਬਹਾਲ ਕਰਨ ਲਈ ਠੋਸ ਕਦਮ ਚੁੱਕੇ। ਐਡਵੋਕੇਟ ਧਾਮੀ ਨੇ ਪੰਜਾਬ ਦੇ ਰਾਜਪਾਲ ਨੂੰ ਵੀ ਅਪੀਲ ਕੀਤੀ ਕਿ ਉਹ ਦਿਨੋਂ ਦਿਨ ਪੰਜਾਬ ਦੀ ਵਿਗੜ ਰਹੀ ਕਨੂੰਨ ਵਿਵਸਥਾ ਬਾਰੇ ਸਰਕਾਰ ਦੀ ਜਵਾਬਦੇਹੀ ਤੈਅ ਕਰਨ। ਉਨ੍ਹਾਂ ਕਿਹਾ



ਕਿ ਪੰਜਾਬ ਦੀ ਜਵਾਨੀ ਨੂੰ ਬਚਾਉਣਾ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਹਰ ਵਿਅਕਤੀ ਇਸ ਲਈ ਯਤਨਸ਼ੀਲ ਹੋਵੇ। ਐਡਵੋਕੇਟ ਧਾਮੀ ਨੇ ਇਸ ਦੁੱਖ ਦੀ ਘੜੀ ਪਰਵਿੰਦਰ ਸਿੰਘ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਰਤਾ ਪੁਰਖੁ ਅਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਚਰਨਾਂ ਵਿਚ ਨਿਵਾਸ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

# ਟਾਇਲਟ ਦੀ ਗ਼ਲਤ ਦਿਸ਼ਾ ਬਣ ਸਕਦੀ ਹੈ ਪਰੇਸ਼ਾਨੀਆਂ ਦਾ ਕਾਰਨ, ਬਿਨਾਂ ਭੰਨਤੋੜ ਅਪਣਾਓ ਇਹ 5 ਆਸਾਨ ਵਾਸਤੂ ਟਿਪਸ

ਕੌਮੀ ਪਤ੍ਰਿਕਾ

ਨਵੀਂ ਦਿੱਲੀ 21 ਅਕਤੂਬਰ। ਜੇਕਰ ਘਰ ਵਿੱਚ ਟਾਇਲਟ ਦਾ ਨਿਰਮਾਣ ਗ਼ਲਤ ਦਿਸ਼ਾ ਵਿੱਚ ਹੋ ਗਿਆ ਹੈ, ਤਾਂ ਵਾਸਤੂ ਸ਼ਾਸਤਰ ਅਨੁਸਾਰ ਇਸ ਨਾਲ ਵਾਸਤੂ ਦੋਸ਼ ਲੱਗ ਸਕਦਾ ਹੈ। ਵਾਸਤੂ ਸ਼ਾਸਤਰ ਵਿੱਚ ਘਰ ਦੀਆਂ ਦਿਸ਼ਾਵਾਂ ਅਤੇ ਉਨ੍ਹਾਂ ਵਿੱਚ ਬਣੀਆਂ ਥਾਵਾਂ ਨੂੰ ਵਿਸ਼ੇਸ਼ ਮਹੱਤਵ ਦਿੱਤਾ ਜਾਂਦਾ ਹੈ। ਮੰਨਿਆ ਜਾਂਦਾ ਹੈ ਕਿ ਈਸ਼ਾਨ ਕੋਣ, ਯਾਨੀ ਉੱਤਰ-ਪੂਰਬ ਦਿਸ਼ਾ ਵਿੱਚ ਟਾਇਲਟ ਹੋਣ ਨਾਲ ਵਾਸਤੂ ਦੋਸ਼ ਪੈਦਾ ਹੁੰਦਾ ਹੈ। ਹਾਲਾਂਕਿ, ਹਰ ਵਾਰ ਟਾਇਲਟ ਨੂੰ ਤੋੜ ਕੇ ਦੁਬਾਰਾ ਬਣਵਾਉਣਾ ਸੰਭਵ ਨਹੀਂ ਹੁੰਦਾ। ਅਜਿਹੀ ਸਥਿਤੀ ਵਿੱਚ ਕੁਝ ਆਸਾਨ ਉਪਾਅ ਅਪਣਾ ਕੇ ਬਿਨਾਂ ਜ਼ਿਆਦਾ ਖ਼ਰਚ ਕੀਤੇ ਟਾਇਲਟ ਦੀ ਵਿਵਸਥਾ ਨੂੰ ਬਿਹਤਰ ਬਣਾਇਆ ਜਾ ਸਕਦਾ ਹੈ। ਆਓ ਜਾਣਦੇ ਹਾਂ ਅਜਿਹੇ ਹੀ 5 ਵਾਸਤੂ ਟਿਪਸ, ਜਿਨ੍ਹਾਂ ਨੂੰ ਤੁਸੀਂ ਆਸਾਨੀ ਨਾਲ ਅਪਣਾ ਸਕਦੇ ਹੋ। ਵਾਸਤੂ ਸ਼ਾਸਤਰ ਵਿੱਚ ਸਮੁੰਦਰੀ ਨਮਕ, ਯਾਨੀ ਸੀ-ਸਾਲਟ ਨੂੰ ਨਕਾਰਾਤਮਕ ਊਰਜਾ ਘਟਾਉਣ ਦਾ ਇੱਕ ਚੰਗਾ ਆਪਸ਼ਨ ਮੰਨਿਆ ਜਾਂਦਾ ਹੈ। ਮੰਨਿਆ ਜਾਂਦਾ ਹੈ ਕਿ ਗ਼ਲਤ ਦਿਸ਼ਾ ਵਿੱਚ ਬਣੇ ਟਾਇਲਟ ਦੇ ਕਿਸੇ ਕੋਨੇ ਵਿੱਚ ਇੱਕ ਛੋਟੀ ਕਟੋਰੀ ਵਿੱਚ ਸੀ-ਸਾਲਟ ਰੱਖਿਆ ਜਾ ਸਕਦਾ ਹੈ। ਅਜਿਹਾ ਕਰਨ ਨਾਲ ਟਾਇਲਟ ਦੇ ਵਾਸਤੂ ਦੋਸ਼ ਦੇ ਪ੍ਰਭਾਵ ਨੂੰ ਘਟਾਇਆ ਜਾ ਸਕਦਾ ਹੈ। ਹਾਂ, ਇਸ ਗੱਲ ਦਾ ਧਿਆਨ ਰੱਖਣਾ ਹੋਵੇਗਾ ਕਿ ਨਮਕ ਹਰ ਹਫ਼ਤੇ ਬਦਲਿਆ ਜਾਵੇ ਅਤੇ ਪੁਰਾਣੇ ਨਮਕ ਦੀ ਦੁਬਾਰਾ ਵਰਤੋਂ ਨਾ ਕੀਤੀ ਜਾਵੇ। ਕਈ ਘਰਾਂ ਵਿੱਚ ਲੋਕਾਂ ਦੀ ਆਦਤ ਹੁੰਦੀ ਹੈ ਕਿ ਟਾਇਲਟ ਦੀ ਵਰਤੋਂ ਕਰਨ ਤੋਂ ਬਾਅਦ ਉਹ ਇਸ ਦਾ ਦਰਵਾਜ਼ਾ ਖੁੱਲ੍ਹਾ ਛੱਡ ਦਿੰਦੇ ਹਨ। ਜਦਕਿ ਟਾਇਲਟ ਦਾ ਦਰਵਾਜ਼ਾ ਹਮੇਸ਼ਾ ਬੰਦ ਰੱਖਣਾ ਚਾਹੀਦਾ ਹੈ। ਵਾਸਤੂ ਸ਼ਾਸਤਰ ਅਨੁਸਾਰ, ਟਾਇਲਟ ਉਹ ਥਾਂ ਹੁੰਦੀ ਹੈ ਜਿੱਥੇ ਸਭ ਤੋਂ ਵੱਧ ਨਕਾਰਾਤਮਕ ਊਰਜਾ ਦਾ ਵਾਸ ਮੰਨਿਆ ਜਾਂਦਾ ਹੈ। ਅਜਿਹੇ ਵਿੱਚ ਟਾਇਲਟ ਦੀ ਵਰਤੋਂ ਕਰਨ ਤੋਂ ਬਾਅਦ ਦਰਵਾਜ਼ਾ ਬੰਦ ਰੱਖਣ ਦੀ ਆਦਤ ਪਾਓ। ਇਸ ਤੋਂ ਇਲਾਵਾ, ਟਾਇਲਟ ਦੀ ਸਾਫ਼-ਸਫ਼ਾਈ ਵੱਲ ਵੀ ਪੂਰਾ ਧਿਆਨ ਦੇਣਾ ਚਾਹੀਦਾ ਹੈ। ਟਾਇਲਟ ਦੀ ਹਲਕੀ-ਫੁਲਕੀ ਸਫ਼ਾਈ ਤਾਂ ਰੋਜ਼ਾਨਾ ਕਰਨੀ ਹੀ ਚਾਹੀਦੀ ਹੈ, ਪਰ ਹਫ਼ਤੇ ਵਿੱਚ ਇੱਕ ਵਾਰ ਇਸ ਦੀ ਚੰਗੀ ਤਰ੍ਹਾਂ ਡੂੰਘੀ ਸਫ਼ਾਈ ਵੀ ਕਰਨੀ ਚਾਹੀਦੀ ਹੈ। ਵਾਸਤੂ ਅਨੁਸਾਰ, ਗ਼ਲਤ ਦਿਸ਼ਾ ਵਿੱਚ ਬਣੇ ਟਾਇਲਟ ਦੇ ਦਰਵਾਜ਼ੇ ਦੇ ਬਾਹਰ ਸ਼ੀਸ਼ਾ ਲਗਾਉਣ ਨਾਲ ਵਾਸਤੂ ਦੋਸ਼ ਦਾ ਪ੍ਰਭਾਵ ਘੱਟ ਹੋ ਜਾਂਦਾ ਹੈ। ਇਸ ਲਈ ਟਾਇਲਟ ਦੇ ਦਰਵਾਜ਼ੇ ਦੇ ਸਾਹਮਣੇ ਵਾਲੀ ਕੰਧ 'ਤੇ ਇੱਕ ਛੋਟਾ ਸ਼ੀਸ਼ਾ ਲਗਾਇਆ ਜਾ ਸਕਦਾ ਹੈ। ਇਸ ਗੱਲ ਦਾ ਧਿਆਨ ਰੱਖੋ ਕਿ ਬਾਥਰੂਮ ਦੇ ਬਾਹਰ ਲੱਗੇ ਸ਼ੀਸ਼ੇ ਦੀ ਨਿਯਮਿਤ ਤੌਰ 'ਤੇ ਸਫ਼ਾਈ ਕੀਤੀ ਜਾਵੇ। ਇਸ ਵਾਸਤੂ ਉਪਾਅ ਬਾਰੇ ਬਹੁਤ ਘੱਟ ਲੋਕਾਂ ਨੂੰ ਜਾਣਕਾਰੀ ਹੋਵੇਗੀ। ਵਾਸਤੂ ਸ਼ਾਸਤਰ ਵਿੱਚ ਵੱਖ-ਵੱਖ ਦਿਸ਼ਾਵਾਂ ਲਈ ਵੱਖ-ਵੱਖ ਰੰਗਾਂ ਨੂੰ ਸ਼ੁਭ ਮੰਨਿਆ ਜਾਂਦਾ ਹੈ। ਮਾਨਤਾ ਹੈ ਕਿ ਟਾਇਲਟ ਦੀ ਦਿਸ਼ਾ ਦੇ ਹਿਸਾਬ ਨਾਲ ਰੰਗਦਾਰ ਟੇਪ ਦੀ ਵਰਤੋਂ ਕਰਨੀ ਚਾਹੀਦੀ ਹੈ। ਜੇਕਰ ਤੁਹਾਡੇ ਘਰ ਵਿੱਚ ਟਾਇਲਟ ਗ਼ਲਤ ਦਿਸ਼ਾ ਵਿੱਚ ਹੈ, ਤਾਂ ਜਿਸ ਦਿਸ਼ਾ ਵਿੱਚ ਇਹ ਬਣਿਆ ਹੋਇਆ ਹੈ, ਉਸ ਦਿਸ਼ਾ ਨਾਲ ਸਬੰਧਤ ਰੰਗ ਦੀ ਟੇਪ ਟਾਇਲਟ ਸੀਟ ਦੇ ਹੇਠਾਂ ਕਿਨਾਰਿਆਂ 'ਤੇ ਲਗਾ ਦਿਓ। ਵਾਸਤੂ ਅਨੁਸਾਰ, ਟਾਇਲਟ ਵਿੱਚ ਸਾਫ਼-ਸਫ਼ਾਈ ਦੇ ਨਾਲ-ਨਾਲ ਰੌਸ਼ਨੀ ਦਾ ਵੀ ਪੂਰਾ ਧਿਆਨ ਰੱਖਣਾ ਚਾਹੀਦਾ ਹੈ। ਮਾਨਤਾ ਹੈ ਕਿ ਹਨੇਰੇ ਜਾਂ ਘੱਟ ਰੌਸ਼ਨੀ ਵਾਲੇ ਬਾਥਰੂਮ ਵਿੱਚ ਹਮੇਸ਼ਾ ਨਕਾਰਾਤਮਕ ਊਰਜਾ ਦਾ ਵਾਸ ਰਹਿੰਦਾ ਹੈ। ਰੌਸ਼ਨੀ ਦੇ ਨਾਲ-ਨਾਲ ਬਾਥਰੂਮ ਵਿੱਚ ਹਵਾਦਾਰੀ ਦਾ ਵੀ ਸਹੀ ਪ੍ਰਬੰਧ ਹੋਣਾ ਚਾਹੀਦਾ ਹੈ। ਇਸ ਗੱਲ ਦਾ ਵੀ ਧਿਆਨ ਰੱਖੋ ਕਿ ਬਾਥਰੂਮ ਸੁੱਕਾ ਹੋਵੇ ਅਤੇ ਉਸ ਵਿੱਚੋਂ ਬਦਬੂ ਨਾ ਆਉਂਦੀ ਹੋਵੇ। ਇਸ ਲਈ, ਜੇਕਰ ਤੁਹਾਡਾ ਬਾਥਰੂਮ ਗ਼ਲਤ ਦਿਸ਼ਾ ਵਿੱਚ ਬਣਿਆ ਹੋਇਆ ਹੈ ਅਤੇ ਇਸ ਕਾਰਨ ਘਰ ਵਿੱਚ ਵਾਸਤੂ ਦੋਸ਼ ਲੱਗ ਰਿਹਾ ਹੈ, ਤਾਂ ਇਸ ਦੇ ਪ੍ਰਭਾਵ ਨੂੰ ਘਟਾਉਣ ਲਈ ਤੁਸੀਂ ਉੱਪਰ ਦੱਸੇ ਗਏ ਵਾਸਤੂ ਟਿਪਸ ਅਪਣਾ ਸਕਦੇ ਹੋ।

## ਰਾਜਸਥਾਨ 'ਚ ਮੂੰਗਫਲੀ ਦੇ 15 'ਚੋਂ 14 ਬੀਜ ਸੈਂਪਲ ਫੇਲ੍ਹ !

ਜੈਪੁਰ 21 ਅਕਤੂਬਰ। ਰਾਜਸਥਾਨ 'ਚ ਅਚਾਨਕ ਨਿਰੀਖਣ ਦੌਰਾਨ ਲਏ ਗਏ 15 ਮੂੰਗਫਲੀ ਦੇ ਬੀਜਾਂ ਦੇ ਨਮੂਨਿਆਂ ਵਿੱਚੋਂ 14 ਨਿਰਧਾਰਤ ਜੈਨੇਟਿਕ ਸ਼ੁੱਧਤਾ ਮਾਪਦੰਡਾਂ ਨੂੰ ਪੂਰਾ ਨਹੀਂ ਕਰਦੇ ਸਨ। ਖੇਤੀਬਾੜੀ ਮੰਤਰੀ ਕਿਰੋੜੀ ਲਾਲ ਮੀਣਾ ਨੇ ਇਹ ਜਾਣਕਾਰੀ ਦਿੱਤੀ। ਮੀਣਾ ਨੇ ਸਬੰਧਤ ਕੰਪਨੀਆਂ ਵਿਰੁੱਧ ਐਫਆਈਆਰ ਦਰਜ ਕਰਨ ਅਤੇ ਉਨ੍ਹਾਂ ਦੇ ਲਾਇਸੈਂਸ ਰੱਦ ਕਰਨ ਦੇ ਹੁਕਮ ਦਿੱਤੇ ਹਨ। ਇੱਕ ਸਰਕਾਰੀ ਬਿਆਨ ਦੇ ਅਨੁਸਾਰ, ਕੁਝ ਵਪਾਰੀਆਂ ਵੱਲੋਂ ਬਾਜ਼ਾਰ ਤੋਂ ਅਨਾਜ ਖਰੀਦਣ ਅਤੇ ਉਨ੍ਹਾਂ ਨੂੰ ਆਕਰਸ਼ਕ ਪੈਕੇਜਿੰਗ ਵਿੱਚ ਬੀਜਾਂ ਵਜੋਂ ਵੇਚਣ ਦੀਆਂ ਸ਼ਿਕਾਇਤਾਂ ਤੋਂ ਬਾਅਦ ਗੋਵਿੰਦਗੜ੍ਹ, ਸੀਕਰ, ਜੈਪੁਰ, ਸੁਜਾਨਗੜ੍ਹ, ਚੁਰੂ ਅਤੇ ਬੀਕਾਨੇਰ ਵਿੱਚ ਅਚਾਨਕ ਨਿਰੀਖਣ ਕੀਤੇ ਗਏ। ਮੀਣਾ ਨੇ ਕਿਹਾ ਕਿ ਚਾਰ ਮੈਂਬਰੀ ਮਾਹਰ ਟੀਮ ਦੁਆਰਾ 'ਗ੍ਰੋ-ਆਉਟ ਟੈਸਟ' ਦੁਆਰਾ ਪੰਜ ਮੂੰਗਫਲੀ ਕਿਸਮਾਂ ਦੇ 15 ਨਮੂਨਿਆਂ ਦੀ ਜਾਂਚ ਕੀਤੀ ਗਈ ਸੀ